ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7l

awazeqaumtvpunjab@gmail.com

ਵੀਰਵਾਰ, 4 ਜੂਨ 2026 (ਨਾਨਕਸ਼ਾਹੀ ਸੰਮਤ : ੫੫੮, ੨੧ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

## ਨਹੀਂਓਂ ਭੁੱਲਣਾ

# ਜੂਨ 84

**ਜਿਉਂਦੇ ਲੋਕਾਂ ਨੂੰ ਇਨ੍ਹਾਂ ਲਾਸ਼ਾਂ ਵਿੱਚ ਛੁਪਾ ਕੇ ਫੌਜ ਤੋਂ ਬਚਾ ਕੇ ਲਿਆਂਦਾ ਗਿਆ ਕਿਉਂਕਿ ਫੌਜੀ ਜ਼ਖਮੀਆਂ ਨੂੰ ਜਾਂ ਜਿਉਂਦੇ ਲੋਕਾਂ ਨੂੰ ਗੋਲੀ ਮਾਰ ਦਿੰਦੇ ਸੀ**

**ਇਕ** ਫੌਜੀ ਨੇ ਇਸ ਬੱਚੇ ਨੂੰ ਲੱਤ ਤੋਂ ਫੜਿਆ ਅਤੇ ਮ੍ਰਿਤਕਾਂ ਦੇ ਢੇਰ ਉਤੇ ਸੁੱਟ ਦਿੱਤਾ। ਲਾਸ਼ਾਂ ਟਰਾਲੀਆਂ ਵਿੱਚ ਢੋਈਆਂ ਜਾਂਦੀਆਂ ਰਹੀਆਂ ਇਨ੍ਹਾਂ ਟਰਾਲੀਆਂ ਤੋਂ ਨੀਲੀਆਂ, ਪੀਲੀਆਂ, ਕਾਲੀਆਂ ਪੱਗਾਂ ਲੱਟਕਦੀਆਂ ਹੀ ਜਾਂਦੀਆਂ ਸਨ। ਇਥੇ ਵਰਣਨਯੋਗ ਹੈ ਕਿ ਲੋਕਾਂ ਨੂੰ ਖਾਸ ਕਰਕੇ ਸਿੱਖਾਂ ਨੂੰ ਜਿਹੜੇ ਸ਼ਹਿਰ ਵਿੱਚ ਰਹਿ ਰਹੇ ਸਨ ਅਤੇ ਖਾਸ ਕਰਕੇ ਜਿਹੜੇ ਦਰਬਾਰ ਸਾਹਿਬ ਦੇ ਆਸ-ਪਾਸ ਰਹਿ ਰਹੇ ਸਨ, ਨੂੰ ਇਹ ਲਾਸ਼ਾਂ ਦੇਖਣ ਦੀ ਇਜਾਜ਼ਤ ਨਹੀਂ ਸੀ। ਤਿੰਨ ਨੌਜਵਾਨ ਵੀਰਾਂ ਨੇ ਇਹ ਟਰਾਲੀਆਂ ਦੇਖਣ ਦੀ ਜੁਰਅਤ ਕੀਤੀ ਸੀ। ਪਹਿਲਾ ਤਾਂ ਫੌਜ ਨੇ ਦੂਰੋਂ ਇਨ੍ਹਾਂ 'ਤੇ ਗੋਲੀ ਚਲਾਈ ਜੋ ਕਿ ਰਸਤੇ 'ਚੇ ਨਿਗਾਹ ਰੱਖ ਰਹੇ ਸਨ, ਫਿਰ ਇਨ੍ਹਾਂ ਨੂੰ ਫੜ੍ਹਨ ਲਈ ਕਿਹਾ ਗਿਆ। ਇਨ੍ਹਾਂ ਵਿੱਚੋਂ ਦੋ ਨੌਜਵਾਨ ਤਾਂ ਭੱਜ ਗਏ ਪਰ ਇਕ ਨੌਜਵਾਨ ਦੇ ਹੱਥ ਆ ਜਾਣ ਕਾਰਨ ਉਸਦੀਆਂ ਲੱਤਾਂ ਤੋੜ ਦਿੱਤੀਆਂ ਗਈਆਂ। ਰਸਤੇ ਵਿੱਚ ਕਿਤੇ ਕੋਈ ਵੀ ਇਨ੍ਹਾਂ ਲਾਸ਼ਾਂ ਨੂੰ ਵੇਖ ਨਹੀਂ ਸੀ ਸਕਦਾ। ਸਟਾਲਿਨਵਾਦੀ ਨੀਤੀਆਂ ਜਿਹੜੀਆਂ ਲੋਕਾਂ ਨੂੰ ਡਰਾਉਣ ਲਈ ਵਰਤੀਆਂ ਗਈਆਂ ਇਥੇ ਸਾਖਿਆਤ ਵੇਖੀਆਂ। ਲਾਸ਼ਾਂ ਦਾ ਸਸਕਾਰ ਰਾਮਸਰ ਸਾਹਿਬ ਦੇ ਸਾਹਮਣੇ ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਦੇ ਨੇੜੇ ਸ਼ਮਸ਼ਾਨ ਘਾਟ ਚਾਟੀਵਿੰਡ ਗੇਟ ਵਿਖੇ ਕੀਤਾ ਗਿਆ। ਇਥੇ ਵਰਣਨਯੋਗ ਹੈ ਕਿ ਲਾਸ਼ਾਂ ਦਾ ਸਸਕਾਰ ਬਿਨਾ ਸਿੱਖ ਧਾਰਮਿਕ ਰਹੁਰੀਤੀਆਂ ਤੋਂ ਕੀਤਾ ਗਿਆ। ਇਸ ਕਰਕੇ ਅਸੀਂ ਇਨ੍ਹਾਂ ਲਸਈ ਜਲਾਇਆ ਸ਼ਬਦ ਵਰਤ ਸਕਦੇ ਹਾਂ। ਸ਼ਮਸ਼ਾਨਘਾਟ ਵਿੱਚ ਤਿੰਨ ਸੌ ਤੋਂ ਚਾਰ ਸੌ ਆਦਮੀਆਂ ਜਿਨ੍ਹਾਂ ਵਿੱਚ ਬੱਚੇ, ਬੀਬੀਆਂ, ਬੁੱਢੇ ਜਵਾਨ ਹੁੰਦੇ ਸਨ ਇਕੋ ਵਾਰੀ ਲਕੜਾਂ 'ਤੇ ਪਾ ਕੇ ਮਿੱਟੀ ਦਾ ਤੇਲ ਜਾਂ ਪੈਟਰੋਲ ਜੋ ਪਹਿਲਾ ਹੀ ਇਨ੍ਹਾਂ ਲਕੜੀਆਂ ਉਥੇ ਛਿੜਕਿਆ ਹੁੰਦਾ ਸੀ ਅੱਗ ਲਾ ਦਿੱਤੀ ਜਾਂਦੀ ਸੀ। ਇਨ੍ਹਾਂ ਦੀ ਮੁਸ਼ਕ ਦੂਰ ਤਕ ਜਾਂਦੀ ਸੀ।

ਇਹ ਉਹ ਸ਼ਮਸ਼ਾਨਘਾਟ ਹੈ ਜਿਥੇ 6000 ਤੋਂ ਵੱਧ ਲੋਕਾਂ ਦਾ ਸਸਕਾਰ ਕੀਤਾ ਗਿਆ ਤਕਰੀਬਨ 7 ਦਿਨ ਤੱਕ ਇਹ ਕਰਮ ਜਾਰੀ ਰਿਹਾ। ਸਭ ਤੋਂ ਪਹਿਲਾ ਸਸਕਾਰ ਸੰਤ ਜਰਨੈਲ ਸਿੰਘ ਖਾਲਸਾ ਜੀ ਦਾ ਕੀਤਾ ਗਿਆ। ਇਨ੍ਹਾਂ ਲਾਸ਼ਾਂ ਦੇ ਢੋਆ-ਢੁਆਈ ਵਿੱਚ ਕਈ ਗੱਲਾਂ ਸਾਹਮਣੇ ਆਈਆਂ ਜਿਵੇਂ ਕਿ ਜਿਉਂਦੇ ਲੋਕਾਂ ਨੂੰ ਇਨ੍ਹਾਂ ਲਾਸ਼ਾਂ ਵਿੱਚ ਛੁਪਾ ਕੇ ਫੌਜ ਤੋਂ ਬਚਾ ਕੇ ਲਿਆਂਦਾ ਗਿਆ ਕਿਉਂਕਿ ਫੌਜੀ ਜ਼ਖਮੀਆਂ ਨੂੰ ਜਾਂ ਜਿਉਂਦੇ ਲੋਕਾਂ ਨੂੰ ਗੋਲੀ ਮਾਰ ਦਿੰਦੇ ਸੀ।

ਸੰਤ ਜਰਨੈਲ ਸਿੰਘ ਹੁਰਾਂ ਦੇ ਸਰੀਰ 'ਤੇ ਚੋਲਾ ਕਛਹਿਰਾ ਤੇ ਕੇਸਕੀ ਸੀ। ਇਨ੍ਹਾਂ ਦੇ ਗਲ ਵਿੱਚ ਰਿਵਾਲਵਰ ਸੀ ਜਦੋਂ ਸੰਤਾਂ ਦੇ ਤੀਰ ਬਾਰੇ ਪੁੱਛਿਆ ਗਿਆ ਤਾਂ ਉਸ ਅਧਿਕਾਰੀ ਨੇ ਕਿਹਾ ਕਿ ਤੀਰ ਇਕ ਫੌਜੀ ਅਫਸਰ ਦੇ ਹੱਥ ਵਿੱਚ ਸੀ। ਬਾਬਾ ਅਟਲ ਦੀ ਚਾਰਦੀਵਾਰੀ ਵਿਚ ਬਹੁਤ ਜ਼ਿਆਦਾ ਗਿਣਤੀ ਵਿੱਚ ਲਾਸ਼ਾਂ ਸਨ। ਜਿਨ੍ਹਾਂ ਨੂੰ ਗ੍ਰਿਫਤਾਰ ਕੀਤਾ ਜਾਂਦਾ ਸੀ ਫੌਜੀ ਉਨ੍ਹਾਂ ਨਾਲ ਬਹੁਤ ਮਾੜਾ ਸਲੂਕ ਕਰਦੇ ਸਨ। ਇਨ੍ਹਾਂ ਨੂੰ ਪੀਣ ਲਈ ਪਾਣੀ ਤੱਕ ਨਹੀਂ ਸੀ ਦਿੱਤਾ ਜਾਂਦਾ। ਇਨ੍ਹਾਂ ਦੇ ਹੱਥ ਪਿੱਛੋਂ ਇਨ੍ਹਾਂ ਦੀਆਂ ਪਗੜੀਆਂ ਨਾਲ ਹੀ ਬੰਨ੍ਹੇ ਹੁੰਦੇ ਸਨ। ਇਨ੍ਹਾਂ ਵਿੱਚੋਂ ਜ਼ਿਆਦਾਤਰ ਲੋਕਾਂ ਨੂੰ ਮਿਲਟਰੀ ਕੰਟੋਨਮੈਂਟ ਵਿੱਚ ਸੈਂਟਰਲ ਸਕੂਲ ਅਤੇ ਅਸਲੇ ਖਾਨੇ ਦੇ ਕਮਰਿਆਂ ਵਿੱਚ ਸੈਂਟਰਲ ਸਕੂਲ ਅਤੇ ਅਸਲੇ ਖਾਨੇ ਦੇ ਕਮਰਿਆਂ ਵਿੱਚ ਗ੍ਰਿਫਤਾਰ ਕਰਕੇ ਰਖਿਆ ਗਿਆ। ਇਹ ਕਮਰੇ ਬਹੁਤ ਛੋਟੇ ਸਨ ਇਨ੍ਹਾਂ ਵਿੱਚ ਇਨ੍ਹਾਂ ਲੋਕਾਂ ਨੂੰ ਭੇਡਾਂ ਬੱਕਰੀਆਂ ਵਾਂਗ ਡੱਕ ਦਿੱਤਾ ਜਾਂਦਾ ਸੀ। ਜੂਨ ਦੀ ਧੁੱਪ ਵਿੱਚ ਇਨ੍ਹਾਂ ਲੋਕਾਂ ਨੂੰ ਕਈ ਘੰਟਿਆਂ ਤੱਕ ਬਾਹਰ ਗਰਾਉਂਡ ਵਿੱਚ ਖੜ੍ਹੇ ਰੱਖਿਆ ਜਾਂਦਾ ਸੀ ਖਾਣ ਨੂੰ ਕੁਝ ਨਹੀਂ ਸੀ ਦਿੱਤਾ ਜਾਂਦਾ। ਇਨ੍ਹਾਂ ਵਿੱਚੋਂ ਜ਼ਿਆਦਾਤਰ ਲੋਕ ਇਥੇ ਹੀ ਮਾਰੇ ਗਏ ਸਨ। ਆਖਿਰਕਾਰ ਇਕ ਸਿੱਖ ਫੌਜੀ ਅਫਸਰ ਨੇ ਆ ਕੇ ਪਹਿਲਾ ਇਨ੍ਹਾਂ ਲਈ ਪਾਣੀ ਦਾ ਪ੍ਰਬੰਧ ਕੀਤਾ ਫਿਰ ਮਾੜਾ ਮੋਟਾ ਕੁਝ ਖਾਣ ਨੂੰ ਦਿੱਤਾ। ਅਧਿਕਾਰੀ ਨੇ ਕਿਹਾ ਕਿ ਕਰਫਿਊ ਸਿਰਫ਼ ਸਿੱਖਾਂ ਲਈ ਸੀ ਹਿੰਦੂਆਂ ਲਈ ਪੂਰੀ ਖੁੱਲ ਸੀ। ਇਹ ਲੋਕ ਖੁੱਲੇਆਮ ਬਜ਼ਾਰਾਂ ਵਿੱਚ ਤਾਸ਼ ਖੇਡ ਰਹੇ ਸਨ। ਸਾਨੂੰ ਆਪਣੇ ਗਲਾਂ ਵਿੱਚ ਪਛਾਣ ਪੱਤਰ ਲਟਕਾ ਕੇ ਰੱਖਣੇ ਪੈਂਦੇ ਸਨ। ਸਾਡੇ ਹਿੰਦੂ ਪੜੋਸੀਆਂ ਦਾ ਵਤੀਰਾ ਬਹੁਤ ਮਾੜਾ ਸੀ ਬਾਵਜੂਦ ਇਸਦੇ ਕਿ ਅਸੀਂ ਕਰਫਿਊ ਵਿੱਚ ਇਨ੍ਹਾਂ ਲੋਕਾਂ ਨੂੰ ਜ਼ਰੂਰੀ ਵਸਤੂਆਂ ਮੁਹਈਆ ਕਰਵਾ ਰਹੇ ਸੀ (ਕਿਉਂਕਿ ਸਾਡੇ ਕੋਲ ਕਰਫਿਊ ਪਾਸ ਸਨ)। ਫੌਜੀ ਅੰਨ੍ਹੇਵਾਹ ਲੁੱਟਮਾਰ ਕਰ ਰਹੇ ਸਨ ਇਨ੍ਹਾਂ ਨੇ ਠੇਕਿਆਂ ਤੋਂ ਤਾਲੇ ਤੋੜ ਕੇ ਸਾਰੀ ਸ਼ਰਾਬ ਲੁੱਟ ਲਈ ਸੀ। ਪਰਕਰਮਾ ਵਿੱਚ ਸ਼ਰਾਬ ਖੁੱਲੇਆਮ ਪੀਤੀ ਜਾ ਰਹੀ ਸੀ। ਜੂਨ 1984 ਵਿੱਚ ਵਾਪਰੇ ਤੀਜੇ ਘੱਲੂਘਾਰੇ ਨੂੰ ਵਾਪਰਿਆ ਅੱਜ ਕਈ ਦਹਾਕੇ ਬੀਤ ਗਏ ਹਨ। ਘੱਲੂਘਾਰੇ ਦੀ ਪੀੜ ਨਾਲ ਜ਼ਖਮੀ ਹੋਏ ਹਜ਼ਾਰਾਂ ਸਿੱਖ ਨੌਜਵਾਨ ਕੌਮ ਦੀ ਹੋਈ ਬਦਲਣ ਲਈ ਆਪਾ ਵਾਰ ਗਏ ਹਨ। ਵੀਹਵੀਂ ਸਦੀ ਦੇ ਆਖਰੀ ਦਹਾਕਿਆਂ ਵਿੱਚ ਕੌਮ ਨੂੰ ਨੇ ਇਕ ਵਾਰ ਫਿਰ ਮੁਗਲੀਆਂ ਸਲਤਨਤ ਦੇ ਆਖਰੀ ਦਹਾਕਿਆਂ ਵਿੱਚ ਕੌਮ ਨੂੰ ਨੇ ਇਕ ਵਾਰ ਫਿਰ ਮੁਗਲੀਆਂ ਸਲਤਨਤ ਦੇ ਜ਼ੁਲਮਾਂ ਨੂੰ ਪਿੰਡੇ 'ਤੇ ਹੰਢਾਇਆ ਹੈ। ਅਣਗਿਣਤ ਸਿੱਖ ਨੌਜਵਾਨ ਗੁੰਮਨਾਮੀ ਦੀ ਜ਼ਿੰਦਗੀ ਵਿੱਚ ਵਿਚਰਦਿਆਂ ਹੋਇਆ ਹੀ ਕੌਮ ਦੀ ਝੋਲੀ ਵਿੱਚ ਮਹਾਨ ਇਤਿਹਾਸਕ ਕਾਰਵਾਈਆਂ ਪਾ ਗਏ ਹਨ। ਖਾਲਸਾਈ ਰਵਾਇਤਾਂ ਦੇ ਇਸ ਵੇਗ ਵਿੱਚ ਅਣਗਿਣਤ ਬਾਪੂਆਂ ਦੀ ਦਾਹੜੀ ਅਤੇ ਪੱਗ ਹਕੂਮਤੀ ਕੇਂਦਰਾਂ ਵਿੱਚ ਰੋਲੀ ਗਈ, ਹਜ਼ਾਰਾਂ ਧੀਆਂ ਅਤੇ ਮਾਵਾਂ ਦੀ ਚੀਕ ਅਜਿਹੇ ਕੇਂਦਰਾਂ ਵਿੱਚ ਦਮ ਤੋੜਦੀ ਰਹੀ। ਸ਼ਹੀਦ ਆਪਣੀ ਜ਼ਿੰਮੇਵਾਰੀ ਨਿਭਾ ਕੇ ਅਗਲੇ ਜਹਾਨ ਵਿੱਚ ਜਾ ਬਿਰਾਜੇ ਹਨ। ਪਿੱਛੇ ਕੌਮ ਦੇ ਮੋਢਿਆਂ ਉਥੇ ਇਕ ਵੱਡੀ ਜ਼ਿੰਮੇਵਾਰੀ ਛੱਡ ਗਏ ਹਨ। ਅੱਜ ਸ਼ਹੀਦ ਨੌਜਵਾਨਾਂ ਦੀਆਂ ਰੂਹਾਂ ਸਾਡੇ ਅੰਗ-ਸੰਗ ਹਨ, ਉਨ੍ਹਾਂ ਦੇ ਸੁਪਨੇ ਉਨ੍ਹਾਂ ਦੀਆਂ ਰੀਝਾਂ, ਉਨ੍ਹਾਂ ਦੀ ਤੜਪ ਕੌਮ ਦੀ ਖਾਮੋਸ਼ੀ ਵਿੱਚ ਬਿਰਾਜਮਾਨ ਹੈ। ਸਿੱਖ ਕੌਮ ਉਸ ਖਾਮੋਸ਼ ਤੜਪ ਦਾ ਇਜ਼ਹਾਰ ਵਕਤ-ਬ-ਵਕਤ ਕਰਦੀ ਰਹਿੰਦੀ ਹੈ। ਪਰ ਫਿਰ ਵੀ ਕੋਈ ਰਾਹ ਸਿਰਾ ਦਿਸਦਾ ਨਜ਼ਰ ਨਹੀਂ ਆਉਂਦਾ। ਜ਼ੁਲਮੋਂ-ਸਿਤਮ ਅਤੇ ਆਰਥਿਕ ਕਸ਼ਟਾਂ ਦੀ ਇਹ ਰਾਤ ਹਾਲੇਂ ਮੁੱਕਦੀ ਪ੍ਰਤੀਤ ਨਹੀਂ ਹੁੰਦੀ। ਜ਼ੁਲਮੋਂ-ਤਸ਼ੱਦਦ ਦੀ ਭੱਠੀ ਵਿੱਚ ਤਪੀ ਕੌਮ ਵਿੱਚ ਤੜਪ ਨੂੰ ਲੈ ਕੇ ਜੀਅ ਰਹੀ ਹੈ। ਖਾੜਕੂ ਸੰਘਰਸ਼ ਦੀਆਂ ਗਲਤੀਆਂ ਵੀ ਇਸ ਕਾਫ਼ਲੇ ਵਿੱਚ ਵਿਚਰੇ ਵੀਰਾਂ ਨੂੰ ਤੰਗ ਕਰ ਰਹੀਆਂ ਹਨ। ਸਿਆਸੀ ਮੁਹਾਜ਼ 'ਚ ਹੋਈ ਅਸਫਲਤਾ ਨੇ ਬਾਜ਼ੀ ਪਲਟ ਦਿੱਤੀ ਹੈ। ਵਰਤਮਾਨ ਸਮੇਂ ਦਾ ਸੱਚ ਇਕ ਬੌਧਿਕ ਅਤੇ ਵਿਚਾਰਧਾਰਕ ਸੰਘਰਸ਼ ਦੀ ਮੰਗ ਕਰਦਾ ਹੈ।

ਅੱਜ ਵੀ ਬਿਪਰਧਾਰਾ ਆਪਣੀ ਲੁਕਵੀਂ ਲੜਾਈ ਦੇ ਸਾਰੇ ਹਥਿਆਰ ਤਿੱਖੇ ਕਰਕੇ ਮੈਦਾਨ ਵਿੱਚ ਨਿੱਤਰੀ ਹੋਈ ਹੈ। ਅੱਜ ਫਿਰ ਦਰਬਾਰ ਸਾਹਿਬ ਅਤੇ ਅਕਾਲ ਤਖ਼ਤ ਸਾਹਿਬ ਬਿਪਰਧਾਰਾ ਦੇ ਪੈਰੋਕਾਰਾਂ ਦੇ ਕਬਜ਼ੇ ਹੇਠ ਹੈ। ਉਹ ਇਸ ਮਹਾਨ ਸਿੱਖ ਕੇਂਦਰ ਨੂੰ ਪੂਜਾ ਪਾਠ ਵਾਲਾ ਇਕ ਸਧਾਰਨ ਜਿਹਾ ਗੁਰਦੁਆਰਾ ਬਣਾ ਦੇਣ ਲਈ ਤਤਪਰ ਹੈ। ਅਜਿਹਾ ਕਰਕੇ ਬਿਪਰਧਾਰਾ ਇਸ ਕੇਂਦਰ ਨੂੰ ਸਿੱਖਾਂ ਲਈ ਆਤਮਕ ਬਲ ਪ੍ਰਦਾਨ ਕਰਨ ਵਾਲੇ ਕੇਂਦਰ ਵਜੋਂ ਖਤਮ ਕਰਨਾ ਚਾਹੁੰਦੀ ਹੈ। ਉਹ ਸ੍ਰੀ ਦਰਬਾਰ ਸਾਹਿਬ ਦੀ ਇਨਕਲਾਬੀ ਸਪਿਰਟ ਨੂੰ ਖਤਮ ਕਰਨ ਦੇ ਵੱਡੇ ਅਤੇ ਸੁਚੇਤ ਯਤਵ ਕਰ ਰਹੀ ਹੈ। ਅਕਾਲ ਤਖ਼ਤ ਦੇ ਜਥੇਦਾਰ ਅਤੇ ਹੋਰ ਧਾਰਮਿਕ ਸਖਸੀਅਤਾਂ ਬਿਪਰਧਾਰਾ ਦੀ ਇਸ ਸਿੱਖ ਵਿਰੋਧੀ ਜੰਗ ਵਿੱਚ ਉਸਦਾ ਸਾਥ ਦੇ ਰਹੇ ਹਨ। ਸਿਰਲੱਥ ਸ਼ਹੀਦਾਂ ਦੀ ਜਥੇਬੰਦੀ ਸ਼ਹੀਦਾਂ ਅਕਾਲੀ ਦਲ ਵੀ ਇਸ ਵੇਲੇ ਪੂਰੀ ਤਰ੍ਹਾਂ ਹਿੰਦੂ ਸ਼ਕਤੀਆਂ ਦੇ ਕਬਜ਼ੇ ਹੇਠ ਹੈ। ਸਿੱਖਾਂ ਨੂੰ ਸਿਆਸੀ ਅਗਵਾਈ ਦੇਣ ਵਾਲੇ ਕੌਮ ਨੂੰ ਰੂਹਾਨੀ ਤੌਰ ਤੇ ਕੰਗਾਲ ਕਰ ਦੇਣ ਦੇ ਯਤਨਾਂ ਨੂੰ ਅੱਗੇ ਵਧਾ ਰਹੇ ਹਨ। ਪੰਥਕ ਵਿਚਾਰਧਾਰਾ ਦੇ ਆਗੂਆਂ ਲਈ ਵਰਤਮਾਨ ਚੁਣੌਤੀ ਸ੍ਰੀ ਦਰਬਾਰ ਸਾਹਿਬ ਅਤੇ ਸ੍ਰੀ ਅਕਾਲ ਤਖਤ ਸਾਹਿਬ ਦੀ ਇਨਕਲਾਬੀ ਸਪਿਰਟ ਨੂੰ ਕਾਇਮ ਰੱਖਣ ਦੀ ਹੈ। ਜੂਨ 1984 ਦੇ ਸ਼ਹੀਦਾਂ ਦਾ ਸਪੱਸ਼ਟ ਸੰਦੇਸ਼ ਹੀ ਇਸ ਸਪਿਰਟ ਨੂੰ ਕਾਇਮ ਰੱਖਣ ਦਾ ਹੈ। ਉਨ੍ਹਾਂ ਨੇ ਸ਼ਹੀਦੀਆਂ ਹੀ ਪੰਥਕ ਸਪਿਰਟ ਦਾ ਝੰਡਾ ਉਤਾਂਹ ਰੱਖਣ ਲਈ ਪਾਈਆਂ ਸਨ।

ਪੰਥਕ ਧਿਰਾਂ ਦੀ ਦੂਜੀ ਵੱਡੀ ਜ਼ਿੰਮੇਵਾਰੀ ਸਿੱਖ ਕੌਮ ਦੀ ਰੂਹ ਨੂੰ ਲੱਗੇ ਸੋਕੜੇ ਨੂੰ ਖਤਮ ਕਰਨ ਦੀ ਹੈ। ਨੈਤਿਕ ਨਿਘਾਰ ਅਤੇ ਗੁਰਬਤ ਦੇ ਜਿਸ ਰਾਹ ਉਤੇ ਅੱਜ ਕੌਮ ਤੁਰ ਰਹੀ ਹੈ, ਜੇ ਉਸਨੂੰ ਸਪੱਸ਼ਟ ਸਟੈਂਡ ਨਾਲ ਨਾ ਮੋੜਿਆ ਗਿਆ ਤਾਂ ਕੌਮ ਦੇ ਵਿਹੜਿਆਂ ਵਿੱਚ ਛਾਈ ਰਾਤ ਲੰਮੇਰੀ ਹੁੰਦੀ ਰਹੇਗੀ। ਸਿੱਖ ਕੌਮ ਵਿੱਚ ਇਸ ਵੇਲੇ ਜੋ ਜਗੂਰੀ ਕਿਸਮ ਦੇ ਸਿਆਸੀ ਲੋਕ ਤਹਿਜੀਬ ਵਿਹੂਣੀਆਂ ਸਿਆਸੀ ਲੁੱਡੀਆਂ ਪਾ ਰਹੇ ਹਨ, ਉਸਨੂੰ ਹਾਰ ਦੇਣੀ ਪੰਥਕ ਧਿਰਾਂ ਦੀ ਵੱਡੀ ਜ਼ਿੰਮੇਵਾਰੀ ਹੈ। ਇਹ ਲੋਕ ਆਪਣੀ ਦੌਲਤ ਦੇ ਅਫਰੇਵੇਂ ਨਾਲ ਜੋ ਚੱਜ ਖਿਲਾਰ ਰਹੇ ਹਨ ਉਨ੍ਹਾਂ ਨਾਲ ਕਿਰਤੀ ਸਿੱਖਾਂ ਦੀ ਰੂਹ ਵਲੂੰਧਰੀ ਗਈ ਹੈ। ਸਮੁੱਚਾ ਸਿੱਖ ਚਰਿੱਤਰ ਇਨ੍ਹਾਂ ਕਾਰਵਾਈਆਂ ਨਾਲ ਸ਼ਰਮਸ਼ਾਰ ਹੋ ਗਿਆ ਹੈ। ਇਹੋ ਜਿਹੀਆਂ ਕਾਰਵਾਈਆਂ ਸਿੱਖੀ ਦੀਆਂ ਸਮਾਜੀ ਅਤੇ ਸੱਭਿਆਚਾਰਕ ਕਦਰਾਂ ਕੀਮਤਾਂ ਦੀ ਤਬਾਹੀ ਕਰ ਰਹੀਆਂ ਹਨ।

ਅੱਜ ਦੌਲਤ ਨੇ ਅੰਨ੍ਹੇ ਵਿਖਾਵੇ, ਨਸ਼ਿਆਂ ਦੇ ਸੇਵਨ, ਪੱਛਮੀ ਪਹਿਰਾਵਿਆਂ ਅਤੇ ਸਿੱਖੀ ਦੀ ਸ਼ਾਨ ਨਾਲੋਂ ਉਖੜੀ ਹੋਈ ਜਿਹੋ ਜਿਹੀ ਜੀਵਨ ਸ਼ੈਲੀ ਸਿੱਖ ਕੌਮ ਦਾ ਅੰਗ ਬਣ ਰਹੀ ਹੈ, ਇਸ ਚੁਣੌਤੀ ਨੂੰ ਸਿਧਾਂਤਕ ਰੂਪ ਵਿੱਚ ਟੱਕਰਿਆਂ ਹੀ ਸ਼ਹੀਦਾਂ ਦੇ ਸੁਪਨਿਆਂ ਦਾ ਸੰਸਾਰ ਸਿਰਜਿਆ ਜਾ ਸਕੇਗਾ। ਸਿਆਸੀ ਤੌਰ 'ਤੇ ਸਿੱਖਾਂ ਨੂੰ ਪੰਥਕ ਨੁਕਤਨਜ਼ਰ ਤੋਂ ਸੁਚੇਤ ਕਰਨ ਦੇ ਨਾਲ-ਨਾਲ ਇਕ ਵਿਚਾਰਧਾਰਕ ਲਹਿਰ ਵੀ ਚਲਾਉਣੀ ਪਵੇਗੀ। ਸਭ ਤੋਂ ਵੱਡੀ ਗੱਲ ਕੌਮ ਵਿੱਚ ਸਵੈਮਾਣ ਦਾ ਜਜ਼ਬਾ ਭਰਨਾ ਪਵੇਗਾ। ਜੇ ਕੌਮ ਸਵੈਮਾਣ ਤੋਂ ਹੀਣੀ ਹੋ ਗਈ ਤਾਂ ਇਸ ਨੂੰ 'ਕਾਕਿਆਂ' ਦੇ ਪੈਰੀ ਪੈਣੋ ਨਹੀਂ ਰੋਕਿਆ ਜਾ ਸਕੇਗਾ। ਅਜਿਹੀ ਸਥਿਤੀ ਵਿੱਚ ਸ਼ਹੀਦਾਂ ਦੀ ਰੂਹ ਲੂਣ ਦੇ ਹੰਝੂ ਕੇਰਦੀ ਰਹੇਗੀ। ਜੂਨ 1984 ਦੇ ਘੱਲੂਘਾਰੇ ਦਾ ਸਭ ਤੋਂ ਵੱਡਾ ਸਬਕ ਹੀ ਉਸ ਘੱਲੂਘਾਰੇ ਦੇ ਜ਼ਖਮਾਂ ਨੂੰ ਆਪਣੇ ਸੀਨੇ ਵਿੱਚ ਵਸਾ ਕੇ ਕੌਮ ਦੀ ਹੋਣੀ ਸੰਵਾਰਨ ਦਾ ਇਮਾਨਦਾਰ ਸੰਕਲਪ ਕਰਨ ਦਾ ਹੈ। ਅਜਿਹੇ ਪਾਵਨ ਸੰਕਪਲ ਪ੍ਰਤੀ ਨਿਸ਼ਠਾ ਅਤੇ ਪ੍ਰਤੀਬੱਧਤਾ ਵਿਖਾ ਕੇ ਹੀ ਅਸੀਂ ਕੌਮ ਦੇ ਵਕਤੀ ਤੌਰ ਤੇ ਡੁੱਬੇ ਹੋਏ ਸੂਰਜ ਨੂੰ ਮੁੜ ਤਕੋਂ ਚਮਕਾ ਸਕਾਂਗੇ ਅਤੇ ਜ਼ੁਲਮਾਂ ਦੀ ਇਹ ਰਾਤ ਤਾਂ ਹੀ ਮੁੱਕ ਸਕੇਗੀ। **(ਬਾਕੀ ਕੱਲ੍ਹ)**








## ⋆ ਪ੍ਰਣਾਮ ਸ਼ਹੀਦਾਂ ਨੂੰ ⋆

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ, ਸ਼ਹੀਦ ਭਾਈ ਅਮਰੀਕ ਸਿੰਘ, ਸ਼ਹੀਦ ਬਾਬਾ ਥਾਰਾ ਸਿੰਘ, ਸ਼ਹੀਦ ਜਨਰਲ ਸ਼ਬੇਗ ਸਿੰਘ ਅਤੇ ਸਮੂਹ ਸ਼ਹੀਦ ਸਿੰਘਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਦੇ ਹਾਂ ਜਿਨ੍ਹਾਂ ਨੇ ਜੂਨ 1984 ਵਿੱਚ 'ਧਰਮ ਹੇਤ ਸੀਸ ਵਾਰ' ਕੇ ਪੰਜਵੇਂ ਨਾਨਕ ਗੁਰੂ ਅਰਜਨ ਪਾਤਸ਼ਾਹ ਜੀ ਨੂੰ ਅਕੀਦਤ ਦੇ ਫੁੱਲ ਭੇਟ ਕੀਤੇ।

**ਸਮੂਹ ਸਿੱਖ ਸੰਗਤ ਦੇ ਸਹਿਯੋਗ ਨਾਲ ਗੁਰਦੁਵਾਰਾ ਸਾਹਿਬ Hesperia 1.30 pm ਕੱਲ ਐਤਵਾਰ ਆਰੰਭ SRI SEHEJ PATH JI In Memory of All Saheed who laid their lives for protection of SRI DARBARAND SRI AKAL TAKHATSAHIB of 6th. June AIHD ( ਤੀਸਰਾ ਘੱਲੂਘਾਰਾ) ਸ੍ਰੀ ਸਹਿਜ ਪਾਠ ਦੇ ਭੋਗ 7th. ਜੂਨ 2026 ਨੂੰ 10 ਵਜੇ ਪੈਣਗੇ ਉਪਰੰਤ ਸ਼ਹੀਦਾਂ ਦੀ ਯਾਦ ਵਿੱਚ ਦੀਵਾਨ ਸਜਾਏ ਜਾਣਗੇ**

--⋆ ਜਾਰੀ ਕਰਤਾ ⋆--

# ਸਮੂਹ ਪ੍ਰਬੰਧਕ ਕਮੇਟੀ

## ਗੁਰਦੁਵਾਰਾ ਸਾਹਿਬ Hesperia

## U. S.A.

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਵੀਰਵਾਰ, 4 ਜੂਨ 2026 (ਨਾਨਕਸ਼ਾਹੀ ਸੰਮਤ : ੫੫੮, ੨੧ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ’ਤੇ ਕੋਈ ਕਾਨੂੰਨ ਲਾਗੂ ਨਹੀਂ ਹੁੰਦਾ: ਜਥੇਦਾਰ ਕੁਲਦੀਪ ਸਿੰਘ ਗੜਗੱਜ

**ਭੁਲੱਥ/ਟਾਂਡਾ, 3 ਜੂਨ (ਆਵਾਜ਼ਿ ਕੌਮ ਬਿਊਰੋ)**-ਜੁਗੋ-ਜੁਗ ਅਟੱਲ ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਕਿਸੇ ਵੀ ਕਾਨੂੰਨ ਜਾਂ ਬੰਦਿਸ਼ ਵਿੱਚ ਨਹੀਂ ਆਉਂਦੇ ਅਤੇ ਨਾ ਹੀ ਕੋਈ ਸਰਕਾਰ ਅਜਿਹੀ ਹਰਕਤ ਕਰੇ। ਇਨਾਂ ਵਿਚਾਰਾਂ ਦਾ ਪ੍ਰਗਟਾਵਾ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਅੱਜ ਪਿੰਡ ਮਿਆਣੀ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕੀਤਾ। ਇਸ ਮੌਕੇ ਉਨਾਂ ਪੰਜਾਬ ਸਰਕਾਰ ਵੱਲੋਂ ਬਣਾਏ ਗਏ ਸਤਿਕਾਰ ਕਾਨੂੰਨ ਦਾ ਵਿਰੋਧ ਕਰਦੇ ਹੋਏ ਕਿਹਾ ਸਰਕਾਰ ਵੱਲੋਂ ਇਹ ਕਾਨੂੰਨ ਸ੍ਰੀ ਅਕਾਲ ਤਖ਼ਤ ਸਾਹਿਬ, ਪੰਥ ਦੀ ਨੁਮਾਇੰਦਾ ਜਥੇਬੰਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਪੰਥਕ ਧਿਰਾਂ ਨੂੰ ਵਿਸ਼ਵਾਸ ਵਿੱਚ ਲਏ ਬਗੈਰ ਹੀ ਬਣਾਇਆ ਗਿਆ ਹੈ, ਜੋਕਿ ਪੰਥ ਨੂੰ ਪ੍ਰਵਾਨ ਨਹੀਂ। ਉਨ੍ਹਾਂ ਨੇ ਹੋਰ ਕਿਹਾ ਕਿ ਸਰਕਾਰ ਦੀ ਇਸ ਹਰਕਤ ਦਾ ਜਵਾਬ ਦੇਣ ਲਈ ਜਿੱਥੇ ਪਹਿਲਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਨਾਲ ਵਿਸ਼ਾਲ ਪੰਥਕ ਇਕੱਠ ਹੋਏ ਹਨ, ਉੱਥੇ ਹੀ ਇਸ ਕਾਨੂੰਨ ਖ਼ਿਲਾਫ਼ ਅਗਲੀ ਰਣਨੀਤੀ ਤੈਅ ਕਰਨ ਲਈ 6 ਜੂਨ ਤੋਂ ਬਾਅਦ ਵਿਸ਼ਾਲ ਪੰਥਕ ਇਕੱਠ ਹੋਵੇਗਾ ਅਤੇ ਉਸੇ ਪੰਥਕ ਕਾਨਫ਼ਰੰਸ ਵਿੱਚ ਹੀ ਪੰਥ ਵੱਲੋਂ ਅਗਲੀ ਰਣਨੀਤੀ ਤੈਅ ਕੀਤੀ ਜਾਵੇਗੀ। ਇਸ ਮੌਕੇ ਉਨ੍ਹਾਂ ਕਿਹਾ ਕਿ ਸਰਕਾਰ ਨੇ ਇਹ ਕਾਨੂੰਨ ਬਣਾ ਕੇ ਪੰਥ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਤੋਂ ਦੂਰ ਕਰਨ ਦਾ ਯਤਨ ਕੀਤਾ ਹੈ ਜੋ ਜਿਸ ਨੂੰ ਪੰਥ ਅਤੇ ਸੰਗਤ ਕਦੇ ਵੀ ਲਾਗੂ ਨਹੀਂ ਹੋਣ ਦੇਵੇਗੀ।

## ਦਿੱਲੀ ਹੋਟਲ ’ਚ ਲੱਗੀ ਭਿਆਨਕ ਅੱਗ

# 17 ਵਿਦੇਸ਼ੀਆਂ ਸਣੇ 21 ਲੋਕਾਂ ਦੀ ਮੌਤ

**ਨਵੀਂ ਦਿੱਲੀ, 3 ਜੂਨ (ਆਵਾਜ਼ਿ ਕੌਮ ਬਿਊਰੋ)**-ਦੱਖਣੀ ਦਿੱਲੀ ਦੇ ਮਾਲਵੀਆ ਨਗਰ ਇਲਾਕੇ ਵਿੱਚ ਬੁੱਧਵਾਰ ਸਵੇਰੇ ਇੱਕ ਹੋਟਲ ਵਿੱਚ ਵਾਪਰੇ ਭਿਆਨਕ ਅੱਗ ਦੇ ਹਾਦਸੇ ਵਿੱਚ 21 ਲੋਕਾਂ ਦੀ ਦਰਦਨਾਕ ਮੌਤ ਹੋ ਗਈ ਹੈ। ਮਰਨ ਵਾਲਿਆਂ ਵਿੱਚ 17 ਵਿਦੇਸ਼ੀ ਨਾਗਰਿਕ ਸ਼ਾਮਲ ਹਨ, ਜੋ ਮੁੱਖ ਤੌਰ ’ਤੇ ਲਾਇਬੇਰੀਆ, ਨਾਈਜੀਰੀਆ, ਮੋਜ਼ੰਬੀਕ ਅਤੇ ਬੰਗਲਾਦੇਸ਼ ਦੇ ਰਹਿਣ ਵਾਲੇ ਸਨ।



ਜਾਣਕਾਰੀ ਅਨੁਸਾਰ ਮਾਲਵੀਆ ਨਗਰ ਸਥਿਤ ’ਫਲੋਰਿਸ਼ ਸਟੇਅ ਬੀ.ਐਂਡ.ਬੀ.’ ਹੋਟਲ ਵਿੱਚ ਸਵੇਰੇ ਲਗਭਗ 8:48 ਵਜੇ ਅੱਗ ਲੱਗਣ ਦੀ ਸੂਚਨਾ ਮਿਲੀ। ਦਿੱਲੀ ਫਾਇਰ ਸਰਵਿਸ ਨੇ ਮੌਕੇ ’ਤੇ ਪਹੁੰਚ ਕੇ 39 ਲੋਕਾਂ ਨੂੰ ਸੁਰੱਖਿਅਤ ਬਾਹਰ ਕੱਢਿਆ, ਜਿਨ੍ਹਾਂ ਨੂੰ ਤੁਰੰਤ ਹਸਪਤਾਲ ਪਹੁੰਚਾਇਆ ਗਿਆ। ਬਚਾਅ ਕਾਰਜਾਂ ਦੌਰਾਨ ਦਿੱਲੀ ਪੁਲਸ ਦੇ 10 ਮੁਲਾਜ਼ਮਾਂ ਦੀ ਸਿਹਤ ਵੀ ਵਿਗੜ ਗਈ, ਜਿਨ੍ਹਾਂ ਨੂੰ ਏਮਜ਼ ਟਰਾਮਾ ਸੈਂਟਰ ਵਿੱਚ ਦਾਖਲ ਕਰਵਾਇਆ ਗਿਆ ਹੈ। ਮੈਕਸ ਹੈਲਥਕੇਅਰ ਗਰੁੱਪ ਦੇ ਮੈਡੀਕਲ ਡਾਇਰੈਕਟਰ ਡਾਕਟਰ ਸੰਦੀਪ ਬੁਧੀਰਾਜਾ ਨੇ ਪ੍ਰੈੱਸ ਕਾਨਫਰੰਸ ਦੌਰਾਨ ਦੱਸਿਆ ਕਿ ਅੱਗ ਕਾਰਨ ਜ਼ਖਮੀ ਹੋਏ 8 ਮਰੀਜ਼ ਵੈਂਟੀਲੇਟਰ ’ਤੇ ਹਨ ਅਤੇ ਉਨ੍ਹਾਂ ਦੀ ਹਾਲਤ ਬੇਹੱਦ ਨਾਜ਼ੁਕ ਹੈ। ਉਨ੍ਹਾਂ ਦੱਸਿਆ ਕਿ ਜ਼ਿਆਦਾਤਰ ਮੌਤਾਂ ਅਤੇ ਸੱਟਾਂ ਧੂੰਏਂ ਕਾਰਨ ਦਮ ਘੁੱਟਣ ਕਰਕੇ ਹੋਈਆਂ ਹਨ। ਅੱਗ ਤੋਂ ਬਚਣ ਲਈ ਕਈ ਮਰੀਜ਼ਾਂ ਨੇ ਉਪਰਲੀਆਂ ਮੰਜ਼ਿਲਾਂ ਤੋਂ ਛਾਲਾਂ ਮਾਰ ਦਿੱਤੀਆਂ, ਜਿਸ ਕਾਰਨ ਉਨ੍ਹਾਂ ਦੀਆਂ ਹੱਡੀਆਂ ਟੁੱਟ ਗਈਆਂ ਅਤੇ ਕੁਝ ਦੀ ਰੀੜ੍ਹ ਦੀ ਹੱਡੀ ’ਤੇ ਗੰਭੀਰ ਸੱਟਾਂ ਲੱਗੀਆਂ ਹਨ। ਫਾਇਰ ਵਿਭਾਗ ਦੀ ਮੁੱਢਲੀ ਜਾਂਚ ਵਿੱਚ ਇਮਾਰਤ ਦੇ ਢਾਂਚੇ ਅਤੇ ਅੱਗ ਸੁਰੱਖਿਆ ਪ੍ਰਬੰਧਾਂ ਵਿੱਚ ਵੱਡੀਆਂ ਖਾਮੀਆਂ ਪਾਈਆਂ ਗਈਆਂ ਹਨ। ਮੁੱਖ ਫਾਇਰ ਅਧਿਕਾਰੀ ਅਭਿਲਾਸ਼ ਕੁਮਾਰ ਮਲਿਕ ਨੇ ਦੱਸਿਆ ਕਿ ਪੰਜ ਮੰਜ਼ਿਲਾ ਇਮਾਰਤ ਵਿੱਚ ਸਿਰਫ਼ ਇੱਕ ਹੀ ਪੌੜੀ ਸੀ ਅਤੇ ਵੈਂਟੀਲੇਸ਼ਨ ਜਾਂ ਧੂੰਆਂ ਬਾਹਰ ਨਿਕਲਣ ਦਾ ਕੋਈ ਰਸਤਾ ਨਹੀਂ ਸੀ। ਇਮਾਰਤ ਇੱਕ ’ਚਿਮਨੀ’ ਵਾਂਗ ਬਣੀ ਹੋਈ ਹੈ, ਜਿਸ ਕਾਰਨ ਧੂੰਆਂ ਅਤੇ ਤੇਜ਼ ਗਰਮੀ ਬਹੁਤ ਤੇਜ਼ੀ ਨਾਲ ਉਪਰਲੀਆਂ ਮੰਜ਼ਿਲਾਂ ਤੱਕ ਫੈਲ ਗਈ ਅਤੇ ਲੋਕਾਂ ਨੂੰ ਬਾਹਰ ਨਿਕਲਣ ਦਾ ਮੌਕਾ ਨਹੀਂ ਮਿਲਿਆ। ਹੋਟਲ ਵਿੱਚ ਕੋਈ ਅੰਦਰੂਨੀ ਅੱਗ ਸੁਰੱਖਿਆ ਪ੍ਰਣਾਲੀ ਵੀ ਮੌਜੂਦ ਨਹੀਂ ਸੀ। ਦਿੱਲੀ ਪੁਲਸ ਨੇ ਹੋਟਲ ਮਾਲਕ ਲੋਕੇਸ਼ ਬਜਾਜ ਅਤੇ ਉਸਦੇ ਸਾਥੀਆਂ ਵਿਰੁੱਧ ਗੈਰ-ਇਰਾਦਤਨ ਕਤਲ ਅਤੇ ਹੋਰ ਸੰਬੰਧਿਤ ਧਾਰਾਵਾਂ ਤਹਿਤ ਕੇਸ ਦਰਜ ਕਰ ਲਿਆ ਹੈ।

## ਫਿਰੋਜ਼ਪੁਰ ਦੇ ਰੈਸਟੋਰੈਂਟ ’ਚ ਲੱਗੀ ਭਿਆਨਕ ਅੱਗ, ਜ਼ਿੰਦਾ ਸੜਿਆ ਨੌਜਵਾਨ

**ਫਿਰੋਜ਼ਪੁਰ, 3 ਜੂਨ (ਆਵਾਜ਼ਿ ਕੌਮ ਬਿਊਰੋ)**-ਫਿਰੋਜ਼ਪੁਰ ਕੈਂਟ ’ਚ ਅੱਜ ਨਿਵੇਦਿਅਮ ਸਵੀਟਸ ਐਂਡ ਬੇਕਰਜ਼ ’ਚ ਲੱਗੀ ਭਿਆਨਕ ਅੱਗ ’ਚ ਤੁਲਸੀ ਨਾਂ ਦੇ ਇੱਕ ਕਰਮਚਾਰੀ ਦੀ ਸੜ ਕੇ ਮੌਤ ਹੋ ਗਈ ਹੈ।




ਜਾਣਕਾਰੀ ਅਨੁਸਾਰ ਜਦੋਂ ਅੱਗ ਲੱਗੀ ਤਾਂ ਕਿਸੇ ਨੂੰ ਵੀ ਪਤਾ ਨਹੀਂ ਸੀ ਕਿ ਇਹ ਕਰਮਚਾਰੀ ਹੋਟਲ/ਰੈਸਟੋਰੈਂਟ ਦੇ ਅੰਦਰ ਹੈ। ਜਦੋਂ ਫਾਇਰ ਬ੍ਰਿਗੇਡ ਕਰਮਚਾਰੀ ਅੱਗ ਬੁਝਾ ਰਹੇ ਸਨ ਤਾਂ ਉਨ੍ਹਾਂ ਨੂੰ ਇਹ ਸੜਿਆ ਹੋਇਆ ਵਿਅਕਤੀ ਦਿਖਾਈ ਦਿੱਤਾ, ਜਿਸਨੂੰ ਬਾਹਰ ਕੱਢਿਆ ਗਿਆ ਅਤੇ ਤੁਰੰਤ ਸਿਵਲ ਹਸਪਤਾਲ ਲਿਜਾਇਆ ਗਿਆ। ਸੰਪਰਕ ਕਰਨ ’ਤੇ ਡਿਊਟੀ ’ਤੇ ਤਾਇਨਾਤ ਐਮਰਜੈਂਸੀ ਮੈਡੀਕਲ ਅਫ਼ਸਰ ਨੇ ਦੱਸਿਆ ਕਿ ਮ੍ਰਿਤਕ ਤੁਲਸੀ ਦੀ ਉਮਰ ਉਸਦੇ ਸਾਥੀਆਂ ਵੱਲੋਂ ਕਰੀਬ 20 ਤੋਂ 25 ਸਾਲ ਦੱਸੀ ਗਈ ਹੈ ਅਤੇ ਜਦੋਂ ਉਸਨੂੰ ਇਲਾਜ ਲਈ ਸਿਵਲ ਹਸਪਤਾਲ ਫਿਰੋਜ਼ਪੁਰ ’ਚ ਲਿਆਂਦਾ ਗਿਆ ਸੀ ਤਾਂ ਉਸਦੀ ਮੌਤ ਹੋ ਚੁੱਕੀ ਸੀ। ਉਨ੍ਹਾਂ ਦੱਸਿਆ ਕਿ ਅੱਗ ਲੱਗਣ ਨਾਲ ਮਰੇ ਇਸ ਨੌਜਵਾਨ ਦਾ ਪੋਸਟਮਾਰਟਮ ਕੀਤਾ ਜਾਵੇਗਾ ਅਤੇ ਇਸਦੀ ਮੌਤ ਸਬੰਧੀ ਸਬੰਧਿਤ ਥਾਣੇ ਦੀ ਪੁਲਸ ਨੂੰ ਸੂਚਨਾ ਦੇ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਤੁਲਸੀ ਨੂੰ ਸਿਵਲ ਹਸਪਤਾਲ ਫਿਰੋਜ਼ਪੁਰ ’ਚ ਦੁਪਹਿਰ ਕਰੀਬ 12:30 ਤੋਂ ਬਾਅਦ ਲਿਆਂਦਾ ਗਿਆ ਸੀ। ਸੰਪਰਕ ਕਰਨ ’ਤੇ ਡੀ. ਐੱਸ. ਪੀ. ਸਿਟੀ ਫਿਰੋਜ਼ਪੁਰ ਸਰਦਾਰ ਸੁਖਵਿੰਦਰ ਸਿੰਘ ਨੇ ਦੱਸਿਆ ਕਿ ਅੱਗ ’ਚ ਸੜ ਕੇ ਮਰੇ ਇਸ ਨੌਜਵਾਨ ਦੀ ਮੌਤ ਨੂੰ ਲੈ ਕੇ ਪੁਲਸ ਵੱਲੋਂ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ। ਦੱਸਿਆ ਜਾਂਦਾ ਹੈ ਕਿ ਅੱਗ ਲੱਗਣ ਦੀ ਇਸ ਘਟਨਾ ਵਿੱਚ ਇੱਕ ਵਿਅਕਤੀ ਜ਼ਖਮੀ ਵੀ ਹੋਇਆ ਹੈ।

## ਹਾਈ ਅਲਰਟ ’ਤੇ ਪੰਜਾਬ, ਚੱਪੇ-ਚੱਪੇ ’ਤੇ ਪੁਲਿਸ ਤਾਇਨਾਤ, ਸੁਰੱਖਿਆ ਏਜੰਸੀਆਂ ਨੇ ਵੀ ਸੰਭਾਲੀ ਕਮਾਨ



**ਅੰਮ੍ਰਿਤਸਰ, 3 ਜੂਨ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਜ਼ਿਲ੍ਹੇ ਅੰਮ੍ਰਿਤਸਰ ਵਿੱਚ ਇਸ ਸਮੇਂ ਹਾਈ ਅਲਰਟ ਜਾਰੀ ਕੀਤਾ ਗਿਆ ਹੈ। ਦੱਸ ਦੇਈਏ ਕਿ ਘੱਲੂਘਾਰਾ ਦਿਵਸ ਨੂੰ ਲੈ ਕੇ ਜ਼ਿਲ੍ਹੇ ਵਿੱਚ ਸੁਰੱਖਿਆ ਪ੍ਰਬੰਧਾਂ ਨੂੰ ਸਖ਼ਤ ਕਰ ਦਿੱਤਾ ਗਿਆ ਹੈ। ਇਕ ਪਾਸੇ ਦੇਸ਼ ਦੀਆਂ ਸੁਰੱਖਿਆ ਏਜੰਸੀਆਂ ਨੇ ਆਪਣੀ ਕਮਾਨ ਸੰਭਾਲੀ ਹੋਈ ਹੈ ਤਾਂ ਦੂਜੇ ਪਾਸੇ ਪੁਲਿਸ ਕਮਿਸ਼ਨਰ ਵੱਲੋਂ ਅਧਿਕਾਰੀਆਂ ਨਾਲ ਵਿਸ਼ੇਸ਼ ਬੈਠਕ ਕਰਕੇ ਸੁਰੱਖਿਆ ਦੀ ਰਣਨੀਤੀ ਬਣਾਈ ਹੈ। ਭੰਡਾਰੀ ਪੁਲ ਤੋਂ ਲੈ ਕੇ ਗਲਿਆਰਾ ਖੇਤਰ ਤੱਕ ਪੁਲਿਸ ਬਲ ਦੇ ਨਾਲ ਬਲੈਕ ਕੈਟ ਕਮਾਂਡੋਆਂ ਦੀਆਂ ਟੁਕੜੀਆਂ ਨੂੰ ਤਾਇਨਾਤ ਕੀਤਾ ਗਿਆ ਹੈ। ਸ਼ਹਿਰ ਦੇ ਚੱਪੇ-ਚੱਪੇ ’ਤੇ ਨਾਕੇ ਲਗਾਏ ਗਏ ਹਨ। ਨਾਕਾ ਪਾਰਟੀਆਂ ਨੂੰ ਹਿਦਾਇਤ ਦਿੱਤੀ ਗਈ ਹੈ ਕਿ ਬਿਨਾਂ ਚੈਕਿੰਗ ਦੇ ਕਿਸੇ ਵੀ ਗੱਡੀ ਨੂੰ ਨਾ ਲੰਘਣ ਦਿੱਤਾ ਜਾਵੇ। ਜਾਣਕਾਰੀ ਲਈ ਦੱਸ ਦੇਈਏ ਕਿ 6 ਜੂਨ ਨੂੰ ਘੱਲੂਘਾਰਾ ਦਿਵਸ ਤੋਂ ਪਹਿਲਾਂ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਜ਼ਿਲੇ ਦੇ ਸਾਰੇ ਉੱਚ ਅਧਿਕਾਰੀਆਂ ਅਤੇ ਥਾਣਾ ਮੁਖੀਆਂ ਨਾਲ ਸੁਰੱਖਿਆ ਨੂੰ ਲੈ ਕੇ ਬ੍ਰੀਫਿੰਗ ਕੀਤੀ ਅਤੇ ਕਿਸੇ ਵੀ ਅਣਸੁਖਾਵੀਂ ਘਟਨਾ ਦੇ ਖ਼ਦਸ਼ੇ ’ਤੇ ਤੁਰੰਤ ਕਾਰਵਾਈ ਕਰਨ ਦੇ ਨਿਰਦੇਸ਼ ਜਾਰੀ ਕੀਤੇ ਹਨ। ਦੱਸ ਦੇਈਏ ਕਿ ਘੱਲੂਘਾਰਾ ਦਿਵਸ ਤੋਂ ਪਹਿਲਾਂ ਅੰਮ੍ਰਿਤਸਰ ਦੇ ਐਂਟਰੀ ਅਤੇ ਐਗਜ਼ਿਟ ਰਸਤਿਆਂ ਨੂੰ ਪੂਰੀ ਤਰ੍ਹਾਂ ਸੀਲ ਕੀਤਾ ਜਾਵੇਗਾ। ਕਿਸੇ ਵੀ ਵਾਹਨ ਅਤੇ ਵਿਅਕਤੀ ਨੂੰ ਬਿਨਾਂ ਚੈਕਿੰਗ ਦੇ ਲੰਘਣ ਦੀ ਇਜਾਜ਼ਤ ਨਹੀਂ ਹੋਵੇਗੀ। ਸਾਰੇ ਥਾਣਾ ਮੁਖੀਆਂ ਅਤੇ ਚੌਕੀ ਇੰਚਾਰਜਾਂ ਨੂੰ ਆਪੋ-ਆਪਣੇ ਖੇਤਰ ਵਿਚ ਨਾਕੇ ਲਗਾ ਕੇ ਗੱਡੀਆਂ ਦੀ ਚੈਕਿੰਗ ਤੋਂ ਬਾਅਦ ਹੀ ਉਨ੍ਹਾਂ ਨੂੰ ਅੱਗੇ ਜਾਣ ਦੇਣ ਲਈ ਕਿਹਾ ਗਿਆ ਹੈ। ਕਿਸੇ ਵੀ ਸ਼ੱਕੀ ਵਿਅਕਤੀ ਅਤੇ ਸ਼ਰਾਰਤੀ ਅਨਸਰ ਨੂੰ ਤੁਰੰਤ ਹਿਰਾਸਤ ਵਿੱਚ ਲੈਣ ਦੇ ਨਿਰਦੇਸ਼ ਹਨ। ਸ਼ਹਿਰ ਦੇ ਤੰਗ ਬਾਜ਼ਾਰਾਂ ਵਿਚ ਫਲੈਗ ਮਾਰਚ ਕੱਢਿਆ ਗਿਆ। ਪਬਲਿਕ ਦੇ ਮਨੋਬਲ ਨੂੰ ਵਧਾਉਣ ਲਈ ਪੁਲਿਸ ਤੰਗ ਗਲੀਆਂ ਵਿੱਚ ਵੀ ਆਪਣੀ ਹਾਜ਼ਰੀ ਦਰਜ ਕਰਵਾ ਰਹੀ ਹੈ। ਪੁਲਿਸ ਵੱਲੋਂ ਹਰ ਸ਼ਹਿਰ ਵਾਸੀ ਨੂੰ ਵੀ ਅਪੀਲ ਕੀਤੀ ਗਈ ਹੈ ਕਿ ਜੇਕਰ ਕੋਈ ਵੀ ਸ਼ੱਕੀ ਵਿਅਕਤੀ ਦਿਖਾਈ ਦਿੰਦਾ ਹੈ ਤਾਂ ਤੁਰੰਤ ਪੁਲਿਸ ਨੂੰ ਸੂਚਿਤ ਕਰਨ ਤਾਂ ਜੋ ਉਸ ਵਿਰੁੱਧ ਠੋਸ ਕਾਰਵਾਈ ਕੀਤੀ ਜਾ ਸਕੇ।

## ਪੰਜਾਬ ਐਂਟਰੀ ’ਤੇ ਨਿਹੰਗਾਂ ਨੇ ਲਗਾਇਆ ‘ਖਾਲਸਾ ਟੈਕਸ’; ਹਿਮਾਚਲ ਤੋਂ ਆਉਣ ਵਾਲੀਆਂ ਗੱਡੀਆਂ ਤੋਂ ਕੀਤੀ ਜਾ ਰਹੀ ਵਸੂਲੀ



**ਕੀਰਤਪੁਰ ਸਾਹਿਬ, 3 ਜੂਨ (ਆਵਾਜ਼ਿ ਕੌਮ ਬਿਊਰੋ)**-ਹਿਮਾਚਲ ਪ੍ਰਦੇਸ਼ ਸਰਕਾਰ ਵੱਲੋਂ ਪੰਜਾਬ ਸਮੇਤ ਹੋਰ ਸੂਬਿਆਂ ਦੀਆਂ ਗੱਡੀਆਂ ’ਤੇ ਲਗਾਏ ਗਏ ਐਂਟਰੀ ਟੈਕਸ ਵਿੱਚ ਕੀਤੇ ਗਏ ਵਾਧੇ ਦੇ ਵਿਰੋਧ ਵਿੱਚ ਜਿੱਥੇ ਪਿਛਲੇ ਕਈ ਦਿਨਾਂ ਤੋਂ ਵੱਖ-ਵੱਖ ਜਥੇਬੰਦੀਆਂ ਵੱਲੋਂ ਰੋਸ ਪ੍ਰਦਰਸ਼ਨ ਕੀਤੇ ਜਾ ਰਹੇ ਹਨ, ਉੱਥੇ ਹੀ ਨਿਹੰਗ ਸਿੰਘ ਜਥੇਬੰਦੀਆਂ ਵੱਲੋਂ ਆਪਣੇ ਐਲਾਨ ਮੁਤਾਬਕ ਅੱਜ ਸ੍ਰੀ ਕੀਰਤਪੁਰ ਸਾਹਿਬ-ਮਨਾਲੀ ਮੁੱਖ ਮਾਰਗ ’ਤੇ ਪੈਂਦੇ ਗਰਾਂ ਮੋੜਾ ਵਿਖੇ ‘ਖਾਲਸਾ ਐਂਟਰੀ ਟੈਕਸ’ ਵਸੂਲਣਾ ਸ਼ੁਰੂ ਕਰ ਦਿੱਤਾ ਗਿਆ। ਜਾਣਕਾਰੀ ਅਨੁਸਾਰ ਬੀਤੇ ਦਿਨੀਂ ਐਂਟਰੀ ਟੈਕਸ ਦੇ ਵਿਰੋਧ ਵਿੱਚ ਹੋਏ ਰੋਸ ਪ੍ਰਦਰਸ਼ਨ ਦੌਰਾਨ ਨਿਹੰਗ ਸਿੰਘ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਐਲਾਨ ਕੀਤਾ ਸੀ ਕਿ ਹਿਮਾਚਲ ਪ੍ਰਦੇਸ਼ ਤੋਂ ਪੰਜਾਬ ਵਿੱਚ ਦਾਖਲ ਹੋਣ ਵਾਲੀਆਂ ਗੱਡੀਆਂ ਤੋਂ ਸਵੈ-ਇੱਛਾ ਨਾਲ ਯੋਗਦਾਨ ਇਕੱਠਾ ਕੀਤਾ ਜਾਵੇਗਾ, ਜਿਸ ਨੂੰ ‘ਖਾਲਸਾ ਟੈਕਸ’ ਦਾ ਨਾਮ ਦਿੱਤਾ ਗਿਆ ਹੈ। ਜਥੇਬੰਦੀਆਂ ਦਾ ਕਹਿਣਾ ਹੈ ਕਿ ਇਸ ਰਾਹੀਂ ਇਕੱਠੀ ਹੋਣ ਵਾਲੀ ਰਕਮ ਲੋਕ ਭਲਾਈ ਦੇ ਕਾਰਜਾਂ ਅਤੇ ਸਰਬੱਤ ਦੇ ਭਲੇ ਲਈ ਵਰਤੀ ਜਾਵੇਗੀ। ਅੱਜ ਨਿਹੰਗ ਸਿੰਘ ਜਥੇਬੰਦੀਆਂ ਦੇ ਮੈਂਬਰ ਗਰਾਂ ਮੋੜਾ ਵਿਖੇ ਮੌਕੇ ’ਤੇ ਪਹੁੰਚੇ ਅਤੇ ਉਨ੍ਹਾਂ ਵੱਲੋਂ ਹਿਮਾਚਲ ਪ੍ਰਦੇਸ਼ ਤੋਂ ਆ ਰਹੀਆਂ ਗੱਡੀਆਂ ਦੇ ਚਾਲਕਾਂ ਤੋਂ ਸਵੈ-ਇੱਛਾ ਨਾਲ ਯੋਗਦਾਨ ਲਿਆ ਗਿਆ। ਮੌਕੇ ’ਤੇ ਦੇਖਿਆ ਗਿਆ ਕਿ ਕਈ ਵਾਹਨ ਚਾਲਕ ਆਪਣੀ ਮਰਜ਼ੀ ਨਾਲ ਇਹ ਯੋਗਦਾਨ ਦਿੰਦੇ ਨਜ਼ਰ ਆਏ। ਨਿਹੰਗ ਸਿੰਘ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਕਿਹਾ ਕਿ ਕਿਸੇ ਵੀ ਵਾਹਨ ਚਾਲਕ ਨਾਲ ਕੋਈ ਜ਼ਬਰਦਸਤੀ ਜਾਂ ਧੱਕੇਸ਼ਾਹੀ ਨਹੀਂ ਕੀਤੀ ਜਾ ਰਹੀ ਅਤੇ ਨਾ ਹੀ ਕਿਸੇ ਨੂੰ ਰੋਕਿਆ ਜਾਂ ਤੰਗ-ਪਰੇਸ਼ਾਨ ਕੀਤਾ ਜਾ ਰਿਹਾ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਇਹ ਮੁਹਿੰਮ ਹਿਮਾਚਲ ਸਰਕਾਰ ਵੱਲੋਂ ਵਧਾਏ ਗਏ ਐਂਟਰੀ ਟੈਕਸ ਦੇ ਵਿਰੋਧ ਦਾ ਪ੍ਰਤੀਕ ਹੈ ਅਤੇ ਇਸ ਦਾ ਮਕਸਦ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨਾ ਹੈ। ਇਸ ਦੌਰਾਨ ਇਲਾਕੇ ਵਿੱਚ ਆਉਣ-ਜਾਣ ਵਾਲੇ ਲੋਕਾਂ ਅਤੇ ਵਾਹਨ ਚਾਲਕਾਂ ਵਿੱਚ ਇਸ ਪਹਿਲ ਨੂੰ ਲੈ ਕੇ ਚਰਚਾ ਦਾ ਵਿਸ਼ਾ ਬਣਿਆ ਰਿਹਾ।

## ਬਿਕਰਮ ਸਿੰਘ ਮਜੀਠੀਆ ਦੇ ਵਕੀਲਾਂ ਨੂੰ 23 ਘੰਟੇ ’ਚ ਐਫ. ਆਈ. ਆਰ. ਦੀ ਕਾਪੀ ਮੁਹੱਈਆ ਕਰਨ ਦੇ ਹੁਕਮ

**ਚੰਡੀਗੜ੍ਹ, 3 ਜੂਨ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਉੱਪਰ ਗ੍ਰਿਫ਼ਤਾਰੀ ਦੀ ਤਲਵਾਰ ਲਟਕ ਰਹੀ ਹੈ। ਉਨ੍ਹਾਂ ਵਿਰੁੱਧ ਮਜੀਠਾ ਪੁਲਿਸ ਸਟੇਸ਼ਨ ਤੋਂ ਆਪਣੇ ਸਾਥੀ ਨੂੰ ਜ਼ਬਰਦਸਤੀ ਛੁਡਾਉਣ ਦੇ ਦੋਸ਼ ਹੇਠ ਕੇਸ ਦਰਜ ਕੀਤਾ ਗਿਆ ਹੈ। ਇਸ ਦੌਰਾਨ, ਅੰਮ੍ਰਿਤਸਰ ਜ਼ਿਲ੍ਹਾ ਅਦਾਲਤ ਨੇ ਦਿਹਾਤੀ ਪੁਲਿਸ ਨੂੰ ਹੁਕਮ ਦਿੱਤਾ ਹੈ ਕਿ ਉਹ ਮਜੀਠੀਆ ਦੇ ਵਕੀਲਾਂ ਨੂੰ 24 ਘੰਟਿਆਂ ਦੇ ਅੰਦਰ ਐਫਆਈਆਰ ਦੀ ਕਾਪੀ ਮੁਹੱਈਆ ਕਰਵਾਏ ਤਾਂ ਜੋ ਉਹ ਕਾਨੂੰਨੀ ਬਚਾਅ ਨੂੰ ਅੱਗੇ ਵਧਾ ਸਕਣ।



ਦਰਅਸਲ, ਮਜੀਠਾ ਪੁਲਿਸ ਸਟੇਸ਼ਨ ਵਿੱਚ ਬਿਕਰਮ ਮਜੀਠੀਆ ਵਿਰੁੱਧ ਦਰਜ ਐਫਆਈਆਰ ਨੰਬਰ 91 ਬਾਰੇ ਇੱਕ ਵੱਡਾ ਅਪਡੇਟ ਸਾਹਮਣੇ ਆਇਆ ਹੈ। ਅੰਮ੍ਰਿਤਸਰ ਜ਼ਿਲ੍ਹਾ ਅਦਾਲਤ ਨੇ ਅੰਮ੍ਰਿਤਸਰ ਦਿਹਾਤੀ ਪੁਲਿਸ ਨੂੰ ਨਿਰਦੇਸ਼ ਜਾਰੀ ਕੀਤੇ ਹਨ। ਅੰਮ੍ਰਿਤਸਰ ਜ਼ਿਲ੍ਹਾ ਅਦਾਲਤ ਨੇ ਅੰਮ੍ਰਿਤਸਰ ਦਿਹਾਤੀ ਪੁਲਿਸ ਨੂੰ ਨਿਰਦੇਸ਼ ਦਿੱਤਾ ਹੈ ਕਿ ਉਹ ਮਜੀਠੀਆ ਦੇ ਵਕੀਲਾਂ ਨੂੰ 24 ਘੰਟਿਆਂ ਦੇ ਅੰਦਰ ਐਫਆਈਆਰ ਦੀ ਇੱਕ ਕਾਪੀ ਮੁਹੱਈਆ ਕਰਵਾਏ, ਤਾਂ ਜੋ ਉਹ ਇਸ ਕੇਸ ਦੇ ਕਾਨੂੰਨੀ ਬਚਾਅ ਨੂੰ ਅੱਗੇ ਵਧਾ ਸਕਣ। ਦੱਸਣਯੋਗ ਹੈ ਕਿ ਕੱਲ੍ਹ ਬਿਕਰਮ ਮਜੀਠੀਆ ਦੀ ਕਾਨੂੰਨੀ ਟੀਮ ਨੇ ਅੰਮ੍ਰਿਤਸਰ ਜ਼ਿਲ੍ਹਾ ਅਦਾਲਤ ਵਿੱਚ ਇੱਕ ਅਰਜ਼ੀ ਦਾਇਰ ਕੀਤੀ ਸੀ, ਜਿਸ ਵਿੱਚ ਕਿਹਾ ਗਿਆ ਸੀ ਕਿ ਉਨ੍ਹਾਂ ਨੂੰ ਐਫਆਈਆਰ ਦੀ ਕਾਪੀ ਦੇ ਨਾਲ-ਨਾਲ ਕੇਸ ਨਾਲ ਸਬੰਧਤ ਕਿਸੇ ਵੀ ਹੋਰ ਜਾਣਕਾਰੀ ਤੱਕ ਪਹੁੰਚ ਤੋਂ ਇਨਕਾਰ ਕੀਤਾ ਜਾ ਰਿਹਾ ਹੈ। ਦੱਸ ਦਈਏ ਕਿ ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਮਜੀਠਾ ਪੁਲਿਸ ਥਾਣੇ ’ਤੇ ਹੋਏ ਕਥਿਤ ਹਮਲੇ, ਭੰਨਤੋੜ ਅਤੇ ਪੁਲਿਸ ਹਿਰਾਸਤ ਵਿੱਚੋਂ ਇੱਕ ਨਜ਼ਰਬੰਦ ਵਿਅਕਤੀ ਨੂੰ ਜ਼ਬਰਦਸਤੀ ਛੁਡਾਉਣ ਦੀ ਕੋਸ਼ਿਸ਼ ਦੇ ਮਾਮਲੇ ਵਿੱਚ ਵੱਡੀ ਕਾਰਵਾਈ ਕੀਤੀ ਸੀ। ਐਸ ਪੀ ਆਦਿਤਿਆ ਵਾਰੀਅਰ ਦੀ ਅਗਵਾਈ ਹੇਠ ਪੁਲਿਸ ਦੀ ਇੱਕ ਟੀਮ ਨੇ ਇੱਥੋਂ ਦੇ ਗ੍ਰੀਨ ਐਵੇਨਿਊ ਇਲਾਕੇ ਵਿੱਚ ਸਥਿਤ ਬਿਕਰਮ ਸਿੰਘ ਮਜੀਠੀਆ ਦੇ ਘਰ ਛਾਪਾ ਵੀ ਮਾਰਿਆ। ਹਾਲਾਂਕਿ, ਛਾਪੇਮਾਰੀ ਦੌਰਾਨ ਬਿਕਰਮ ਸਿੰਘ ਮਜੀਠੀਆ ਆਪਣੇ ਘਰ ਮੌਜੂਦ ਨਹੀਂ ਸਨ। ਪੁਲਿਸ ਵੱਲੋਂ ਉਨ੍ਹਾਂ ਦੀ ਗ੍ਰਿਫ਼ਤਾਰੀ ਲਈ ਹੋਰ ਕਈ ਥਾਵਾਂ ’ਤੇ ਵੀ ਛਾਪੇ ਮਾਰੇ ਜਾ ਰਹੇ ਹਨ।


ਲੜੀਵਾਰ
ਗੁਰਬਾਣੀ
ਕਥਾ ਵਿਚਾਰ
ਗੁਰਦੁਆਰਾ ਸ਼ੀਸ਼ਗੰਜ ਸਾਹਿਬ
6 ਜੂਨ 2026 ਨੂੰ ਸ਼ਨੀਵਾਰ
ਸਵੇਰੇ 7:30 ਤੋਂ 8:30 ਵਜੇ ਤੱਕ
Live on PTC SIMRAN
ਗੁਰਦੁਆਰਾ ਬੰਗਲਾ ਸਾਹਿਬ
7 ਜੂਨ 2026 ਨੂੰ ਐਤਵਾਰ
ਸਵੇਰੇ 7:30 ਤੋਂ 8:30 ਵਜੇ ਤੱਕ
Live on CHARDIKLA TIME TV
ਪੰਥ ਪ੍ਰਸਿੱਧ ਸਿੱਖ ਪ੍ਰਚਾਰਕ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸੰਗਤਾਂ ਨਾਲ ਵਿਚਾਰਾਂ ਦੀ ਸਾਂਝ ਪਾਉਣਗੇ
ਸੰਪਰਕ ਨੰ.:
9356060960, 9814015740
ਆਵਾਜ਼ਿ ਕੌਮ AWAZE QAUM
International Newspaper & WEB TV
ਵਾਹਿਗੁਰੂ ਜੀ ਕਾ ਖਾਲਸਾ, ਵਾਹਿਗੁਰੂ ਜੀ ਕੀ ਫਤਹਿ

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net

ਦਮਦਮੀ ਟਕਸਾਲ

ਨਾਮ ਜਪੋ / Naam Japo
ਕਿਰਤ ਕਰੋ / Kirat Karo
ਵੰਡ ਛਕੋ / Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV




ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ | ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ

ਸੰਪਰਕ ਨੰਬਰ 84278-66404

ਜਾਰੀ ਕਰਤਾ : ਭਾਈ ਜਰਨੈਲ ਸਿੰਘ ਵਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਵਿੱਲੋਂ, ਜ: ਮਹਿਤਾਬ ਸਿੰਘ ਵਿੱਲੋਂ


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

"ੴ ਸਤਿਗੁਰ ਪ੍ਰਸਾਦਿ ॥"

# ਖੇਡਾਂ ਸਲੇਮ ਪੁਰ ਮਸੰਦਾ ਦੀਆਂ

## ਧੰਨ-ਧੰਨ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਚਰਨ ਸੇਵਕ

# ਬਾਬਾ ਦਾਸਾ ਜੀ ਦੇ ਸਾਲਾਨਾ ਜੋੜ ਮੇਲੇ ਤੇ

# 72ਵਾਂ ਸ਼ਾਨਦਾਰ ਵਾਲੀਵਾਲ ਅਤੇ ਕਬੱਡੀ ਟੂਰਨਾਮੈਂਟ

**24-6-2026 ਤੋਂ 28-6-2026 ਤੱਕ ਪਿੰਡ ਸਲੇਮਪੁਰ-ਮਸੰਦਾ ਵਿਖੇ ਕਰਵਾਇਆ ਜਾ ਰਿਹਾ ਹੈ ।**

ਆਪ ਜੀ ਨੂੰ ਇਹ ਜਾਣ ਕੇ ਖੁਸ਼ੀ ਹੋਵੇਗੀ ਪਿੰਡ ਸਲੇਮਪੁਰ-ਮਸੰਦਾ ਵਿਖੇ ਪਿਛਲੇ ਸਾਲਾ ਦੀ ਤਰ੍ਹਾਂ ਕਬੱਡੀ ਅਤੇ ਵਾਲੀਵਾਲ ਟੂਰਨਾਮੈਂਟ ਕਰਵਾਇਆ ਜਾ ਰਿਹਾ ਹੈ । ਜਿਹੜਾ 24-6-2026 ਤੋਂ 28-6-2026 ਦਿਨ ਬੁੱਧਵਾਰ, ਵੀਰਵਾਰ, ਸ਼ੁੱਕਰਵਾਰ, ਸ਼ਨੀਵਾਰ ਅਤੇ ਐਤਵਾਰ ਨੂੰ ਹੋ ਰਿਹਾ ਹੈ । ਸਾਰੇ ਇਲਾਕੇ ਦੇ ਖਿਡਾਰੀਆਂ ਅੱਗੇ ਅਪੀਲ ਕੀਤੀ ਜਾਂਦੀ ਹੈ ਕਿ ਵੱਧ ਤੋਂ ਵੱਧ ਟੀਮਾਂ ਭੇਜ ਕੇ ਮੇਲੇ ਦੀ ਰੌਣਕ ਨੂੰ ਵਧਾਓ ਜੀ ।

## ਪ੍ਰੋਗਰਾਮ

**ਦਿਨ ਸ਼ਨੀਵਾਰ 27 ਜੂਨ 2026 ਮੁਤਾਬਿਕ 13 ਹਾੜ**

ਆਰੰਭ ਸ੍ਰੀ ਅਖੰਡ ਪਾਠ ਸਾਹਿਬ..........10.00 ਵਜੇ ਸਵੇਰੇ

**ਦਿਨ ਸੋਮਵਾਰ 29 ਜੂਨ 2026 ਮੁਤਾਬਿਕ 15 ਹਾੜ**

ਭੋਗ ਸ੍ਰੀ ਅਖੰਡ ਪਾਠ ਸਾਹਿਬ..........9.00 ਵਜੇ ਸਵੇਰੇ ਉਪਰੰਤ 3 ਵਜੇ ਤੱਕ ਦਿਵਾਨ ਸਜੇਗਾ ।

ਆਵਾਜ਼ਿ ਕੌਮ AWAZE QAUM International Newspaper & WEB TV

**ਇਸ ਸ਼ੁਭ ਅਵਸਰ ਤੇ ਢਾਡੀ ਜੱਥਾ ਮੇਜਰ ਸਿੰਘ ਹੀਰਾ, ਢਾਡੀ ਜੱਥਾ ਸੁਖਵਿੰਦਰ ਸਿੰਘ ਅਨਮੋਲ ਸੰਗਤਾਂ ਨੂੰ ਨਿਹਾਲ ਕਰਨਗੇ ।**

27-28 ਜੂਨ ਸ਼ਾਮ 7-00 ਵਜੇ ਤੋਂ 9-00 ਵਜੇ ਤੱਕ ਭਾਈ ਸੁਲੱਖਣ ਸਿੰਘ ਮਾਛੀਵਾੜਾ ਸਾਹਿਬ ਵਾਲੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ । ਸਲੇਮਪੁਰ ਤੇ ਪਰਾਗਪੁਰ ਵਾਲੀਆਂ ਬੀਬੀਆਂ ਦਾ ਜੱਥਾ 24 ਜੂਨ ਤੋਂ 28 ਜੂਨ ਤੱਕ ਸਵੇਰੇ 6-00 ਵਜੇ ਤੋਂ 8-00 ਵਜੇ ਤੱਕ ਸੁਖਮਨੀ ਸਾਹਿਬ ਦੇ ਜਾਪ ਕਰਨਗੇ ।

## ਇਸ ਟੂਰਨਾਮੈਂਟ ਵਿਚ ਹੇਠ ਲਿਖੀਆਂ ਖੇਡਾਂ ਹੋਣਗੀਆਂ

### ਕਬੱਡੀ ਮੁਕਾਬਲੇ

| ਐਂਟਰੀ | | ਪਹਿਲਾਂ ਇਨਾਮ | ਦੂਸਰਾ ਇਨਾਮ |
|---|---|---|---|
| ਸੱਦੀਆ ਹੋਇਆ 8 ਕਲੱਬਾ | 28 ਜੂਨ 1 ਵਜੇ ਤੋਂ | 111000/- | 81000/- |
| 75 ਕਿਲੋ ਕਲੱਬ | 27 ਜੂਨ 12 ਵਜੇ ਤੱਕ | 55000/- | 45000/- |
| 65 ਕਿਲੋ | 27 ਜੂਨ 8 ਵਜੇ ਤੱਕ | 45000/- | 35000/- |
| 55 ਕਿਲੋ | 26 ਜੂਨ 8 ਵਜੇ ਤੱਕ | 30000/- | 25000/- |
| 45 ਕਿਲੋ | 25 ਜੂਨ 8 ਵਜੇ ਤੱਕ | 20000/- | 15000/- |

27 ਜੂਨ ਨੂੰ 75 ਕਿਲੋ ਕਬੱਡੀ ਦਾ ਇੱਕ ਰਾਊਂਡ ਖਡਾਇਆ ਜਾਵੇਗਾ ।

ਨੋਟ-ਹਰੇਕ ਟੀਮ ਵਿੱਚ 2 ਖਿਡਾਰੀ ਬਾਹਰਲੇ ਖੇਡ ਸਕਦੇ ਹਨ ।

### ਵਾਲੀਵਾਲ ਮੁਕਾਬਲੇ

ਓਪਨ ਪਿੰਡ ਪੱਧਰ 28 ਜੂਨ

| ਪਹਿਲਾਂ ਇਨਾਮ | ਦੂਸਰਾ ਇਨਾਮ | ਤੀਸਰਾ ਇਨਾਮ | ਚੌਥਾ ਇਨਾਮ |
|---|---|---|---|
| 41000/- | 31000/- | 15000/- | 10000/- |

ਨੋਟ-2 ਖਿਡਾਰੀ ਬਾਹਰਲੇ ਖੇਡ ਸਕਦੇ ਹਨ ।

12 ਵਜੇ ਤੋਂ ਬਾਅਦ ਕੋਈ ਵੀ ਟੀਮ ਐਂਟਰ ਨਹੀਂ ਕੀਤੀ ਜਾਵੇਗੀ । ਪਹਿਲੀਆ 16 ਟੀਮਾਂ ਐਂਟਰ ਕੀਤੀਆ ਜਾਣਗੀਆ ।

ਮਿਤੀ 29 ਜੂਨ 2026 ਦਿਨ ਸੋਮਵਾਰ ਨੂੰ ਕੁਸ਼ਤੀਆਂ ਦੇ ਮੁਕਾਬਲੇ ਸ਼ਾਮ 4 ਵਜੇ ਕਰਵਾਏ ਜਾਣਗੇ । ਪੰਦੇ ਦੀ ਕੁਸ਼ਤੀ ਗਗਨ ਖਾਨਾ ਅਤੇ ਇਕਬਾਲ ਇਰਾਨ ਵਿੱਚ ਹੋਵੇਗੀ । ਛੋਟੇ ਛੋਟੇ ਅਖਾੜਿਆ ਦੀਆਂ ਕੁਸ਼ਤੀਆ ਕਰਵਾਇਆ ਜਾਣਗੀਆ ।



ਓਪਨ ਕਲੱਬ ਕਬੱਡੀ ਦੇ ਬੈਸਟ ਰੇਡਰ ਤੇ ਜਾਫੀ ਨੂੰ ਮੋਟਰਸਾਇਕਲ ਦਿੱਤੇ ਜਾਣਗੇ ।



75 ਕਿਲੋ ਕਬੱਡੀ ਬੈਸਟ ਰੇਡਰ ਤੇ ਜਾਫੀ ਨੂੰ ਮੋਟਰਸਾਇਕਲ ਦਿੱਤੇ ਜਾਣਗੇ ।



65 ਕਿਲੋ ਕਬੱਡੀ ਬੈਸਟ ਰੇਡਰ ਤੇ ਜਾਫੀ ਨੂੰ ਮੋਟਰਸਾਇਕਲ ਦਿੱਤੇ ਜਾਣਗੇ ।

55 ਕਿਲੋ ਕਬੱਡੀ ਬੈਸਟ ਰੇਡਰ ਤੇ ਜਾਫੀ ਨੂੰ 11000- 11000 ਹਜ਼ਾਰ ਰੁਪਏ ਦਿੱਤੇ ਜਾਣਗੇ । 45 ਕਿਲੋ ਬੈਸਟ ਰੇਡਰ ਤੇ ਜਾਫੀ ਨੂੰ 5100-5100 ਰੁਪਏ ਦਿੱਤੇ ਜਾਣਗੇ ।



24 ਜੂਨ ਦਿੰਨ ਬੁੱਧਵਾਰ ਦਸਤਾਰ ਮੁਕਾਬਲੇ 10 ਵਜੇ ਕਰਵਾਏ ਜਾਣਗੇ । ਉਮਰ 15 ਸਾਲ ਤੱਕ ਪਹਿਲਾ ਇਨਾਮ-5100, ਦੂਸਰਾ ਇਨਾਮ-4100, ਤੀਸਰਾ ਇਨਾਮ-3100 ਰੁਪਏ ਦਿੱਤੇ ਜਾਣਗੇ । ਉਮਰ 21 ਸਾਲ ਤੱਕ ਪਹਿਲਾ ਇਨਾਮ-7100, ਦੂਸਰਾ ਇਨਾਮ-6100 ਰੁਪਏ ਦਿੱਤੇ ਜਾਣਗੇ । [illegible]



24 ਜੂਨ ਦਿੰਨ ਬੁੱਧਵਾਰ ਨੂੰ ਦੁਪਹਿਰ 2 ਵਜੇ ਬਲਦਾ ਦੇ ਹੱਲਟ ਮੁਕਾਬਲੇ ਕਰਵਾਏ ਜਾਣਗੇ ।



ਪਹਿਲਾ ਇਨਾਮ- ਦੂਸਰਾ ਇਨਾਮ-20000, ਤੀਜਾ ਇਨਾਮ-15000, ਚੌਥਾ ਇਨਾਮ-11000, ਪੰਜਵਾ ਇਨਾਮ -10000 ਰੁਪਏ ਹਰੇਕ ਦੌੜਣ ਵਾਲੀ ਜੋਗ ਨੂੰ 3100-3100 ਰੁਪਏ ਦਿੱਤੇ ਜਾਣਗੇ ।



ਬੈਸਟ ਵਾਲੀਵਾਲ ਖਿਡਾਰੀ ਫਾਈਨਲ 11000 ਰੁਪਏ ਤੀਜੇ ਤੇ ਚੌਥੇ ਵਿਚੋ ਬੈਸਟ 5100 ਰੁਪਏ

### ਜੌਹਲ ਹਸਪਤਾਲ

ਵਲੋ ਖਿਡਾਰੀਆ ਅਤੇ ਬਾਹਰੋ ਆਏ ਦਰਸ਼ਕਾ ਨੂੰ ਫਰੀ ਮੈਡੀਕਲ ਸਹਾਇਤਾ ਦਿੱਤੀ ਜਾਵੇਗੀ ।

**ਗੁਰੂ ਕਾ ਲੰਗਰ ਅਤੁੱਟ ਵਰਤੇਗਾ ।**

**ਨੋਟ : ਇਹ ਕਬੱਡੀ ਟੂਰਨਾਮੈਂਟ ਗੁਰਦੁਆਰਾ ਬਾਬਾ ਦਾਸਾ ਜੀ ਦੇ ਅਸਥਾਨ ਦੇ ਨਜਦੀਕ ਕਰਵਾਇਆ ਜਾਵੇਗਾ ।**

ਜਰੂਰੀ ਸ਼ਰਤਾ : 1. ਕੋਈ ਵੀ ਖਿਡਾਰੀ ਤੇਲ ਅਤੇ ਵੈਸਲੀਨ ਵਗੈਰਾ ਸਰੀਰ ਉੱਤੇ ਲਾਕੇ ਨਹੀਂ ਖੇਡ ਸਕਦਾ। 2. ਪੰਜ ਖਿਡਾਰੀਆ ਤੋਂ ਘੱਟ ਖਿਡਾਰੀ ਹੋਣ ਦੀ ਸੂਰਤ ਵਿੱਚ ਨੰਬਰ ਵਿਰੋਧੀ ਟੀਮ ਨੂੰ ਦਿੱਤੇ ਜਾਣਗੇ । 3. ਹਰੇਕ ਟੀਮ ਦਾ ਭਾਰ ਇਕ ਵਾਰੀ ਤੋਲਿਆ ਜਾਵੇਗਾ ਤੇ ਜੇ ਕੋਈ ਟੀਮ ਇਤਰਾਜ ਕਰਦੀ ਹੈ ਤਾਂ ਖਿਡਾਰੀ ਦਾ ਭਾਰ ਦੁਆਰਾ ਤੋਲਿਆ ਜਾਵੇਗਾ। 4. ਜਿਹੜੀਆ ਵੀ ਟੀਮਾਂ ਆਪਸ ਵਿੱਚ ਰਲ ਕੇ ਖੇਡਣਗੀਆਂ ਉਹਨਾਂ ਨੂੰ ਟੂਰਨਾਮੈਂਟ ਵਿਚੋਂ ਬਾਹਰ ਕੱਢ ਦਿੱਤਾ ਜਾਵੇਗਾ । 5. **ਹਰੇਕ ਖਿਡਾਰੀ ਆਪਣੇ 2 ਪਛਾਣ ਪੱਤਰ ਨਾਲ ਲੈਕੇ ਆਵੇ ।** 6. ਕੋਈ ਵੀ ਖਿਡਾਰੀ ਨਸ਼ਾ ਕਰਕੇ ਨਹੀਂ ਖੇਡ ਸਕਦਾ । 7. ਬਾਕੀ ਸ਼ਰਤਾਂ ਮੌਕੇ ਤੇ ਦੱਸੀਆਂ ਜਾਣਗੀਆ । 8. ਕਿਸੇ ਵੀ ਕਿਸਮ ਦੇ ਝਗੜਾ ਜਾਂ ਇਤਰਾਜ ਤੇ ਆਖਰੀ ਫੈਸਲਾ ਬਾਬਾ ਦਾਸਾ ਜੀ ਮੈਨੇਜਮੈਂਟ ਕਮੇਟੀ ਦਾ ਹੋਵੇਗਾ । 9. **ਕਬੱਡੀ ਦੇ ਬੈਸਟ ਖਿਡਾਰੀ ਸੈਮੀ ਫਾਈਨਲ ਅਤੇ ਫਾਈਨਲ ਵਿੱਚੋਂ ਕੱਢੇ ਜਾਣਗੇ ।**



ਰੱਸਾ-ਕੱਸੀ ਕਲੱਬ ਮਿਤੀ 28-6-2026 ਇਨਾਮ 20000, 15000 ਰੁਪਏ

ਲਾਈਵ ਮੇਲਾ ਮਿਤੀ 26-27-28-29 ਜੂਨ 2026 ਨੂੰ malwatv ਵਿਖਾਏ ਜਾਣਗੇ ।

**ਵੱਲੋਂ : ਬਾਬਾ ਦਾਸਾ ਜੀ ਪ੍ਰਬੰਧਕ ਕਮੇਟੀ, (ਰਜਿ.) ਗ੍ਰਾਮ ਪੰਚਾਇਤ, ਐਨ. ਆਰ. ਆਈ. ਵੀਰ ਅਤੇ ਭੈਣਾ, ਸਮੂਹ ਸਾਧ ਸੰਗਤ ਸਲੇਮਪੁਰ ਮਸੰਦਾਂ (ਜਲੰਧਰ)**

**ਪਿੰਡ ਸਲੇਮਪੁਰ ਮਸੰਦਾਂ ਜੀ.ਟੀ. ਰੋਡ, ਪਰਾਗਪੁਰ ਤੋਂ ਚੜ੍ਹਦੇ ਵੱਲ 1 ਕਿ. ਮੀ. ਦੀ ਦੂਰੀ ਤੇ ਫੱਲਣ ਵੱਲ ਹੈ ।**


**ਧੰਨ ਧੰਨ ਬਾਬਾ ਦਾਸਾ ਜੀ ਦੇ 72 ਵੇ ਸਲਾਨਾ ਜੋੜ ਮੇਲੇ ਦੇ ਸਬੰਧ ਵਿਚ ਕਬੱਡੀ ਬਲਦਾ ਦੀਆ ਹਲਟ ਦੌੜਾ ਵਾਲੀਵਾਲ ਰੱਸਾਕੱਸੀ ਦਸਤਾਰ ਮੁਕਾਬਲੇ ਕੁਸ਼ਤੀਆ ਦੇ ਮੁਕਾਬਲੇ ਕਰਵਾਏ ਜਾਣਗੇ**

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)

# ਘੱਲੂਘਾਰਾ ਜੂਨ 1984 ਨੂੰ

## 5, 6, 7 ਜੂਨ ਨੂੰ ਭਾਰੀ ਦੀਵਾਨ ਸਜਣਗੇ



☛ ਸ਼ਹੀਦੀ ਦਿਹਾੜਾ ਦਮਦਮੀ ਟਕਸਾਲ ਦੇ 14 ਵੇਂ ਮੁਖੀ ਸਿੱਖ ਕੌਮ ਜਰਨੈਲ ਸ੍ਰੀਮਾਨ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਅਤੇ ਨਾਲ ਦੇ ਸ਼ਹੀਦ ਹੋਏ ਸਿੰਘ ਸਿੰਘਣੀਆਂ ਭੁਝੰਗੀਆਂ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।



ਢਾਡੀ ਜਥਾ ਗਿਆਨੀ ਸੁਖਜਿੰਦਰ ਸਿੰਘ ਨੂਰ

• ਸ਼ੁੱਕਰਵਾਰ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ 10 : 30 ਵਜੇ ਹੋਵੇਗੀ 5 ਜੂਨ ਨੂੰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ। • ਸ਼ਨਿੱਚਰਵਾਰ 6 ਜੂਨ ਸ਼ਾਮ ਨੂੰ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।

ਐਤਵਾਰ 7 ਜੂਨ 2026 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਪਹਿਲਾਂ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ ਸ੍ਰੀ ਅਖੰਡ ਪਾਠ ਸਾਹਿਬ ਦੇ 10:30 ਪੈਣਗੇ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਢਾਡੀ ਜਥਾ ਗਿਆਨੀ ਸੁਖਜਿੰਦਰ ਸਿੰਘ ਜੀ ਨੂਰ ਢਾਡੀ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

• ਤਰਾਂ ਤਰਾਂ ਦੇ ਸਟਾਲ ਵੀ ਲੱਗਣਗੇ • ਗੁਰੂ ਕਾ ਲੰਗਰ ਅਤੁੱਟ ਵਰਤੇਗਾ।

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

ਸਰਕਾਰੀ ਸਕੂਲਾਂ ਦੇ ਚਾਰ ਵਿਦਿਆਰਥੀਆਂ ਨੇ ਐਚਐਮਈਐਲ ਦੇ ਸੁਪਰ 100 ਪ੍ਰੋਗਰਾਮ ਨਾਲ ਜੇਈਈ ਐਡਵਾਂਸ ਕੀਤਾ ਕਵਾਲੀਫਾਈ

# ਹੁਣ ਆਈਆਈਟੀ ਅਤੇ ਐਨਆਈਟੀ ਵੱਲ ਦਾ ਰਾਹ ਖੁੱਲ੍ਹਾ

**ਤਲਵੰਡੀ ਸਾਬੋ**, 03 ਜੂਨ (**ਗੁਰਜੰਟ ਸਿੰਘ ਨਥੇਹਾ**)-ਸੀਮਤ ਸਾਧਨਾਂ, ਆਰਥਿਕ ਤੰਗੀਆਂ ਅਤੇ ਸਧਾਰਨ ਪਰਿਵਾਰਕ ਪਿਛੋਕੜ ਦੇ ਬਾਵਜੂਦ ਜੇਕਰ ਹੌਸਲੇ ਬੁਲੰਦ ਹੋਣ ਅਤੇ ਸਹੀ ਮਾਰਗਦਰਸ਼ਨ ਮਿਲ ਜਾਵੇ ਤਾਂ ਕੋਈ ਵੀ ਸੁਪਨਾ ਅਸੰਭਵ ਨਹੀਂ ਰਹਿੰਦਾ। ਇਸ ਗੱਲ ਨੂੰ ਬਠਿੰਡਾ ਦੇ ਸਰਕਾਰੀ ਸਕੂਲਾਂ ਦੇ ਚਾਰ ਹੋਣਹਾਰ ਵਿਦਿਆਰਥੀਆਂ ਨੇ ਸਾਬਤ ਕਰ ਦਿੱਤਾ ਹੈ, ਜਿਨ੍ਹਾਂ ਨੇ ਦੇਸ਼ ਦੀਆਂ ਸਭ ਤੋਂ ਮੁਸ਼ਕਲ ਇੰਜੀਨੀਅਰਿੰਗ ਦਾਖਲਾ ਪ੍ਰੀਖਿਆਵਾਂ ਵਿੱਚੋਂ ਇੱਕ ਜੇਈਈ ਐਡਵਾਂਸ 2026 ਨੂੰ ਕਵਾਲੀਫਾਈ ਕਰਕੇ ਆਪਣੀ ਪ੍ਰਤਿਭਾ ਦਾ ਲੋਹਾ ਮਨਵਾਇਆ ਹੈ। ਐਚਐਮਈਐਲ ਦੇ ਬੁਲਾਰੇ ਸ਼੍ਰੀ ਨਰਿੰਦਰ ਸ਼ਰਮਾ ਨੇ ਤਲਵੰਡੀ ਸਾਬੋ ਵਿਖੇ ਮੀਡੀਆ ਨੂੰ ਲਿਖਤੀ ਜਾਣਕਾਰੀ ਰਾਹੀਂ ਦੱਸਿਆ ਕਿ ਇਹ ਸਫਲਤਾ ਸਿਰਫ਼ ਇਨ੍ਹਾਂ ਵਿਦਿਆਰਥੀਆਂ ਦੀ ਨਿੱਜੀ ਪ੍ਰਾਪਤੀ ਨਹੀਂ, ਸਗੋਂ ਹਜ਼ਾਰਾਂ ਪੇਂਡੂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਲਈ ਇੱਕ ਪ੍ਰੇਰਣਾ ਹੈ। ਇਨ੍ਹਾਂ ਵਿੱਚੋਂ ਬਹੁਤੇ ਵਿਦਿਆਰਥੀ ਅਜਿਹੇ ਪਰਿਵਾਰਾਂ ਨਾਲ ਸਬੰਧਤ ਹਨ ਜਿੱਥੇ ਮਾਪੇ ਖੇਤੀਬਾੜੀ, ਮਜ਼ਦੂਰੀ ਜਾਂ ਛੋਟੇ-ਮੋਟੇ ਕੰਮ ਕਰਕੇ ਪਰਿਵਾਰ ਦਾ ਗੁਜ਼ਾਰਾ ਕਰਦੇ ਹਨ। ਅੱਜ ਇਹ ਨੌਜਵਾਨ ਆਪਣੇ ਪਰਿਵਾਰਾਂ ਵਿੱਚ ਇੰਜੀਨੀਅਰ ਬਣਨ ਵੱਲ ਕਦਮ ਵਧਾਉਣ ਵਾਲੀ ਪਹਿਲੀ ਪੀੜ੍ਹੀ ਬਣ ਰਹੇ ਹਨ। ਇਸ ਉਪਲਬਧੀ ਦੇ ਪਿੱਛੇ ਐਚਐਮਈਐਲ ਗੁਰੂ ਗੋਬਿੰਦ ਸਿੰਘ ਰਿਫਾਇਨਰੀ ਅਤੇ ਸੀਐਸਆਰਐਲ (ਸੈਂਟਰ ਫਾਰ ਸੋਸ਼ਲ ਰਿਸਪਾਂਸਬਿਲਿਟੀ ਐਂਡ ਲੀਡਰਸ਼ਿਪ), ਦਿੱਲੀ ਵੱਲੋਂ ਚਲਾਇਆ ਜਾ ਰਿਹਾ ਨੈਸ਼ਨਲ ਸੁਪਰ 100 ਪ੍ਰੋਗਰਾਮ ਅਹਿਮ ਭੂਮਿਕਾ ਨਿਭਾ ਰਿਹਾ ਹੈ। ਇਸ ਪਹਿਲ ਤਹਿਤ ਚੁਣੇ ਗਏ ਵਿਦਿਆਰਥੀਆਂ ਨੂੰ 11 ਮਹੀਨਿਆਂ ਦੀ ਮੁਫ਼ਤ ਰਿਹਾਇਸ਼ੀ ਕੋਚਿੰਗ, ਰਹਿਣ-ਸਹਿਣ, ਖਾਣ-ਪੀਣ ਅਤੇ ਪੜ੍ਹਾਈ ਲਈ ਲੋੜੀਂਦੀ ਸਮੱਗਰੀ ਮੁਹੱਈਆ ਕਰਵਾਈ ਜਾਂਦੀ ਹੈ ਤਾਂ ਜੋ ਆਰਥਿਕ ਕਮਜ਼ੋਰੀ ਕਿਸੇ ਵੀ ਪ੍ਰਤਿਭਾ ਦੇ ਸੁਪਨਿਆਂ ਦੇ ਰਾਹ ਵਿੱਚ ਰੁਕਾਵਟ ਨਾ ਬਣੇ। ਜੇਈਈ ਐਡਵਾਂਸ ਕਵਾਲੀਫਾਈ ਕਰਨ ਵਾਲੇ ਵਿਦਿਆਰਥੀਆਂ ਵਿੱਚ ਅਨਮੋਲਪ੍ਰੀਤ ਸਿੰਘ (ਸ਼ਹੀਦ ਸੰਦੀਪ ਸਿੰਘ ਸਰਕਾਰੀ ਸਕੂਲ, ਪਰਸ ਰਾਮ ਨਗਰ), ਅਭੈ ਸਾਮਾ (ਮੈਰੀਟੋਰੀਅਸ ਸਕੂਲ, ਬਠਿੰਡਾ), ਪ੍ਰਭਜੋਤ ਸਿੰਘ (ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਭੁੱਚੋ ਮੰਡੀ) ਅਤੇ ਕਿਸ਼ਨਾ ਬਾਈ (ਮੈਰੀਟੋਰੀਅਸ ਸਕੂਲ, ਬਠਿੰਡਾ) ਸ਼ਾਮਲ ਹਨ। ਇਨ੍ਹਾਂ ਵਿਦਿਆਰਥੀਆਂ ਦੀ ਚੋਣ ਸਾਲ 2025 ਵਿੱਚ ਕਰਵਾਈ ਗਈ ਨੈਸ਼ਨਲ ਸੁਪਰ 100 ਪ੍ਰਵੇਸ਼ ਪ੍ਰੀਖਿਆ ਰਾਹੀਂ ਹੋਈ ਸੀ, ਜਿਸ ਤੋਂ ਬਾਅਦ ਉਨ੍ਹਾਂ ਨੂੰ ਦਿੱਲੀ ਸਥਿਤ ਸੀਐਸਆਰਐਲ ਕੇਂਦਰ ਵਿੱਚ ਭੇਜਿਆ ਗਿਆ, ਜਿੱਥੇ ਮਾਹਿਰ ਅਧਿਆਪਕਾਂ ਦੀ ਨਿਗਰਾਨੀ ਹੇਠ ਜੇਈਈ ਮੇਨਜ਼ ਅਤੇ ਜੇਈਈ ਐਡਵਾਂਸ ਦੀ ਤਿਆਰੀ ਕਰਵਾਈ ਗਈ। ਇਨ੍ਹਾਂ ਸਫਲਤਾਵਾਂ ਦੇ ਪਿੱਛੇ ਸੰਘਰਸ਼ ਅਤੇ ਦ੍ਰਿੜ ਇਰਾਦੇ ਦੀਆਂ ਪ੍ਰੇਰਣਾਦਾਇਕ ਕਹਾਣੀਆਂ ਲੁਕੀਆਂ ਹੋਈਆਂ ਹਨ। ਫਾਜ਼ਿਲਕਾ ਦੇ ਪਿੰਡ ਜੰਡਵਾਲਾ ਦੇ ਰਹਿਣ ਵਾਲੇ ਅਭੈ ਸਾਮਾ ਲਈ ਇੰਜੀਨੀਅਰ ਬਣਨ ਦਾ ਸੁਪਨਾ ਇੱਕ ਸਮੇਂ ਬਹੁਤ ਦੂਰ ਦੀ ਗੱਲ ਸੀ। ਪਰਿਵਾਰ ਦੀ ਸੀਮਤ ਆਮਦਨ, ਪਿਤਾ ਦੀ ਗੰਭੀਰ ਬਿਮਾਰੀ ਅਤੇ ਘੱਟ ਜ਼ਮੀਨ ਹੋਣ ਕਾਰਨ ਮਹਿੰਗੀ ਕੋਚਿੰਗ ਲੈਣਾ ਸੰਭਵ ਨਹੀਂ ਸੀ। ਅਜਿਹੇ ਸਮੇਂ ਵਿੱਚ ਨੈਸ਼ਨਲ ਸੁਪਰ 100 ਪ੍ਰੋਗਰਾਮ ਉਨ੍ਹਾਂ ਲਈ ਉਮੀਦ ਦੀ ਇੱਕ ਨਵੀਂ ਕਿਰਣ ਬਣ ਕੇ ਆਇਆ।




ਇਸੇ ਤਰ੍ਹਾਂ ਪਿੰਡ ਪੂਹਲੀ ਦੇ ਪ੍ਰਭਜੋਤ ਸਿੰਘ ਦਾ ਸੁਪਨਾ ਵੀ ਇੰਜੀਨੀਅਰ ਬਣਨ ਦਾ ਸੀ, ਪਰ ਆਰਥਿਕ ਹਾਲਾਤ ਉਸਦੇ ਰਸਤੇ ਵਿੱਚ ਵੱਡੀ ਚੁਣੌਤੀ ਸਨ। ਇੱਕ ਮਜ਼ਦੂਰ ਦੇ ਪੁੱਤਰ ਪ੍ਰਭਜੋਤ ਨੇ ਪ੍ਰੋਗਰਾਮ ਲਈ ਅਰਜ਼ੀ ਦਿੱਤੀ, ਚੋਣ ਪ੍ਰੀਖਿਆ ਪਾਸ ਕੀਤੀ ਅਤੇ ਦਿੱਲੀ ਵਿੱਚ ਮੁਫ਼ਤ ਕੋਚਿੰਗ ਹਾਸਲ ਕੀਤੀ। ਅੱਜ ਉਹ ਆਪਣੇ ਪਰਿਵਾਰ ਵਿੱਚ ਇੰਜੀਨੀਅਰਿੰਗ ਦੀ ਪੜ੍ਹਾਈ ਕਰਨ ਵਾਲਾ ਪਹਿਲਾ ਮੈਂਬਰ ਬਣਨ ਦੇ ਨੇੜੇ ਹੈ।

ਅਨਮੋਲਪ੍ਰੀਤ ਸਿੰਘ ਦੀ ਕਹਾਣੀ ਵੀ ਘੱਟ ਪ੍ਰੇਰਣਾਦਾਇਕ ਨਹੀਂ। ਪਰਸ ਰਾਮ ਨਗਰ ਦੇ ਸਰਕਾਰੀ ਸਕੂਲ ਵਿੱਚ ਪੜ੍ਹਦੇ ਸਮੇਂ ਉਨ੍ਹਾਂ ਨੂੰ ਜੇਈਈ ਵਰਗੀਆਂ ਪ੍ਰਤੀਯੋਗੀ ਪ੍ਰੀਖਿਆਵਾਂ ਬਾਰੇ ਜ਼ਿਆਦਾ ਜਾਣਕਾਰੀ ਨਹੀਂ ਸੀ। ਸਕੂਲ ਵਿੱਚ ਹੋਏ ਸੁਪਰ 100 ਟੈਸਟ ਵਿੱਚ ਭਾਗ ਲੈਣ ਤੋਂ ਬਾਅਦ ਉਨ੍ਹਾਂ ਦੀ ਚੋਣ ਹੋਈ ਅਤੇ ਦਿੱਲੀ ਵਿੱਚ ਦੇਸ਼ ਭਰ ਤੋਂ ਆਏ ਹੋਣਹਾਰ ਵਿਦਿਆਰਥੀਆਂ ਨਾਲ ਪੜ੍ਹਨ ਦਾ ਮੌਕਾ ਮਿਲਿਆ। ਇਸ ਨਾਲ ਉਨ੍ਹਾਂ ਦਾ ਆਤਮ-ਵਿਸ਼ਵਾਸ ਅਤੇ ਗਿਆਨ ਦੋਵੇਂ ਵਧੇ ਅਤੇ ਅੱਜ ਉਹ ਇੱਕ ਮਾਣਯੋਗ ਐਨਆਈਟੀ ਤੋਂ ਇੰਜੀਨੀਅਰਿੰਗ ਕਰਨ ਦਾ ਸੁਪਨਾ ਦੇਖ ਰਹੇ ਹਨ।

ਐਚਐਮਈਐਲ ਨੇ ਸਾਲ 2022 ਵਿੱਚ ਸੀਐਸਆਰਐਲ ਨਾਲ ਭਾਈਵਾਲੀ ਕਰਕੇ ਨੈਸ਼ਨਲ ਸੁਪਰ 100 ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਸੀ। ਇਸ ਦਾ ਉਦੇਸ਼ ਆਰਥਿਕ ਤੌਰ 'ਤੇ ਕਮਜ਼ੋਰ ਪਰ ਹੋਣਹਾਰ ਵਿਦਿਆਰਥੀਆਂ ਨੂੰ ਆਈਆਈਟੀ, ਐਨਆਈਟੀ ਅਤੇ ਹੋਰ ਪ੍ਰਮੁੱਖ ਤਕਨੀਕੀ ਸੰਸਥਾਵਾਂ ਤੱਕ ਪਹੁੰਚਣ ਲਈ ਮਦਦ ਪ੍ਰਦਾਨ ਕਰਨਾ ਹੈ।

ਇਸ ਪਹਿਲ ਰਾਹੀਂ ਪਹਿਲਾਂ ਵੀ ਕਈ ਵਿਦਿਆਰਥੀ ਆਈਆਈਟੀ ਗੁਹਾਟੀ, ਆਈਆਈਟੀ ਖੜਗਪੁਰ ਅਤੇ ਐਨਆਈਟੀ ਜਲੰਧਰ ਵਰਗੀਆਂ ਵੱਕਾਰੀ ਸੰਸਥਾਵਾਂ ਵਿੱਚ ਦਾਖਲਾ ਹਾਸਲ ਕਰ ਚੁੱਕੇ ਹਨ। ਇਨ੍ਹਾਂ ਚਾਰ ਵਿਦਿਆਰਥੀਆਂ ਦੀ ਸਫਲਤਾ ਸਿਰਫ਼ ਇੱਕ ਨਤੀਜਾ ਨਹੀਂ, ਸਗੋਂ ਇਸ ਗੱਲ ਦਾ ਸਬੂਤ ਹੈ ਕਿ ਜਦੋਂ ਪ੍ਰਤਿਭਾ ਨੂੰ ਸਹੀ ਮੌਕੇ, ਮਾਰਗਦਰਸ਼ਨ ਅਤੇ ਸਹਿਯੋਗ ਮਿਲਦਾ ਹੈ ਤਾਂ ਪਿੰਡਾਂ ਦੀਆਂ ਗਲੀਆਂ ਤੋਂ ਨਿਕਲਣ ਵਾਲੇ ਸੁਪਨੇ ਵੀ ਦੇਸ਼ ਦੀਆਂ ਸਰਵੋਤਮ ਸੰਸਥਾਵਾਂ ਤੱਕ ਪਹੁੰਚ ਸਕਦੇ ਹਨ। ਉਨ੍ਹਾਂ ਦੀ ਇਹ ਉਪਲਬਧੀ ਨਾ ਸਿਰਫ਼ ਉਨ੍ਹਾਂ ਦੇ ਪਰਿਵਾਰਾਂ ਲਈ ਮਾਣ ਦੀ ਗੱਲ ਹੈ, ਸਗੋਂ ਇਹ ਸੰਦੇਸ਼ ਵੀ ਦਿੰਦੀ ਹੈ ਕਿ ਸਿੱਖਿਆ ਅਤੇ ਮੌਕੇ ਮਿਲ ਕੇ ਕਿਸੇ ਵੀ ਸੁਪਨੇ ਨੂੰ ਹਕੀਕਤ ਵਿੱਚ ਬਦਲ ਸਕਦੇ ਹਨ।

ਪਿੰਡ ਜਗਾ ਰਾਮ ਤੀਰਥ ਤੋਂ

# ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਸ਼ਰਧਾਲੂਆਂ ਦੀ ਬੱਸ ਰਵਾਨਾ



**ਤਲਵੰਡੀ ਸਾਬੋ, 3 ਜੂਨ (ਗੁਰਜੰਟ ਸਿੰਘ ਨਥੇਹਾ)**-ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਅੱਜ ਪਿੰਡ ਜਗਾਰਾਮ ਤੀਰਥ ਤੋਂ ਸ਼ਰਧਾਲੂਆਂ ਨਾਲ ਭਰੀ ਬੱਸ ਨੂੰ ਚੀਫ ਵਿਪ ਪੰਜਾਬ ਅਤੇ ਵਿਧਾਇਕ ਤਲਵੰਡੀ ਸਾਬੋ ਪ੍ਰੋ. ਬਲਜਿੰਦਰ ਕੌਰ ਨੇ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਸ ਮੌਕੇ ਪ੍ਰੋ. ਬਲਜਿੰਦਰ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲੋਕ ਭਲਾਈ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਦਾ ਉਦੇਸ਼ ਸੂਬੇ ਦੇ ਲੋਕਾਂ ਨੂੰ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਉਣਾ ਹੈ ਤਾਂ ਜੋ ਉਹ ਬਿਨਾਂ ਕਿਸੇ ਆਰਥਿਕ ਬੋਝ ਦੇ ਆਪਣੇ ਧਾਰਮਿਕ ਸਥਾਨਾਂ ਦੀ ਯਾਤਰਾ ਕਰ ਸਕਣ। ਉਨ੍ਹਾਂ ਦੱਸਿਆ ਕਿ ਇਸ ਸਕੀਮ ਤਹਿਤ ਸ਼ਰਧਾਲੂਆਂ ਨੂੰ ਯਾਤਰਾ ਦੌਰਾਨ ਆਉਣ-ਜਾਣ, ਰਹਿਣ ਅਤੇ ਭੋਜਨ ਸਮੇਤ ਹੋਰ ਲੋੜੀਂਦੀਆਂ ਸਹੂਲਤਾਂ ਪੰਜਾਬ ਸਰਕਾਰ ਵੱਲੋਂ ਮੁਹੱਈਆ ਕਰਵਾਈਆਂ ਜਾਂਦੀਆਂ ਹਨ। ਇਸ ਯੋਜਨਾ ਨੂੰ ਲੋਕਾਂ ਵੱਲੋਂ ਭਰਪੂਰ ਹੁੰਗਾਰਾ ਮਿਲ ਰਿਹਾ ਹੈ ਅਤੇ ਵੱਡੀ ਗਿਣਤੀ ਵਿੱਚ ਸ਼ਰਧਾਲੂ ਇਸ ਦਾ ਲਾਭ ਲੈ ਰਹੇ ਹਨ। ਪ੍ਰੋ. ਬਲਜਿੰਦਰ ਕੌਰ ਨੇ ਯਾਤਰੀਆਂ ਨੂੰ ਸ਼ੁੱਭਕਾਮਨਾਵਾਂ ਦਿੰਦਿਆਂ ਕਿਹਾ ਕਿ ਇਹ ਯਾਤਰਾ ਉਨ੍ਹਾਂ ਲਈ ਆਤਮਿਕ ਸ਼ਾਂਤੀ, ਧਾਰਮਿਕ ਅਨੁਭਵ ਅਤੇ ਨਵੀਂ ਊਰਜਾ ਦਾ ਸਰੋਤ ਸਾਬਤ ਹੋਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀਆਂ ਭਾਵਨਾਵਾਂ ਦਾ ਸਤਿਕਾਰ ਕਰਦਿਆਂ ਅਜਿਹੀਆਂ ਲੋਕ-ਹਿਤੈਸ਼ੀ ਯੋਜਨਾਵਾਂ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਵਚਨਬੱਧ ਹੈ। ਇਸ ਮੌਕੇ ਹਾਜ਼ਰ ਸ਼ਰਧਾਲੂਆਂ ਨੇ ਪੰਜਾਬ ਸਰਕਾਰ ਅਤੇ ਵਿਧਾਇਕ ਪ੍ਰੋ. ਬਲਜਿੰਦਰ ਕੌਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਸਕੀਮ ਰਾਹੀਂ ਉਨ੍ਹਾਂ ਨੂੰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਦਾ ਸੁਨਹਿਰੀ ਮੌਕਾ ਪ੍ਰਾਪਤ ਹੋਇਆ ਹੈ। ਇਸ ਮੌਕੇ ਇਲਾਕੇ ਦੇ ਪਤਵੰਤੇ ਵਿਅਕਤੀ, ਪਾਰਟੀ ਆਗੂ, ਪੰਚਾਇਤੀ ਨੁਮਾਇੰਦੇ ਅਤੇ ਵੱਡੀ ਗਿਣਤੀ ਵਿੱਚ ਸ਼ਰਧਾਲੂ ਹਾਜ਼ਰ ਸਨ।

# ਨਗਰ ਕੌਂਸਲ ਚੋਣਾਂ ਹਲਕਾ ਜੰਡਿਆਲਾ ਗੁਰੂ ਵਿੱਚ ਸ਼ਾਨਦਾਰ ਹੋਈ ਜਿੱਤ: ਲਾਡੀ, ਸਰਪੰਚ ਨੰਗਲ, ਸੰਧੂ, ਸਰਪੰਚ ਕੁਹਾਟਵਿੰਡ, ਸਰਪੰਚ ਸੈਦੂਕੇ



**ਚੌਕ ਮਹਿਤਾ,3 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਹਲਕਾ ਜੰਡਿਆਲਾ ਗੁਰੂ ਤੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਐਸੀ ਵਿੰਗ ਦੇ ਪ੍ਰਧਾਨ ਸਰਪੰਚ ਮਨਜੀਤ ਸਿੰਘ ਮਲੱਕ ਨੰਗਲ, ਬਲਾਕ ਪ੍ਰਧਾਨ ਟ੍ਰੇਡ ਕਮਿਸ਼ਨ ਮੈਂਬਰ ਗੁਰਜਿੰਦਰ ਸਿੰਘ ਲਾਡੀ ਸੂਰੋ ਪੱਡਾ , ਜਸਕਰਨ ਸਿੰਘ ਸੰਧੂ ਮੀਡੀਆ ਇੰਚਾਰਜ ਜੰਡਿਆਲਾ ਗੁਰੂ, ਸਰਪੰਚ ਜੋਬਨਜੀਤ ਸਿੰਘ ਕੁਹਾੜ ਵਿੰਗ, ਸਰਪੰਚ ਬਲਜੀਤ ਸਿੰਘ ਸੈਦੂਕੇ, ਅਮ੍ਰਿਤਬੀਰ ਸਿੰਘ ਕੁਹਾੜਵਿੰਡ, ਹਰਪ੍ਰੀਤ ਸਿੰਘ ਕੁਹਾੜਵਿੰਡ ਨੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਨੂੰ ਮੁਰਾਬਕਾ ਦੇਣ ਲਈ ਪਾਉਂਚੇ। ਇੱਕ ਜਾਰੀ ਬਿਆਨ ਵਿੱਚ ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਮੌਜੂਦਾ ਸਰਕਾਰ ਦੀ ਅਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਕਾਰਗੁਜ਼ਾਰੀ ਤੋਂ ਬਹੁਤ ਖੁਸ਼ ਹਨ ਅਤੇ ਆਮ ਆਦਮੀ ਪਾਰਟੀ ਵੱਲ ਉਮੀਦ ਨਾਲ ਦੇਖ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਹਲਕਾ ਜੰਡਿਆਲਾ ਗੁਰੂ ਤੋਂ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਨੂੰ ਪਾਰਟੀ ਨੂੰ ਵੱਡਾ ਸਮਰਥਨ ਪ੍ਰਾਪਤ ਹੋਇਆ ਹੈ ਉਨ੍ਹਾਂ ਦਾਅਵਾ ਕੀਤਾ ਕਿ 2027 ਦੀਆਂ ਪੰਜਾਬ ਵਿਧਾਨ ਸਭਾ ਨਾ ਚੋਣਾਂ ਵਿੱਚ ਵੀ ਆਮ ਆਦਮੀ ਪਾਰਟੀ ਦੀ ਸਰਕਾਰ ਬਣੇਗੀ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਹਮੇਸ਼ਾ ਲੋਕ ਭਲਾਈ ਅਤੇ ਵਿਕਾਸ ਦੀ ਰਾਜਨੀਤੀ ਕਰਦੀ ਆਈ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਪੰਜਾਬ ਦੇ ਲੋਕ ਆਮ ਆਦਮੀ ਨੂੰ ਪੂਰਾ ਸਮਰਥਨ ਦੇਣਗੇ।

## ਨਾ ਮੈਨੂੰ ਤੂੰ . . .

ਨਾ ਮੈਨੂੰ ਤੂੰ ਯਾਦ ਨਾ ਆਵੀਂ,
ਨਾ ਤੈਨੂੰ ਮੈ ਯਾਦ ਆਵਾਂ।
ਵੱਸੇ ਤੂੰ ਮਹਿਲ ਚੁਬਾਰੇ
ਭਾਵੇਂ ਮੈਂ ਝੁੱਗੀ ਚ ਮਰ ਜਾਵਾਂ।

ਤੇਰੇ ਰਾਹਾਂ ਚ ਫੁੱਲ ਖਿੜਣ,
ਮੇਰੇ ਹਿੱਸੇ ਕੰਡੇ ਆਵਣ,
ਤੂੰ ਹੱਸਦੀ ਰਹੀਂ ਹਰ ਵੇਲੇ,
ਭਾਵੇਂ ਮੈਂ ਰੋ-ਰੋ ਹੰਝੂ ਵਹਾਵਾਂ।

ਤੇਰੇ ਵਿਹੜੇ ਚਾਨਣ ਰਹੇ,
ਮੇਰੇ ਘਰ ਹਨੇਰੇ ਛਾਵਣ,
ਤੂੰ ਸੁੱਖਾਂ ਦੀ ਛਾਂ ਮਾਣੀਂ,
ਭਾਵੇਂ ਧੁੱਪਾਂ ਵਿੱਚ ਸੜ ਜਾਵਾਂ।

ਕਦੇ ਨਾਮ ਨਾ ਲਵੀਂ ਮੇਰਾ,
ਨਾ ਕੋਈ ਗਿਲਾ ਸੁਣਾਵੀਂ,
ਮੈਂ ਦਰਦ ਲੁਕਾ ਕੇ ਰੱਖਾਂ,
ਨਾ ਤੇਰੀ ਖੁਸ਼ੀ ਘਟਾਵਾਂ।

ਦੁਆ ਏਨੀ ਮੰਗਾ ਰੱਬ ਕੋਲੋਂ,
ਤੈਨੂੰ ਹਰ ਖੁਸ਼ੀ ਮਿਲ ਜਾਵੇ,
ਜੇ ਲਿਖਿਆ ਵਿਛੋੜਾ ਸਾਡੇ,
ਮੈ ਚੁੱਪ ਚਾਪ ਸਹਿ ਜਾਵਾਂ।

ਸਫਰੀ" ਇਸ਼ਕ ਦੀ ਰੀਤ ਏਹੀ,
ਨਾ ਸਭ ਨੂੰ ਯਾਰ ਮਿਲਾਵੇ,
ਕੋਈ ਮਹਿਫ਼ਲ ਵਿੱਚ ਹੱਸਦਾ ਏ,
ਕੋਈ ਤਨਹਾਈ ਵਿੱਚ ਗਾਵੇ।



**-ਮਾਸਟਰ ਜਗੀਰ ਸਿੰਘ ਸਫਰੀ**
**ਸਠਿਆਲਾ ਮੋਬ 8146004540**

**( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਂਕ ਮਹਿਤਾ**

# ਦਿੱਲੀ ਦੇ ਸ਼ਾਸਕਾਂ ਦੀ ਸੋਚ ਅਤੇ ਸਾਧਨ ਪੰਜਾਬ ਅਤੇ ਸਿੱਖ ਕੌਮ ਲਈ ਬਹੁਤ ਖਤਰਨਾਕ :- ਇਮਾਨ ਸਿੰਘ ਮਾਨ

**ਹੁਸ਼ਿਆਰਪੁਰ**, 03 ਜੂਨ (**ਆਵਾਜ਼ਿ ਕੌਮ ਬਿਊਰੋ**)-ਗੁਰੂ ਸਾਹਿਬਾਨ ਦੀ ਸਰਬੱਤ ਦੇ ਭਲੇ ਦੀ ਸੋਚ ਉੱਪਰ ਪਹਿਰਾ ਦੇਣਾ ਇਸ ਸਮੇਂ ਸਖਤ ਲੋੜ ਹੈ ਕਿਉਂਕਿ ਦਿੱਲੀ ਦੇ ਸ਼ਾਸਕਾਂ ਦੀ ਸੋਚ ਅਤੇ ਸਾਧਨ ਪੰਜਾਬ ਅਤੇ ਸਿੱਖ ਕੌਮ ਲਈ ਬਹੁਤ ਖਤਰਨਾਕ ਹਨ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸਰਦਾਰ ਇਮਾਨ ਸਿੰਘ ਮਾਨ ਕਾਰਜਕਾਰੀ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਮੁਕੇਰੀਆਂ ਵਿਖੇ ਪਰਮਿੰਦਰ ਸਿੰਘ ਖਾਲਸਾ ਸਰਕਲ ਪ੍ਰਧਾਨ ਦੀ ਅਗਵਾਈ ਹੇਠ ਹੋਏ ਵਿਸ਼ੇਸ਼ ਇਕੱਠ ਨੂੰ ਸੰਬੋਧਨ ਕਰਦਿਆਂ ਹੋਇਆਂ ਕੀਤਾ। ਇਸ ਸਮੇਂ ਸਰਦਾਰ ਇਮਾਨ ਸਿੰਘ ਨੇ ਕਿਹਾ ਕਿ ਕੇਂਦਰ ਦੀਆਂ ਹੁਣ ਤੱਕ ਸਰਕਾਰਾਂ ਨੇ ਪੰਜਾਬ ਦੇ ਸਾਧਨਾਂ ਦੀ ਵੱਡੇ ਪੱਧਰ ਤੇ ਲੁੱਟ ਕੀਤੀ ਪਾਣੀਆਂ ਦੇ ਹੱਕ ਉੱਪਰ ਵੱਡਾ ਡਾਕਾ ਮਾਰਿਆ ਪੰਜਾਬ ਦੀ ਇੰਡਸਟਰੀ ਨੂੰ ਪੰਜਾਬ ਦੀ ਧਰਤੀ ਤੋਂ ਤਬਦੀਲ ਕਰਕੇ ਹੋਰ ਸਟੇਟਾਂ ਵਿੱਚ ਲਿਜਾਣ ਲਈ ਗਹਿਰੀਆਂ ਸਾਜਿਸ਼ਾਂ ਕੀਤੀਆਂ। ਜਿਸ ਨਾਲ ਨੌਜਵਾਨਾਂ ਲਈ ਰੁਜ਼ਗਾਰ ਦੇ ਸਾਧਨ ਖਤਮ ਹੋ ਗਏ ਅਤੇ ਕੇਂਦਰ ਸਰਕਾਰ ਸਿੱਖ ਕੌਮ ਦੀ ਸਲਾਹ ਲਏ ਤੋਂ ਬਗੈਰ ਅਪਰੇਸ਼ਨ ਸੰਦੂਰ ਕਰਕੇ ਇੱਥੇ ਹਮੇਸ਼ਾ ਜੰਗ ਦੇ ਮਾਹੌਲ ਨੂੰ ਬਣਾਈ ਰੱਖਦੀ ਹੈ ਜਿਸ ਨਾਲ ਖਿੱਤੇ ਵਿੱਚ ਡਰ ਦਾ ਮਾਹੌਲ ਬਣਿਆ ਰਹਿੰਦਾ ਹੈ ਤੇ ਇੱਥੇ ਕੋਈ ਵੀ ਇੰਡਸਟਰੀ ਲਾਉਣ ਨੂੰ ਤਿਆਰ ਨਹੀਂ ਹੁੰਦਾ ਇਸ ਸਮੇਂ ਉਹਨਾਂ ਕਿਹਾ ਕਿ ਪੰਜਾਬ ਵਿੱਚ ਪੰਥਕ ਸਰਕਾਰ ਬਣਾਉਣ ਲਈ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਸਿਧਾਂਤਕ ਪੰਥਕ ਏਕਤਾ ਦੀ ਹਮਾਇਤ ਕਰਦਾ ਹੈ। ਇਸ ਸਮੇਂ ਡਾਕਟਰ ਹਰਜਿੰਦਰ ਸਿੰਘ ਜੱਖੂ ਦੁਆਬਾ ਇੰਚਾਰਜ ਪਾਰਟੀ ਦੇ ਮੁੱਖ ਬੁਲਾਰੇ ਨੇ ਕਿਹਾ ਕਿ ਪੰਜਾਬ ਵਿੱਚ ਰਾਜਸੀ ਤਬਦੀਲੀ ਲਿਆਉਣ ਲਈ ਪਾਰਟੀ ਪ੍ਰਧਾਨ ਸਰਦਾਰ ਸਿਮਰਨਜੀਤ ਸਿੰਘ ਮਾਨ ਫਗਵਾੜਾ ਵਿਖੇ 13 ਜੂਨ ਨੂੰ ਬੇਗਮਪੁਰਾ ਖਾਲਸਾ ਲਹਿਰ ਦਾ ਆਰੰਭ ਕਰਨਗੇ। ਇਸ ਸਮੇਂ ਗੁਰਨਾਮ ਸਿੰਘ ਸਿੰਗੜੀਵਾਲਾ, ਗੁਰਦੀਪ ਸਿੰਘ ਖੁਣਖੁਣ, ਸੰਦੀਪ ਸਿੰਘ ਖਾਲਸਾ ਟਾਂਡਾ ਨੇ ਸਾਂਝੇ ਤੌਰ ਤੇ ਕਿਹਾ ਕਿ ਜੂਨ 84 ਦੇ ਸਮੇਂ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਸਮੇਤ ਸ਼ਹੀਦ ਹੋਏ ਸਿੰਘਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਲਈ 6 ਜੂਨ ਨੂੰ ਸ੍ਰੀ ਅਕਾਲ ਤਖਤ ਸਾਹਿਬ ਅਤੇ 13 ਜੂਨ ਨੂੰ ਫਗਵਾੜਾ ਵਿਖੇ ਹੋ ਰਹੇ ਬੇਗਮਪੁਰਾ ਪੰਥਕ ਇਕੱਠ ਵਿੱਚ ਵੱਡੀ ਪੱਧਰ ਤੇ ਸ਼ਮੂਲੀਅਤ ਕੀਤੀ ਜਾਵੇਗੀ ਇਸ ਸਮੇਂ ਕੁਲਦੀਪ ਸਿੰਘ ਮਸੀਤੀ, ਬੀਬੀ ਰਾਜਵਿੰਦਰ ਕੌਰ ਢੱਡੇ ਫਤਿਹ, ਬੀਬੀ ਪ੍ਰੀਆ ਕੌਰ ਸਿੰਘ, ਜਗਦੀਸ਼ ਸਿੰਘ ਚੱਬੇਵਾਲ, ਹਰਵਿੰਦਰ ਸਿੰਘ ਹੀਰਾ, ਬੂਟਾ ਸਿੰਘ ਸਿੰਗੜੀਵਾਲਾ, ਦਲੀਪ ਸਿੰਘ ਬੁੱਢੇਵਾਲ ਗੁਰਮੀਤ ਸਿੰਘ ਮਸਾਹਿਬਪੁਰ ਹਰਜੀਤ ਸਿੰਘ ਮਸਾਹਿਬਪੁਰ, ਬਿੱਟੂ ਮਹਿਤਪੁਰ, ਸ਼ੇਰਾ ਅਟੱਲਗੜ੍ਹ ਦਲੀਪ ਸਿੰਘ, ਦੀਪਾ ਹੀਰਾ ਸਿੰਘ, ਵੱਡੀ ਪੱਧਰ ਤੇ ਹਾਜ਼ਰ ਸਨ।

### ਦਮਦਮੀ ਟਕਸਾਲ ਵਿਖੇ 42ਵੇਂ ਸ਼ਹੀਦੀ ਜੋੜ ਮੇਲੇ ਦੇ

# ਦੂਸਰੇ ਦਿਨ ਸਜੇ ਭਾਰੀ ਦੀਵਾਨ

## ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਹਜਾਰਾਂ ਦੀ ਤਦਾਦ ਵਿਚ ਜੁੜੀਆਂ ਸੰਗਤਾਂ ਨੂੰ ਛੇਵੇਂ ਪਾਤਸ਼ਾਹ ਸ਼੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਮਹਾਨ ਅਤੇ ਤਪੱਸਵੀ ਜੀਵਨ ਦਾ ਪਾਵਨ ਇਤਿਹਾਸ ਸਰਵਣ ਕਰਵਾਇਆ














ਆਵਾਜ਼ਿ ਕੌਮ AWAZE QAUM International Newspaper & WEB TV







**ਚੌਕ ਮਹਿਤਾ, 1 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੀ ਰਹਿਨੁਮਾਈ ਹੇਠ ਜੂਨ 1984 (ਤੀਸਰਾ ਘੱਲੂਘਾਰਾ) ਦੇ ਸਮੂਹ ਸ਼ਹੀਦਾਂ ਦੀ ਸਦੀਵੀ ਨੂੰ ਸਮਰਪਿਤ ਅੱਜ 42ਵਾਂ ਮਹਾਨ ਸ਼ਹੀਦੀ ਜੋੜ ਮੇਲਾ ਦੇਸ਼ ਵਿਦੇਸ਼ ਦੀਆਂ ਸੰਗਤਾਂ ਵੱਲੋਂ ਸ਼ਰਧਾ ਤੇ ਉਤਸ਼ਾਹ ਨਾਲ ਸੰਸਾਰ ਪੱਧਰ 'ਤੇ ਮਨਾਇਆ ਜਾ ਰਿਹਾ ਹੈ। ਦਮਦਮੀ ਟਕਸਾਲ ਦੇ ਹੈੱਡ ਕੁਆਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਅੱਜ ਸ਼ਹੀਦੀ ਸਪਤਾਹ ਦੇ ਦੂਸਰੇ ਦਿਨ ਭਾਰੀ ਧਾਰਮਿਕ ਦੀਵਾਨ ਸਜਾਏ ਗਏ। ਜਿਸ ਦੌਰਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਹਜਾਰਾਂ ਦੀ ਤਦਾਦ ਵਿਚ ਜੁੜੀਆਂ ਸੰਗਤਾਂ ਨੂੰ ਛੇਵੇਂ ਪਾਤਸ਼ਾਹ ਸ਼੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਮਹਾਨ ਅਤੇ ਤਪੱਸਵੀ ਜੀਵਨ ਦਾ ਪਾਵਨ ਇਤਿਹਾਸ ਸਰਵਣ ਕਰਵਾਇਆ। ਗਿਆਨੀ ਖਾਲਸਾ ਨੇ ਦਮਦਮੀ ਟਕਸਾਲ ਦੇ ਚੌਦਵੇਂ ਮੁਖੀ ਅਮਰ ਸ਼ਹੀਦ ਸੰਤ ਭਿੰਡਰਾਂਵਾਲਿਆਂ ਦੇ ਜਨਮ ਦਿਹਾੜੇ ਦੀ ਸਮੂਹ ਸੰਗਤਾਂ ਨੂੰ ਵਧਾਈ ਦਿੱਤੀ ਅਤੇ ਆਖਿਆ ਕਿ ਸ਼ਹੀਦਾਂ ਦੀਆਂ ਕੁਰਬਾਨੀਆਂ ਦੇ ਸਦਕਾ ਹੀ ਸਿੱਖ ਕੌਮ ਅੱਜ ਪੂਰੀ ਦੁਨੀਆਂ ਦੇ ਵਿਚ ਚੜਦੀ ਕਲਾ ਦੇ ਜੈਕਾਰੇ ਗਜਾ ਰਹੀ ਹੈ। ਉਨਾਂ ਕਿਹਾ ਕਿ 5 ਜੂਨ ਤਕ ਰੋਜਾਨਾ ਸ਼ਾਮ 4 ਤੋਂ 6 ਵਜੇ ਤੱਕ ਕਥਾ ਕੀਰਤਨ ਦਾ ਨਿਰੰਤਰ ਪ੍ਰਵਾਹ ਚਲੇਗਾ। 6 ਜੂਨ ਨੂੰ 42ਵੇਂ ਮੁੱਖ ਅਤੇ ਮਹਾਨ ਸ਼ਹੀਦੀ ਸਮਾਗਮ ਵਿੱਚ ਦੇਸ਼ਾਂ ਵਿਦੇਸ਼ਾਂ ਦੀਆਂ ਸੰਗਤਾਂ ਦਾ ਲਾਮਿਸਾਲ ਪੰਥਕ ਇਕੱਠ ਹੋਵੇਗਾ, ਜਿਸ ਦੌਰਾਨ ਪ੍ਰਮੁੱਖ ਧਾਰਮਿਕ ਹਸਤੀਆਂ ਤੇ ਸੰਗਤਾਂ ਸ਼ਹੀਦਾਂ ਨੂੰ ਸਤਿਕਾਰ ਭੇਟ ਕਰਨਗੀਆਂ। ਗਿਆਨੀ ਖਾਲਸਾ ਨੇ ਸਮੂਹ ਸੰਗਤ ਨੂੰ ਇੰਨਾ ਸਮਾਗਮਾਂ ਵਿਚ ਵੱਧ ਚੜ ਕੇ ਹਾਜਰੀਆਂ ਭਰਨ ਦੀ ਅਪੀਲ ਕੀਤੀ। ਅੰਤ 'ਚ ਪ੍ਰਿੰ. ਗੁਰਦੀਪ ਸਿੰਘ ਰੰਧਾਵਾ ਨੇ ਸਮਾਗਮ ਚ ਪਹੁੰਚੀਆਂ ਪ੍ਰਮੁੱਖ ਸ਼ਖਸੀਅਤਾਂ ਅਤੇ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਭਾਈ ਅਜਾਇਬ ਸਿੰਘ ਅਭਿਆਸੀ, ਬਾਬਾ ਅਜੀਤ ਸਿੰਘ ਮੁਖੀ ਤਰਨਾ ਦਲ, ਸੰਤ ਬਾਬਾ ਗੁਰਭੇਜ ਸਿੰਘ ਖੁਜਾਲਾ, ਸੰਤ ਬਾਬਾ ਗੁਰਦੇਵ ਸਿੰਘ ਜੀ ਡੇਰਾ ਭਗਤਾਂ ਦਾ ਤਰਸਿੱਕਾ, ਸੰਤ ਬਾਬਾ ਗੁਰਮੀਤ ਸਿੰਘ ਬੱਦੋਵਾਲ, ਬਾਬਾ ਨਵਤੇਜ ਸਿੰਘ ਚੇਲੇਆਣਾ ਸਾਹਿਬ, ਬਾਬਾ ਸਵਿੰਦਰ ਸਿੰਘ ਟਾਹਲੀ ਸਾਹਿਬ, ਬਾਬਾ ਸੁਖਵੰਤ ਸਿੰਘ ਚੰਨਣਕੇ, ਬਾਬਾ ਬਲਵਿੰਦਰ ਸਿੰਘ ਕੈਲੀਆਂ ਵਾਲੇ, ਚੇਅਰਮੈਨ ਲਖਵਿੰਦਰ ਸਿੰਘ ਖਾਲਸਾ, ਰਜਿੰਦਰ ਸਿੰਘ ਸ਼ਾਹ, ਜੱਥੇ ਰਾਜਬੀਰ ਸਿੰਘ, ਜਤਿੰਦਰ ਸਿੰਘ ਲੱਧਾਮੁੰਡਾ, ਇਕਬਾਲ ਸਿੰਘ, ਗੁਰਮੀਤ ਸਿੰਘ ਮਾਨ, ਪ੍ਰਿੰ. ਹਰਸ਼ਦੀਪ ਸਿੰਘ ਰੰਧਾਵਾ, ਡਾ. ਅਵਤਾਰ ਸਿੰਘ ਬੁੱਟਰ, ਬਲਕਾਰ ਸਿੰਘ ਪੀ. ਬੀ. ਐੱਸ, ਪ੍ਰਿੰ. ਗੁਰਦੀਪ ਸਿੰਘ ਜਲਾਲਉਸਮਾਂ ਤੋਂ ਇਲਾਵਾ ਹਜਾਰਾਂ ਦੀ ਗਿਣਤੀ 'ਚ ਸੰਗਤਾਂ ਮੌਜੂਦ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਅੰਮ੍ਰਿਤ ਸੰਚਾਰ ਦੌਰਾਨ

# 51 ਪ੍ਰਾਣੀਆਂ ਨੇ ਕੀਤਾ ਅੰਮ੍ਰਿਤਪਾਨ:-ਬਾਬਾ ਗੁਰਪ੍ਰੀਤ ਸਿੰਘ



**ਧੂਰੀ ( ਰਣਜੀਤ ਸਿੰਘ ਪੇਧਨੀ )**-ਹਰ ਸਾਲ ਦੀ ਤਰ੍ਹਾਂ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਨੂੰ ਸਮਰਪਿਤ 20ਵੀ ਸਦੀ ਦੇ ਮਹਾਨ ਸੰਤ ਬਾਬਾ ਅਤਰ ਸਿੰਘ ਮਸਤੂਆਣਾ ਸਾਹਿਬ ਵਾਲਿਆਂ ਦੀ 100 ਸਾਲਾਂ ਯਾਦ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਅਤੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ ਜਿਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਗੁਰਦੁਆਰਾ ਸਾਹਿਬ ਪਿੰਡ ਈਸੀ ਦੇ ਹੈੱਡ ਗ੍ਰੰਥੀ ਬਾਬਾ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਸਾਲਾਨਾ ਗੁਰਮਤਿ ਸਮਾਗਮ ਦੌਰਾਨ ਸੰਪ੍ਰਦਾਇ ਮਸਤੂਆਣਾ ਸਾਹਿਬ ਦੇ ਮਹਾਂਪੁਰਸ਼ ਨੇ ਆਪਣੀ ਹਾਜ਼ਰੀ ਲਗਵਾਈ ਨਾਲ ਹੀ ਗੁਰਮਤਿ ਸਮਾਗਮ ਦੌਰਾਨ ਬਾਬਾ ਜੀਵਨ ਸਿੰਘ ਬਗੀਚੀ ਵਾਲਿਆਂ ਨੇ ਸੰਗਤਾਂ ਨੂੰ ਗੁਰਬਾਣੀ ਇਤਿਹਾਸ ਨਾਲ਼ ਜੋੜਿਆ।ਗੁਰਮਤਿ ਸਮਾਗਮ ਦੌਰਾਨ 51 ਪ੍ਰਾਣੀਆਂ ਨੇ ਅੰਮ੍ਰਿਤ ਸੰਚਾਰ ਦੌਰਾਨ ਅੰਮ੍ਰਿਤਪਾਨ ਕੀਤਾ ਇਸ ਮੌਕੇ ਅੰਮ੍ਰਿਤ ਸੰਚਾਰ ਕਰਵਾਉਣ ਦੀ ਸੇਵਾ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਪੰਜ ਪਿਆਰਿਆਂ ਵੱਲੋਂ ਨਿਭਾਈ ਗਈ।ਸਮਾਗਮ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਵਿਰਸਾ ਸੰਭਾਲ ਸਰਦਾਰੀ ਲਹਿਰ ਪੰਜਾਬ ਦਾ ਵਿਸ਼ੇਸ਼ ਸਹਿਯੋਗ ਰਿਹਾ।ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਜੱਥੇਦਾਰ ਭੁਪਿੰਦਰ ਸਿੰਘ ਭਲਵਾਨ,ਵਿਰਸਾ ਸੰਭਾਲ ਸਰਦਾਰੀ ਲਹਿਰ ਪੰਜਾਬ ਦੇ ਮੁੱਖ ਸੇਵਾਦਾਰ ਭਾਈ ਮਨਦੀਪ ਸਿੰਘ ਖੁਰਦ, ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਚਰਨਪ੍ਰੀਤ ਸਿੰਘ ਮੌਹੋਰਾਣਾ, ਭਾਈ ਸੁਖਬੀਰ ਸਿੰਘ ਫਲੌਂਡ,ਭਾਈ ਗੁਰਵਿੰਦਰ ਸਿੰਘ ਲਵਲੀ, ਬਾਬਾ ਨਿਰਮਲ ਸਿੰਘ ਸੋਨੀ ,ਪ੍ਰਧਾਨ ਜਰਨੈਲ ਸਿੰਘ,ਨਿਰੰਜਣ ਸਿੰਘ, ਸੁਖਵਿੰਦਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

ਨੌਜਵਾਨ ਪੀੜ੍ਹੀ ਨੂੰ ਬਾਣੀ ਬਾਣੇ ਨਾਲ ਜੋੜਨਾ ਸਾਡਾ ਮੁੱਖ ਮਨੋਰਥ : ਭਾਈ ਮਨਦੀਪ ਸਿੰਘ ਖੁਰਦ

# ਪਿੰਡ ਈਸੀ ਵਿਖੇ ਲੰਮੇ ਕੇਸ ਤੇ ਦਸਤਾਰ ਮੁਕਾਬਲੇ ਕਰਵਾਏ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਅਤੇ ਸੰਤ ਬਾਬਾ ਅਤਰ ਸਿੰਘ ਜੀ ਮਸਤੂਆਣਾ ਸਾਹਿਬ ਵਾਲਿਆਂ ਦੀ ਯਾਦ ਨੂੰ ਸਮਰਪਿਤ ਗੁਰਦੁਆਰਾ ਪ੍ਰਬੰਧਕ ਕਮੇਟੀ ਪਿੰਡ ਈਸੀ ਅਤੇ ਵਿਰਸਾ ਸੰਭਾਲ ਸਰਦਾਰੀ ਲਹਿਰ ਪੰਜਾਬ ਵੱਲੋਂ ਲੰਮੇ ਕੇਸ ਤੇ ਸੁੰਦਰ ਦਸਤਾਰ ਸਜਾਉਣ ਦੇ ਮੁਕਾਬਲੇ ਕਰਵਾਏ ਗਏ ਜਿਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਬਾਬਾ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਦਸਤਾਰ ਤੇ ਲੰਮੇ ਕੇਸ ਮੁਕਾਬਲੇ ਵਿੱਚ ਸੈਂਕੜੇ ਬੱਚਿਆਂ ਨੇ ਭਾਗ ਲਿਆ ਦਸਤਾਰ ਸਜਾਉਣ ਮੁਕਾਬਲੇ ਨੂੰ ਦੋ ਵਰਗਾਂ ਵਿੱਚ ਵੰਡਿਆ ਗਿਆ ਸੀ ਜਿਸ ਦੌਰਾਨ ਜੂਨੀਅਰ ਵਰਗ ਵਿੱਚ 10 ਸਾਲ ਤੋਂ 14 ਸਾਲ ਤੱਕ ਦੇ ਬੱਚਿਆਂ ਨੇ ਭਾਗ ਲਿਆ ਸੀਨੀਅਰ ਵਰਗ ਵਿੱਚ 15 ਸਾਲ ਤੋਂ 20 ਸਾਲ ਤੱਕ ਦੇ ਬੱਚਿਆਂ ਨੇ ਭਾਗ ਲਿਆ ਨਾਲ ਹੀ 10 ਸਾਲ ਤੋਂ 15 ਸਾਲ ਤੱਕ ਦੇ ਲੜਕੇ ਅਤੇ ਲੜਕੀਆਂ ਦੇ ਲੰਮੇ ਕੇਸ ਮੁਕਾਬਲੇ ਵੀ ਕਰਵਾਏ ਗਏ ਉਨਾਂ ਦੱਸਿਆ ਕਿ ਮੁਕਾਬਲੇ ਦੇ ਜੇਤੂ ਬੱਚਿਆਂ ਨੂੰ ਹਜ਼ਾਰਾਂ ਦੇ ਨਗਦ ਇਨਾਮ, ਦਸਤਾਰਾਂ ਤੇ ਯਾਦਗਾਰੀ ਸਨਮਾਨ ਚਿੰਨ੍ਹਾ ਨਾਲ ਸਨਮਾਨਿਤ ਕੀਤਾ ਗਿਆ ਨਾਲ ਹੀ ਭਾਗ ਲੈਣ ਵਾਲੇ ਸਾਰੇ ਬੱਚਿਆਂ ਨੂੰ ਪ੍ਰਸ਼ੰਸਾ ਪੱਤਰ ਤੇ ਮੈਡਲਾਂ ਨਾਲ ਸਨਮਾਨਿਤ ਕੀਤਾ ਗਿਆ ਇਸ ਮੌਕੇ ਵਿਸ਼ੇਸ਼ ਤੌਰ ਤੇ ਪਹੁੰਚੇ ਭਾਈ ਮਨਦੀਪ ਸਿੰਘ ਖੁਰਦ ਕੌਮੀ ਪ੍ਰਧਾਨ ਵਿਰਸਾ ਸੰਭਾਲ ਸਰਦਾਰੀ ਲਹਿਰ ਪੰਜਾਬ ਨੇ ਬੱਚਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕੇਸ ਗੁਰੂ ਦੀ ਮੋਹਰ ਤੇ ਦਸਤਾਰ ਸਾਡਾ ਤਾਜ ਹੈ ਇਸ ਲਈ ਨੌਜਵਾਨ ਪੀੜ੍ਹੀ ਨੂੰ ਬਾਣੀ ਬਾਣੇ ਨਾਲ ਜੋੜਨਾ ਸਾਡਾ ਮੁੱਖ ਮਕਸਦ ਹੈ ਜਿਸ ਸੰਬੰਧੀ ਲਗਾਤਾਰ ਬੱਚਿਆਂ ਦੇ ਗੁਰਮਤਿ ਸਿਖਲਾਈ ਕੈਂਪ ਦਸਤਾਰ ਤੇ ਦੁਮਾਲਾ ਸਿਖਲਾਈ ਦੇ ਕੈਂਪ ਅਤੇ ਮੁਕਾਬਲੇ ਕਰਵਾਏ ਜਾ ਰਹੇ ਹਨ। ਇਜ ਮੌਕੇ ਗੁਰਦੁਆਰਾ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਰਨੈਲ ਸਿੰਘ, ਸੁਖਵਿੰਦਰ ਸਿੰਘ,ਨਿਰਜੰਣ ਸਿੰਘ,ਵਿਰਸਾ ਸੰਭਾਲ ਸਰਦਾਰੀ ਲਹਿਰ ਪੰਜਾਬ ਦੇ ਚੀਫ ਸੈਕਟਰੀ ਭਾਈ ਗੁਰਵਿੰਦਰ ਸਿੰਘ ਲਵਲੀ, ਚੀਫ ਐਡਵਾਈਜਰ ਅਮਨਦੀਪ ਸਿੰਘ ਰਤਨ, ਸੀਨੀਅਰ ਮੈਂਬਰ ਸੁਖਦੀਪ ਸਿੰਘ ਸੁੱਖ ਦੁਲਮਾ,ਇੰਟਰਨੈਸ਼ਨਲ ਦਸਤਾਰ ਕੋਚ ਹਰਵਿੰਦਰ ਸਿੰਘ ਅਮਰਗੜ੍ਹ,ਹਰਪ੍ਰੀਤ ਸਿੰਘ ਚੀਮਾਂ, ਪ੍ਰਭਪਿੰਦਰ ਸਿੰਘ ਬਾਠਾਂ, ਤਰਨਦੀਪਸਿੰਘ ਅਮਰਗੜ੍ਹ, ਗੁਰਪ੍ਰੀਤ ਸਿੰਘ ਨਿੱਕਾ, ਭਾਈ ਚਰਨਪ੍ਰੀਤ ਸਿੰਘ ਮੌਹੋਰਾਣਾ,ਭਾਈ ਸੁਖਬੀਰ ਸਿੰਘ ਫਲੌਂਡ (ਦੋਵੇਂ ਪ੍ਰਚਾਰਕ) ਬਾਬਾ ਰਣਜੋਤ ਸਿੰਘ,ਮੋਹਣ ਸਿੰਘ ਦਸਮੇਸ਼ ਕੰਬਾਈਨ , ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰਾ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਘੱਲੂਘਾਰਾ ਜੂਨ 1984: ਸ਼ਹੀਦਾਂ ਦੀ ਯਾਦ, ਸਿੱਖੀ ਅਸੂਲਾਂ ਨਾਲ ਜੁੜਨ ਦਾ ਸੰਕਲਪ, ਜੋ ਨਿਆਂ ਅਤੇ ਕੌਮੀ ਅਣਖ ਦਾ ਦਿਖਾਉਂਦਾ ਹੈ ਰਾਹ - ਸੰਤ ਮੀਤ ਸਿੰਘ



ਨਵੀਂ ਦਿੱਲੀ 3 ਜੂਨ (ਮਨਪ੍ਰੀਤ ਸਿੰਘ ਖਾਲਸਾ):- ਜੂਨ 1984 ਸਿੱਖ ਇਤਿਹਾਸ ਦਾ ਇੱਕ ਅਜਿਹਾ ਅਧਿਆਇ ਹੈ, ਜਿਸ ਨੂੰ ਯਾਦ ਕਰਦਿਆਂ ਹਰ ਸਿੱਖ ਦਾ ਮਨ ਗੰਭੀਰ ਹੋ ਜਾਂਦਾ ਹੈ। ਇਹ ਕੇਵਲ ਇੱਕ ਇਤਿਹਾਸਕ ਘਟਨਾ ਨਹੀਂ, ਸਗੋਂ ਉਹ ਸਮਾਂ ਹੈ ਜਿਸ ਨੇ ਪੰਥਕ ਚੇਤਨਾ, ਧਾਰਮਿਕ ਅਜ਼ਾਦੀ ਅਤੇ ਸਿੱਖੀ ਮੁੱਲਾਂ ਪ੍ਰਤੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕੀਤਾ। ਦਿੱਲੀ ਕਮੇਟੀ ਚੋਣਾਂ ਲਈ ਵਾਰਡ ਨੰਬਰ 32 ਤੋਂ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਉੱਮੀਦੁਆਰ ਭਾਈ ਸੰਤ ਮੀਤ ਸਿੰਘ ਨੇ ਕਿਹਾ ਕਿ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਸਿਰਫ਼ ਧਾਰਮਿਕ ਅਸਥਾਨ ਨਹੀਂ ਹਨ, ਬਲਕਿ ਇਹ ਮਨੁੱਖਤਾ, ਸੇਵਾ, ਨਿਮਰਤਾ ਅਤੇ ਨਿਆਂ ਦੇ ਸਦੀਵੀ ਪ੍ਰਤੀਕ ਹਨ। ਜਦੋਂ ਵੀ ਇਤਿਹਾਸ ਦੇ ਔਖੇ ਦੌਰਾਂ ਨੂੰ ਯਾਦ ਕੀਤਾ ਜਾਂਦਾ ਹੈ, ਤਾਂ ਇਹ ਪਵਿੱਤਰ ਅਸਥਾਨ ਸਾਨੂੰ ਧੀਰਜ, ਹੌਸਲੇ ਅਤੇ ਗੁਰੂ ਸਾਹਿਬਾਨ ਦੇ ਦਰਸਾਏ ਮਾਰਗ ਉੱਤੇ ਚੱਲਣ ਦੀ ਪ੍ਰੇਰਣਾ ਦਿੰਦੇ ਹਨ। ਸੰਤ ਮੀਤ ਸਿੰਘ ਨੇ ਆਖਿਆ ਕਿ ਜੂਨ 1984 ਦੇ ਸ਼ਹੀਦਾਂ ਦੀ ਯਾਦ ਸਾਨੂੰ ਇਹ ਸੰਦੇਸ਼ ਦਿੰਦੀ ਹੈ ਕਿ ਸਿੱਖੀ ਸਿਰਫ਼ ਇੱਕ ਧਰਮ ਨਹੀਂ, ਸਗੋਂ ਸੱਚ, ਇਨਸਾਫ਼ ਅਤੇ ਮਨੁੱਖੀ ਹੱਕਾਂ ਲਈ ਖੜ੍ਹਨ ਦੀ ਜੀਵਨ-ਜਾਚ ਹੈ। ਜਿਨ੍ਹਾਂ ਮਹਾਨ ਰੂਹਾਂ ਨੇ ਆਪਣੇ ਵਿਸ਼ਵਾਸ, ਆਪਣੇ ਸਿਧਾਂਤਾਂ ਅਤੇ ਆਪਣੀ ਕੌਮੀ ਅਣਖ ਲਈ ਕੁਰਬਾਨੀਆਂ ਦਿੱਤੀਆਂ, ਉਹ ਆਉਣ ਵਾਲੀਆਂ ਪੀੜ੍ਹੀਆਂ ਲਈ ਹਮੇਸ਼ਾਂ ਪ੍ਰੇਰਣਾ ਦਾ ਸਰੋਤ ਰਹਿਣਗੀਆਂ। ਉਨ੍ਹਾਂ ਕਿਹਾ ਕਿ ਅੱਜ ਦੀ ਨੌਜਵਾਨ ਪੀੜ੍ਹੀ ਨੂੰ ਆਪਣੇ ਇਤਿਹਾਸ ਨਾਲ ਜੁੜਨ ਦੀ ਲੋੜ ਹੈ। ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ ਕੇਵਲ ਸਮਾਗਮਾਂ ਤੱਕ ਸੀਮਿਤ ਨਹੀਂ, ਬਲਕਿ ਗੁਰਬਾਣੀ ਨਾਲ ਜੁੜ ਕੇ, ਸੇਵਾ-ਸਿਮਰਨ ਨੂੰ ਜੀਵਨ ਦਾ ਹਿੱਸਾ ਬਣਾ ਕੇ ਅਤੇ ਸਮਾਜ ਵਿੱਚ ਭਾਈਚਾਰੇ, ਪਿਆਰ ਅਤੇ ਇਨਸਾਫ਼ ਦੀ ਭਾਵਨਾ ਨੂੰ ਮਜ਼ਬੂਤ ਕਰ ਕੇ ਦਿੱਤੀ ਜਾ ਸਕਦੀ ਹੈ। ਸੰਤ ਮੀਤ ਸਿੰਘ ਨੇ ਕਿਹਾ ਕਿ ਜੂਨ 1984 ਦੀ ਯਾਦ ਸਾਨੂੰ ਦੁੱਖ ਦੇ ਨਾਲ-ਨਾਲ ਇਹ ਵੀ ਸਿਖਾਉਂਦੀ ਹੈ ਕਿ ਕੌਮਾਂ ਆਪਣਾ ਇਤਿਹਾਸ ਯਾਦ ਰੱਖ ਕੇ ਹੀ ਆਪਣੇ ਭਵਿੱਖ ਨੂੰ ਮਜ਼ਬੂਤ ਬਣਾਉਂਦੀਆਂ ਹਨ। ਸਾਨੂੰ ਆਪਣੇ ਗੁਰੂਆਂ ਦੇ ਉਪਦੇਸ਼ਾਂ ਅਨੁਸਾਰ ਚੱਲਦਿਆਂ ਸੱਚ ਦੇ ਮਾਰਗ ਉੱਤੇ ਡਟੇ ਰਹਿਣਾ ਚਾਹੀਦਾ ਹੈ ਅਤੇ ਸਰਬੱਤ ਦੇ ਭਲੇ ਦੀ ਭਾਵਨਾ ਨੂੰ ਹੋਰ ਪ੍ਰਫੁੱਲਤ ਕਰਨਾ ਚਾਹੀਦਾ ਹੈ। ਅੰਤ ਵਿੱਚ ਉਨ੍ਹਾਂ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਕਿ ਜੂਨ 1984 ਦੇ ਸ਼ਹੀਦਾਂ ਦੀ ਯਾਦ ਵਿੱਚ ਅਰਦਾਸ ਕਰਦਿਆਂ ਆਪਣੇ ਅੰਦਰ ਵੀ ਸਿੱਖੀ ਮੁੱਲਾਂ, ਚੜ੍ਹਦੀ ਕਲਾ ਅਤੇ ਗੁਰੂ ਘਰ ਪ੍ਰਤੀ ਸਮਰਪਣ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨ ਦਾ ਸੰਕਲਪ ਲੈਣ। ਜੂਨ 1984 ਦੇ ਸਮੂਹ ਸ਼ਹੀਦਾਂ ਨੂੰ ਸ਼ਰਧਾ ਅਤੇ ਸਤਿਕਾਰ ਸਹਿਤ ਨਮਨ। ਸ਼ਹੀਦ ਸਿੰਘ- ਸਿੰਘਣੀਆਂ ਦੀ ਕੁਰਬਾਨੀ ਸਦਾ ਯਾਦ ਰਹੇਗੀ।

## ਦਰਬਾਰ ਸਾਹਿਬ 'ਤੇ ਜੂਨ 84 ਹਮਲੇ ਦੀ ਪੀੜ ਅੱਜ ਵੀ ਕੌਮ ਦੇ ਦਿਲਾਂ ਵਿੱਚ ਜ਼ਿੰਦਾ, ਸ਼ਹੀਦਾਂ ਦੀ ਕੁਰਬਾਨੀ ਰਹੇਗੀ ਸਦਾ ਅਮਰ : ਭਾਈ ਸਰੂਪ ਸਿੰਘ ਰੂਪ

### ਫ਼ੌਜ ਵਲੋਂ ਗੁਰਧਾਮਾਂ ਤੇ ਚਲਾਈਆਂ ਗੋਲੀਆਂ ਤੇ ਰੁਕ ਗਈਆਂ, ਪਰ ਚੀਸਾਂ ਅੱਜ ਵੀ ਸਿੱਖ ਹਿਰਦਿਆਂ 'ਚ ਹਨ ਗੂੰਜਦੀਆਂ

ਨਵੀਂ ਦਿੱਲੀ 3 ਜੂਨ (ਮਨਪ੍ਰੀਤ ਸਿੰਘ ਖਾਲਸਾ):- ਜੂਨ 1984 ਸਿੱਖ ਇਤਿਹਾਸ ਦਾ ਉਹ ਦਰਦਨਾਕ ਅਤੇ ਅਮਿੱਟ ਅਧਿਆਇ ਹੈ, ਜਿਸਦੀ ਪੀੜ ਅੱਜ ਵੀ ਹਰ ਗੁਰੂ ਨਾਨਕ ਨਾਮ ਲੇਵਾ ਸਿੱਖ ਦੇ ਹਿਰਦੇ ਵਿੱਚ ਧੜਕਦੀ ਹੈ। ਇਹ ਉਹ ਸਮਾਂ ਸੀ ਜਦੋਂ ਸੰਸਾਰ ਭਰ ਦੇ ਸਿੱਖਾਂ ਦੇ ਆਤਮਕ ਕੇਂਦਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਉੱਤੇ ਸਰਕਾਰੀ ਤਾਕਤ ਦੇ ਨਸ਼ੇ ਵਿੱਚ ਇੱਕ ਅਜਿਹਾ ਹਮਲਾ ਕੀਤਾ ਗਿਆ, ਜਿਸਨੇ ਮਨੁੱਖਤਾ, ਲੋਕਤੰਤਰ ਅਤੇ ਧਾਰਮਿਕ ਅਜ਼ਾਦੀ ਨੂੰ ਲਹੂ-ਲੁਹਾਣ ਕਰ ਦਿੱਤਾ। ਸੱਚਖੰਡ ਸ਼੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸਰੂਪ ਸਿੰਘ ਰੂਪ ਨੇ ਕਿਹਾ ਜਿਸ ਧਰਤੀ ਤੋਂ ਸਦੀਆਂ ਤੋਂ ਸਰਬੱਤ ਦੇ ਭਲੇ ਦਾ ਸੰਦੇਸ਼ ਗੂੰਜਦਾ ਰਿਹਾ, ਜਿਸ ਅਸਥਾਨ ਨੇ ਜ਼ੁਲਮ ਦੇ ਵਿਰੁੱਧ ਖੜ੍ਹਨ ਦੀ ਪ੍ਰੇਰਣਾ ਦਿੱਤੀ, ਉਸ ਪਵਿੱਤਰ ਧਾਮ ਨੂੰ ਗੋਲੀਆਂ, ਗੋਲਿਆਂ ਅਤੇ ਟੈਂਕਾਂ ਨਾਲ ਰੌਂਦਣ ਦੀ ਕੋਸ਼ਿਸ਼ ਕੀਤੀ ਗਈ। ਹਜ਼ਾਰਾਂ ਬੇਗੁਨਾਹ ਸੰਗਤਾਂ, ਸੇਵਾਦਾਰਾਂ, ਬੀਬੀਆਂ, ਬੱਚਿਆਂ ਅਤੇ ਸਿੰਘਾਂ ਦਾ ਖ਼ੂਨ ਇਸ ਪਵਿੱਤਰ ਧਰਤੀ ਉੱਤੇ ਵਹਾਇਆ ਗਿਆ। ਉਨ੍ਹਾਂ ਕਿਹਾ ਅਕਾਲ ਤਖ਼ਤ ਸਾਹਿਬ ਸਿਰਫ਼ ਇੱਟਾਂ ਅਤੇ ਪੱਥਰਾਂ ਦੀ ਇਮਾਰਤ ਨਹੀਂ। ਇਹ ਸਿੱਖ ਕੌਮ ਦੀ ਅਣਖ, ਆਜ਼ਾਦੀ ਅਤੇ ਜ਼ੁਲਮ ਦੇ ਵਿਰੁੱਧ ਖੜ੍ਹਨ ਦਾ ਪ੍ਰਤੀਕ ਹੈ। ਉਸ ਉੱਤੇ ਕੀਤਾ ਗਿਆ ਹਮਲਾ ਦਰਅਸਲ ਪੂਰੇ ਪੰਥ ਦੀ ਅਸਮਿਤਾ ਅਤੇ ਸਵਾਭਿਮਾਨ ਉੱਤੇ ਹਮਲਾ ਸੀ। ਭਾਈ ਸਰੂਪ ਸਿੰਘ ਰੂਪ ਨੇ ਕਿਹਾ ਅੱਜ ਜਦੋਂ ਅਸੀਂ ਜੂਨ 84 ਦੇ ਸ਼ਹੀਦਾਂ ਨੂੰ ਯਾਦ ਕਰਦੇ ਹਾਂ, ਤਾਂ ਸਿਰਫ਼ ਅੱਖਾਂ ਵਿੱਚ ਹੰਝੂ ਹੀ ਨਹੀਂ, ਸਗੋਂ ਆਪਣੇ ਅੰਦਰ ਇਹ ਪ੍ਰਣ ਵੀ ਜਗਾਉਣਾ ਹੈ ਕਿ ਅਸੀਂ ਆਪਣੇ ਗੁਰੂਆਂ ਦੇ ਦਿੱਤੇ ਸਿਧਾਂਤਾਂ, ਆਪਣੀ ਪੰਥਕ ਅਣਖ ਅਤੇ ਆਪਣੇ ਇਤਿਹਾਸ ਨੂੰ ਕਦੇ ਨਹੀਂ ਭੁੱਲਾਂਗੇ। ਜਿਨ੍ਹਾਂ ਨੇ ਜ਼ੁਲਮ ਅੱਗੇ ਸਿਰ ਨਹੀਂ ਝੁਕਾਇਆ, ਜਿਨ੍ਹਾਂ ਨੇ ਗੁਰੂ ਘਰ ਦੀ ਸ਼ਾਨ ਲਈ ਆਪਣੀਆਂ ਜਾਨਾਂ ਵਾਰ ਦਿੱਤੀਆਂ, ਉਹ ਸਦਾ ਕੌਮ ਦੇ ਦਿਲਾਂ ਵਿੱਚ ਜਿਉਂਦੇ ਰਹਿਣਗੇ। ਉਨ੍ਹਾਂ ਕਿਹਾ ਅੱਜ ਅਸੀਂ ਸਮੂਹ ਸ਼ਹੀਦਾਂ ਨੂੰ ਸਿਰ ਨਿਵਾ ਕੇ ਸ਼ਰਧਾਂਜਲੀ ਭੇਟ ਕਰੀਏ ਅਤੇ ਅਰਦਾਸ ਕਰੀਏ ਕਿ ਵਾਹਿਗੁਰੂ ਜੀ ਸਾਨੂੰ ਵੀ ਸੱਚ, ਇਨਸਾਫ਼ ਅਤੇ ਧਰਮ ਦੀ ਰੱਖਿਆ ਲਈ ਹਮੇਸ਼ਾਂ ਦ੍ਰਿੜ੍ਹ ਰਹਿਣ ਦਾ ਬਲ ਬਖ਼ਸ਼ਣ। "ਦੇਹ ਸ਼ਿਵਾ ਬਰ ਮੋਹੇ ਇਹੈ, ਸ਼ੁਭ ਕਰਮਨ ਤੇ ਕਬਹੂੰ ਨ ਟਰੋਂ, ਨ ਡਰੋਂ ਅਰਿ ਸੋ ਜਬ ਜਾਇ ਲਰੋਂ, ਨਿਸਚੈ ਕਰ ਅਪਨੀ ਜੀਤ ਕਰੋਂ॥" ਜੂਨ 1984 ਦੇ ਸਮੂਹ ਸ਼ਹੀਦਾਂ ਨੂੰ ਕੋਟਿ-ਕੋਟਿ ਪ੍ਰਣਾਮ। ਸ਼ਹੀਦ ਸਿੰਘ-ਸਿੰਘਣੀਆਂ ਅਮਰ ਰਹਿਣ।



### ਅਜ਼ਰਬਾਈਜਾਨ ਵਿੱਚ

# 1984 ਸਿੱਖ ਨਸਲਕੁਸ਼ੀ ਅਤੇ ਖ਼ਾਲਿਸਤਾਨ ਮਸਲੇ 'ਤੇ ਹੋਈ ਅਹਿਮ ਚਰਚਾ



**ਨਵੀਂ ਦਿੱਲੀ, 3 ਜੂਨ (ਮਨਪ੍ਰੀਤ ਸਿੰਘ ਖਾਲਸਾ):-** ਸਿੱਖ ਫੈਡਰੇਸ਼ਨ ਇੰਟਰਨੈਸ਼ਨਲ ਦੇ ਵਿਸ਼ਵ ਪੱਧਰੀ ਨੁਮਾਇੰਦਿਆਂ ਨੇ ਅਜ਼ਰਬਾਈਜਾਨ ਦੀ ਸੰਸਦ ਦੇ ਸੀਨੀਅਰ ਮੈਂਬਰਾਂ ਨਾਲ ਅਹਿਮ ਮੀਟਿੰਗ ਕੀਤੀ। ਮੀਟਿੰਗ ਦੌਰਾਨ 1984 ਦੀ ਸਿੱਖ ਨਸਲਕੁਸ਼ੀ, ਸਿੱਖਾਂ ਦੇ ਸਵੈ-ਨਿਰਣੇ ਦੇ ਅਧਿਕਾਰ ਅਤੇ ਖ਼ਾਲਿਸਤਾਨ ਦੇ ਮੁੱਦੇ 'ਤੇ ਵਿਸਥਾਰ ਨਾਲ ਚਰਚਾ ਹੋਈ। ਅਜ਼ਰਬਾਈਜਾਨੀ ਸੰਸਦ ਮੈਂਬਰ ਤੁਰਾਲ ਗੰਜਾਲੀਏਵ ਨੇ ਗੱਲਬਾਤ ਦੀ ਸ਼ੁਰੂਆਤ ਕਰਦਿਆਂ 1984 ਦੀਆਂ ਘਟਨਾਵਾਂ ਅਤੇ ਵਿਦੇਸ਼ਾਂ ਵਿੱਚ ਸਿੱਖ ਕਾਰਕੁਨਾਂ ਖ਼ਿਲਾਫ਼ ਹੋ ਰਹੇ ਦਬਾਅ ਦਾ ਜ਼ਿਕਰ ਕੀਤਾ।ਅਮਰੀਕਾ, ਬਰਤਾਨੀਆ ਅਤੇ ਕੈਨੇਡਾ ਤੋਂ ਸ਼ਾਮਲ ਸਿੱਖ ਨੁਮਾਇੰਦਿਆਂ ਨੇ ਸਿੱਖਾਂ ਦੇ ਮਨੁੱਖੀ ਅਧਿਕਾਰਾਂ ਅਤੇ ਜਗਤਾਰ ਸਿੰਘ ਜੌਹਲ ਦੇ ਮਾਮਲੇ ਨੂੰ ਵੀ ਉਠਾਇਆ ਗਿਆ । ਇਸ ਦੌਰਾਨ ਸਿੱਖਾਂ ਅਤੇ ਅਜ਼ਰਬਾਈਜਾਨ ਦੇ ਇਤਿਹਾਸਕ ਸੰਬੰਧਾਂ, ਜੋ ਗੁਰੂ ਨਾਨਕ ਦੇਵ ਜੀ ਦੇ ਸਮੇਂ ਨਾਲ ਜੋੜੇ ਜਾਂਦੇ ਹਨ, ਬਾਰੇ ਵੀ ਵਿਚਾਰ-ਵਟਾਂਦਰਾ ਹੋਇਆ। ਬਾਕੂ ਯੂਨੀਵਰਸਿਟੀ ਵਿੱਚ 1984 ਦੀ ਸਿੱਖ ਨਸਲਕੁਸ਼ੀ ਅਤੇ ਸਿੱਖ ਕਾਰਕੁਨਾਂ ਖ਼ਿਲਾਫ਼ ਕਥਿਤ ਅੰਤਰਰਾਸ਼ਟਰੀ ਦਬਾਅ ਦੇ ਵਿਸ਼ੇ 'ਤੇ ਇੱਕ ਵਿਸ਼ੇਸ਼ ਕਾਨਫਰੰਸ ਹੋਵੇਗੀ। ਇਸ ਦੌਰਾਨ ਇੱਕ ਮਹੱਤਵਪੂਰਨ ਐਲਾਨ ਦੀ ਸੰਭਾਵਨਾ ਜਤਾਈ ਜਾ ਰਹੀ ਹੈ, ਜੋ ਅੰਤਰਰਾਸ਼ਟਰੀ ਪੱਧਰ 'ਤੇ ਨਵੀਂ ਚਰਚਾ ਨੂੰ ਜਨਮ ਦੇ ਸਕਦਾ ਹੈ। ਪਿਛਲੇ ਪੰਜ ਮਹੀਨਿਆਂ ਵਿੱਚ ਬਾਕੂ ਇਨੀਸ਼ੀਏਟਿਵ ਗਰੁੱਪ ਅਤੇ ਸਿੱਖ ਫੈਡਰੇਸ਼ਨ ਇੰਟਰਨੈਸ਼ਨਲ ਵੱਲੋਂ ਕਰਵਾਈਆਂ ਗਈਆਂ ਕਾਨਫਰੰਸਾਂ ਨੇ ਇਸ ਮੁੱਦੇ ਨੂੰ ਵਿਸ਼ਵ ਪੱਧਰ 'ਤੇ ਹੋਰ ਉਭਾਰਿਆ ਹੈ। ਬਾਕੂ ਵਿੱਚ ਉਭਰ ਰਹੇ ਇਹ ਘਟਨਾਕ੍ਰਮ ਦਰਸਾਉਂਦੇ ਹਨ ਕਿ ਅਜ਼ਰਬਾਈਜਾਨ ਵਿੱਚ ਹੋ ਰਹੀਆਂ ਇਹ ਗਤੀਵਿਧੀਆਂ ਸਿੱਖ ਮਸਲਿਆਂ ਨੂੰ ਅੰਤਰਰਾਸ਼ਟਰੀ ਮੰਚਾਂ 'ਤੇ ਨਵੀਂ ਪਹਿਚਾਣ ਦੇ ਸਕਦੀਆਂ ਹਨ। ਜੇਕਰ 1984 ਦੀਆਂ ਘਟਨਾਵਾਂ ਸਬੰਧੀ ਕਾਨੂੰਨੀ ਕਾਰਵਾਈ ਲਈ ਕੋਈ ਅੰਤਰਰਾਸ਼ਟਰੀ ਪਹਲ ਅੱਗੇ ਵਧਦੀ ਹੈ, ਤਾਂ ਇਹ ਨਾ ਸਿਰਫ਼ ਭਾਰਤ ਲਈ ਕੂਟਨੀਤਿਕ ਚੁਣੌਤੀ ਬਣ ਸਕਦੀ ਹੈ, ਸਗੋਂ ਸਿੱਖਾਂ ਦੇ ਨਿਆਂ ਅਤੇ ਸਵੈ-ਨਿਰਣੇ ਦੇ ਅਧਿਕਾਰ ਬਾਰੇ ਵਿਸ਼ਵ ਪੱਧਰ 'ਤੇ ਚੱਲ ਰਹੀ ਬਹਿਸ ਨੂੰ ਵੀ ਨਵਾਂ ਮੋੜ ਦੇ ਸਕਦੀ ਹੈ।

### ਪਿੰਡ ਕਾਂਝਲਾ ਵਿਖੇ


# ਤਿੰਨ ਯਾਦਗਾਰੀ ਗੇਟ ਅਤੇ ਐਸ.ਸੀ ਧਰਮਸ਼ਾਲਾ ਦਾ ਕੀਤਾ ਉਦਘਾਟਨ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਆਪਣੇ ਹਲਕੇ ਵਿੱਚ ਵਿਕਾਸ ਕਾਰਜਾਂ ਦੀ ਲਿਆਂਦੀ ਹੋਈ ਤੇਜ਼ੀ ਨੂੰ ਦੇਖਦਿਆਂ ਹੋਇਆਂ ਪਿਛਲੇ ਮਹੀਨਿਆਂ ਦੌਰਾਨ ਮੁੱਖ ਮੰਤਰੀ ਵੱਲੋਂ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਯਾਦ ਵਿੱਚ ਹਲਕੇ ਦੇ ਕਈ ਪਿੰਡਾਂ ਨੂੰ ਯਾਦਗਾਰੀ ਗੇਟ ਬਣਾਉਣ ਦੇ ਲਈ 50-50 ਲੱਖ ਰੁਪਏ ਦੀ ਗਰਾਂਟ ਜਾਰੀ ਕੀਤੀ ਗਈ ਸੀ। ਜਿਸ ਦੇ ਚਲਦਿਆਂ ਅੱਜ ਪਿੰਡ ਕਾਂਝਲਾ ਵਿਖੇ ਰਣਯੋਧ ਸਿੰਘ ਕਾਂਝਲਾ ਚੇਅਰਮੈਨ ਬਲਾਕ ਸੰਮਤੀ ਧੂਰੀ, ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਦੇ ਸਤਿਕਾਰਯੋਗ ਪਿਤਾ ਸ, ਗੁਰਨਾਮ ਸਿੰਘ ਸਾਬਕਾ ਡਾਇਰੈਕਟਰ ਵੇਰਕਾ ਮਿਲਕ ਪਲਾਂਟ ਸੰਗਰੂਰ ਅਤੇ ਉੱਘੇ ਸਮਾਜ ਸੇਵੀ ਪਰਮਜੀਤ ਸਿੰਘ ਕਾਂਝਲਾ ਵੱਲੋਂ ਪਿੰਡ ਵਿੱਚ ਸ੍ਰੀ ਗੁਰੂ ਤੇਗ ਬਹਾਦਰ ਮਹਾਰਾਜ ਜੀ ਦੀ ਯਾਦਗਾਰੀ ਗੇਟ ਅਤੇ ਰਵਿਦਾਸੀਆਂ ਭਾਈਚਾਰੇ ਦੀ ਧਰਮਸ਼ਾਲਾ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਆਪ ਆਗੂ ਕੁਲਵਿੰਦਰ ਸਿੰਘ ਹਸਨਪੁਰ, ਨਪਿੰਦਰ ਸਿੰਘ ਕਾਂਝਲਾ ਹਾਜ਼ਰ ਸਨ।

# ਜੂਨ '84 ਤੀਜਾ ਘੱਲੂਘਾਰਾ: 5 ਜੂਨ ਦੇ ਯਾਦਗਾਰੀ ਮਾਰਚ 'ਚ ਸ਼ਾਮਲ ਹੋਵੇਗੀ ਮਾਲਵੇ ਦੀ ਸੰਗਤ - ਬਾਬਾ ਮਹਿਰਾਜ

## 6 ਜੂਨ ਨੂੰ ਅਰਦਾਸ ਅਤੇ ਸ਼ਹੀਦ ਸਿੰਘ-ਸਿੰਘਣੀਆਂ ਦੀ ਯਾਦ 'ਚ ਅੰਮ੍ਰਿਤਸਰ ਬੰਦ ਰੱਖਣ ਦਾ ਸੱਦਾ



**ਨਵੀਂ ਦਿੱਲੀ, 3 ਜੂਨ (ਮਨਪ੍ਰੀਤ ਸਿੰਘ ਖਾਲਸਾ)-** ਜੂਨ 1984 ਦੇ ਤੀਜੇ ਘੱਲੂਘਾਰੇ ਦੀ 42ਵੀਂ ਵਰ੍ਹੇਗੰਢ ਮੌਕੇ 5 ਜੂਨ ਨੂੰ ਅੰਮ੍ਰਿਤਸਰ ਵਿਖੇ ਕੱਢੇ ਜਾਣ ਵਾਲੇ ਘੱਲੂਘਾਰਾ ਯਾਦਗਾਰੀ ਮਾਰਚ ਵਿੱਚ ਬਠਿੰਡਾ, ਮਾਨਸਾ ਅਤੇ ਮਾਲਵਾ ਖੇਤਰ ਦੀ ਵੱਡੀ ਗਿਣਤੀ ਵਿੱਚ ਸੰਗਤ ਸ਼ਾਮਲ ਹੋਵੇਗੀ। ਇਹ ਜਾਣਕਾਰੀ ਦੇਂਦਿਆ ਦਲ ਖਾਲਸਾ ਦੇ ਆਗੂ ਬਾਬਾ ਹਰਦੀਪ ਸਿੰਘ ਮਹਿਰਾਜ ਨੇ ਦੱਸਿਆ ਕਿ 6 ਜੂਨ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਅਰਦਾਸ ਸਮਾਗਮ ਕਰਵਾਇਆ ਜਾਵੇਗਾ, ਜਿਸ ਦੌਰਾਨ ਜੂਨ 1984 ਦੀਆਂ ਘਟਨਾਵਾਂ ਵਿੱਚ ਸ਼ਹੀਦ ਹੋਏ ਸਿੰਘਾਂ ਅਤੇ ਸਿੰਘਣੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਜਾਵੇਗੀ। ਬਾਬਾ ਮਹਿਰਾਜ ਨੇ ਕਿਹਾ ਕਿ ਦਲ ਖਾਲਸਾ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ 6 ਜੂਨ ਨੂੰ ਰੋਸ ਵਜੋਂ ਅੰਮ੍ਰਿਤਸਰ ਸ਼ਹਿਰ ਮੁਕੰਮਲ ਬੰਦ ਰੱਖਣ ਦਾ ਸੱਦਾ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਦਲ ਖਾਲਸਾ ਦੇ ਜਥੇ ਸ਼ਹਿਰ ਬੰਦ ਨੂੰ ਯਕੀਨੀ ਬਣਾਉਣ ਲਈ ਨਿਗਰਾਨੀ ਵੀ ਕਰਨਗੇ। ਇਸ ਮੌਕੇ ਦਲ ਖਾਲਸਾ ਦੀ ਵਰਕਿੰਗ ਕਮੇਟੀ ਦੇ ਮੈਂਬਰ ਭਾਈ ਗੁਰਵਿੰਦਰ ਸਿੰਘ ਬਠਿੰਡਾ, ਜੀਵਨ ਸਿੰਘ ਗਿੱਲ ਕਲਾਂ, ਭਗਵਾਨ ਸਿੰਘ ਸੰਧੂ ਅਤੇ ਰਾਮ ਸਿੰਘ ਢਪਾਲੀ ਨੇ ਦੱਸਿਆ ਕਿ ਘੱਲੂਘਾਰਾ ਯਾਦਗਾਰੀ ਮਾਰਚ ਗੁਰਦੁਆਰਾ ਬੁਰਜ ਅਕਾਲੀ ਬਾਬਾ ਫੂਲਾ ਸਿੰਘ ਤੋਂ ਸ਼ੁਰੂ ਹੋ ਕੇ ਬਾਜ਼ਾਰਾਂ ਵਿੱਚੋਂ ਲੰਘਦਾ ਹੋਇਆ ਸ੍ਰੀ ਦਰਬਾਰ ਸਾਹਿਬ ਤੱਕ ਪਹੁੰਚੇਗਾ। ਆਗੂਆਂ ਨੇ ਕਿਹਾ ਕਿ ਜੂਨ 1984 ਦੀਆਂ ਘਟਨਾਵਾਂ ਨੂੰ ਸਿੱਖ ਇਤਿਹਾਸ ਦਾ ਦੁਖਦਾਈ ਅਧਿਆਇ ਮੰਨਿਆ ਜਾਂਦਾ ਹੈ। ਉਨ੍ਹਾਂ ਦਾਅਵਾ ਕੀਤਾ ਕਿ ਉਸ ਸਮੇਂ ਭਾਰਤੀ ਰਾਜ ਨੇ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਸ੍ਰੀ ਦਰਬਾਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਹੋਰ ਗੁਰਦੁਆਰਿਆਂ 'ਤੇ ਫੌਜੀ ਕਾਰਵਾਈ ਕਰਕੇ ਸਿੱਖ ਭਾਈਚਾਰੇ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਈ ਸੀ।

# ਪੰਜਾਬ ਵਿੱਚ ਗੁੰਡਾ ਗਰਦੀ ਦਾ ਰਾਜ ਲੋਕਤੰਤਰ ਦਾ ਘਾਣ—ਬਲੇਅਰ



**ਫ਼ਿਰੋਜ਼ਪੁਰ, 03 ਜੂਨ (ਮਨੋਹਰ ਲਾਲ) :—** ਪਾਰਟੀ ਦੀ ਮੀਟਿੰਗ ਗੁਰਚਰਨ ਸਿੰਘ ਭੁੱਲਰ ਜਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਜਿਲ੍ਹਾ ਫਿਰੋਜਪੁਰ ਅਤੇ ਪੀ.ਏ.ਸੀ ਮੈਂਬਰ ਦੇ ਘਰ ਹੋਈ, ਜਿਸ ਵਿੱਚ ਹਰਪਾਲ ਸਿੰਘ ਬਲੇਅਰ ਕੌਮੀ ਜਰਨਲ ਸਕੱਤਰ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਉਚੇਚੇ ਤੌਰ ਤੇ ਪਹੁੰਚੇ। ਉਨ੍ਹਾਂ ਕਿਹਾ ਪੰਜਾਬ ਵਿੱਚ ਗੁੰਡਾਗਰਦੀ ਦਾ ਰਾਜ ਚੱਲ ਰਿਹਾ ਅਤੇ ਲੋਕਤੰਤਰ ਦਾ ਘਾਣ ਹੋ ਚੁੱਕਾ ਹੈ, ਇਸ ਵਕਤ ਕੋਈ ਵੀ ਵਿਅਕਤੀ ਸੇਫ ਨਹੀਂ ਪ੍ਰਸ਼ਾਸਨ ਜਿਹੜਾ ਮੂਕ ਦਰਸ਼ਕ ਬਣ ਕੇ ਵੇਖ ਰਿਹਾ ਹੈ। ਗੱਲਬਾਤ ਕਰਦਿਆਂ ਹਰਪਾਲ ਸਿੰਘ ਬਲੇਅਰ ਨੇ ਕਿਹਾ ਕਿ ਜ਼ਿਲ੍ਹਾ ਫ਼ਿਰੋਜ਼ਪੁਰ ਵਿੱਚ ਨਿਤ ਦਿਹਾੜੇ ਕਤਲ ਹੋ ਰਹੇ ਹਨ, ਮਖੂ ਵਿੱਚ ਇੱਕ ਦੁਕਾਨਦਾਰ ਨੂੰ ਗੋਲੀਆਂ ਮਾਰੀਆਂ ਗਈਆਂ ਇਸੇ ਤਰ੍ਹਾਂ ਕਦੀ ਕਿਸੇ ਨੂੰ ਘਰ ਵਿੱਚ ਵੜ ਕੇ ਗੋਲੀ ਮਾਰ ਦਿੱਤੀਆਂ ਜਾਂਦੀਆਂ ਹਨ ਅਤੇ ਕਦੇ ਕਿਸੇ ਨੂੰ ਬਾਹਰ ਗੋਲੀ ਮਾਰੀ ਜਾਂਦੀ ਹੈ ਕਦੀ ਕਿਸੇ ਨੂੰ ਦੁਕਾਨ ਤੇ ਗੋਲੀ ਮਾਰੀ ਜਾਂਦੀ ਹੈ, ਕੋਈ ਵੀ ਲੋਕਾਂ ਦੀ ਸਾਰ ਨਹੀਂ ਲੈ ਰਿਹਾ। ਉਨ੍ਹਾਂ ਕਿਹਾ ਕਿ ਇੱਕ ਗੱਲ ਹੋਰ ਦੱਸਣਾ ਚਾਹੁੰਦਾ ਹਾਂ ਕਿ ਉਨ੍ਹੇ ਲੋਕਾਂ ਕੋਲ ਅਸਲਾ ਲਾਈਸੈਂਸ ਨਹੀਂ, ਜਿੰਨੇ ਮਾੜੇ ਅਨਸਰ ਨਜਾਇਜ਼ ਅਸਲਾ ਲਈ ਫਿਰਦੇ ਹਨ ਅਤੇ ਜਿੱਥੇ ਮਰਜੀ ਆਪਣੀ ਡੱਬ ਵਿੱਚੋ ਪਸਤੋਲ ਕੱਢ ਕੇ ਤੁਰੇ ਜਾਂਦੇ ਨੂੰ ਗੋਲੀ ਮਾਰ ਦਿੰਦੇ ਹਨ, ਇਥੋਂ ਪਤਾ ਲੱਗਦਾ ਹੈ ਕਿ ਸਰਕਾਰ ਪੂਰੀ ਤਰ੍ਹਾਂ ਨਾਲ ਫੇਲ ਹੋ ਚੁੱਕੀ ਹੈ ਅਤੇ ਲਾ ਐਂਡ ਆਰਡਰ ਬਿਲਕੁਲ ਖਤਮ ਹੋ ਚੁੱਕਾ ਹੈ। ਗੱਲਬਾਤ ਜਾਰੀ ਰੱਖਦਿਆਂ ਹਰਪਾਲ ਸਿੰਘ ਬਲੇਰ ਨੇ ਕਿਹਾ ਕਿ ਅਸੀਂ ਪੰਥਕ ਧਿਰਾਂ ਇਕੱਠੀਆਂ ਹੋ ਕੇ ਸਰਕਾਰ ਬਣਾਵਾਂਗੇ ਅਤੇ ਜੋ ਇਹ ਗੁੰਡਾਗਰਦੀ ਜਾਂ ਲੋਕਤੰਤਰ ਦਾ ਘਾਣ ਕੀਤਾ ਜਾ ਰਿਹਾ ਹੈ ਇਸ ਨੂੰ ਨੱਥ ਪਾਈ ਜਾਵੇਗੀ, ਜਿਹੜੇ ਨੌਜਵਾਨ ਭਟਕ ਗਏ ਹਨ ਜਾਂ ਗਲਤ ਨਸ਼ਿਆਂ ਚ ਵੜ ਗਏ ਜਾਂ ਗਲਤ ਤਰੀਕੇ ਨਾਲ ਉਹ ਚੱਲ ਰਿਹਾ ਉਨ੍ਹਾਂ ਨੂੰ ਸੁਧਾਰ ਕੇ ➡ਜ਼ਗਾਰ ਦੇਵਾਂਗੇ ਅਤੇ ਪੰਜਾਬ ਜੋ ਅੱਜ ਮਾਹੌਲ ਖਰਾਬ ਹੋਇਆ ਪਿਆ ਉਸ ਨੂੰ ਬਿਲਕੁਲ ਸਹੀ ਕਰਾਂਗੇ। ਉਨ੍ਹਾਂ ਕਿਹਾ ਕਿ ਫਿਰੋਜ਼ਪੁਰ ਦੀਆਂ ਸਾਰੀਆਂ ਸੀਟਾਂ ਤੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਆਪਣੇ ਉਮੀਦਵਾਰ ਉਤਾਰੇਗਾ ਜੇਕਰ ਪੰਥਕ ਜੰਥੇਬੰਦੀਆ ਇਕੱਠੀਆਂ ਲੜਨਗੀਆ ਤਾਂ ਸਾਝੇ ਤੌਰ ਤੇ ਉਹ ਉਮੀਦਵਾਰ ਐਲਾਨੇ ਜਾਣਗੇ ਜਿੰਨਾਂ ਦਾ ਕਿਰਦਾਰ ਅਤੇ ਅਧਾਰ ਲੋਕਾਂ ਵਿੱਚ ਚੰਗਾ ਹੋਵੇਗਾ ਅਤੇ ਪੰਥਕ ਸਰਕਾਰ ਬਣਾਈ ਜਾਵੇਗੀ ਜਿਹੜੀ ਲੋਕਾਂ ਦੇ ਭਲੇ ਲਈ ਕੰਮ ਕਰੂਗੀ। ਉਨ੍ਹਾਂ ਕਿਹਾ ਕਿ ਜਿਹੜੇ ਇਨ੍ਹਾਂ ਪੁਰਾਣੇ ਲੀਡਰਾਂ ਨੇ ਕੁੱਟਮਾਰ ਧੱਕੇਸ਼ਾਹੀ ਗੁੰਡਾਗਰਦੀ ਵਾਲੇ ਰਾਜ ਚਲਾਏ ਹਨ, ਉਨ੍ਹਾਂ ਦੀ ਥਾਂ ਤੇ ਮਹਾਰਾਜਾ ਰਣਜੀਤ ਸਿੰਘ ਵਰਗਾ ਰਾਜ ਲਿਆ ਕੇ ਲੋਕਾਂ ਨੂੰ ਸੁੱਖ ਸਹੂਲਤਾਂ ਅਤੇ ➡ਜ਼ਗਾਰ ਦਿੱਤਾ ਜਾਵੇਗਾ। ਇਸ ਸਮੇਂ ਹਰਪਾਲ ਸਿੰਘ ਬਲੈਅਰ ਨੇ ਸਰਕਾਰ ਨੂੰ ਅਪੀਲ ਕੀਤੀ ਕਿ ਜਿਨ੍ਹਾਂ ਲੋਕਾਂ ਨੇ ਅਸਲਾ ਲਾਇਸੈਂਸ ਅਪਲਾਈ ਕੀਤੇ ਹਨ ਜਾਂ ਜਿਨਾਂ ਨੂੰ ਅਸਲਾ ਲਾਇਸੈਂਸ ਦੀ ਜਰੂਰਤ ਹੈ ਉਨ੍ਹਾਂ ਦੀ ਪੁਲਿਸ ਤੋਂ ਤਸਦੀਕ ਕਰਵਾ ਕੇ ਤੁਰੰਤ ਅਸਲਾ ਲਾਇਸੈਂਸ ਦਿੱਤੇ ਜਾਣ ਤਾਂ ਜੋ ਲੋਕ ਆਪਣੀ ਰਾਖੀ ਖੁਦ ਕਰਨ ਦੇ ਸਮਰਥ ਹੋ ਸਕਣ। ਇਸ ਸਮੇਂ ਗੁਰਚਰਨ ਸਿੰਘ ਭੁੱਲਰ ਜਿਲ੍ਹਾ ਪ੍ਰਧਾਨ ਫਿਰੋਜਪੁਰ, ਤੇਜਿੰਦਰ ਸਿੰਘ ਦਿਓਲ ਯੂਥ ਪ੍ਰਧਾਨ ਪੰਜਾਬ, ਦਵਿੰਦਰ ਸਿੰਘ ਚੂਰੀਆ, ਜੋਗਿੰਦਰ ਸਿੰਘ ਮੱਲੇਵਾਲਾ ਜਰਨਲ ਸਕੱਤਰ ਫਿਰੋਜਪੁਰ, ਬਲਕਾਰ ਸਿੰਘ ਜੋਗੇਵਾਲਾ ਪ੍ਰਧਾਨ ਕਿਸਾਨ ਵਿੰਗ, ਗੁਰਵਿੰਦਰ ਸਿੰਘ ਮਹਾਲਮ ਯੂਥ ਪ੍ਰਧਾਨ, ਜਗਜੀਤ ਸਿੰਘ ਛੂਛਕ ਜੰਥੇਬੰਧਕ ਸਕੱਤਰ, ਸੁੱਚਾ ਸਿੰਘ ਮੁਹਾਲਮ, ਸਰਵਨ ਸਿੰਘ ਦਿਆਲ ਪੁਰਾ, ਨਿਸ਼ਾਨ ਸਿੰਘ ਅਤੇ ਜਗਜੀਤ ਸਿੰਘ ਬਲੇਰ, ਹਰਮਨ ਸਿੰਘ ਮੁਗਰਿੰਦਪੁਰਾ ਨੇ ਪੰਜਾਬ ਦੇ ਹਾਲਾਤ ਖਰਾਬ ਹੋਣ ਲਈ ਸਰਕਾਰ ਨੂੰ ਜਿਮੇਵਾਰ ਠਹਿਰਾਇਆ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪੰਨੂ ਕਤਲ ਸਾਜ਼ਿਸ਼ ਮਾਮਲਾ

# ਨਿਖਿਲ ਗੁਪਤਾ ਦੀ ਸਜ਼ਾ 25 ਸਤੰਬਰ ਤੱਕ ਟਲੀ



## ਭਾਰਤ-ਅਮਰੀਕਾ ਸੰਬੰਧਾਂ 'ਤੇ ਨਜ਼ਰ

ਨਵੀਂ ਦਿੱਲੀ 3 ਜੂਨ (ਮਨਪ੍ਰੀਤ ਸਿੰਘ ਖਾਲਸਾ):- ਅਮਰੀਕਾ ਵਿੱਚ ਸਿੱਖ ਕਾਰਕੁਨ ਗੁਰਪਤਵੰਤ ਸਿੰਘ ਪੰਨੂ ਦੇ ਕਥਿਤ ਕਤਲ ਦੀ ਸਾਜ਼ਿਸ਼ ਨਾਲ ਜੁੜੇ ਮਾਮਲੇ ਵਿੱਚ ਭਾਰਤੀ ਨਾਗਰਿਕ ਨਿਖਿਲ ਗੁਪਤਾ ਦੀ ਸਜ਼ਾ ਸੁਣਾਉਣ ਦੀ ਕਾਰਵਾਈ 25 ਸਤੰਬਰ ਤੱਕ ਮੁਲਤਵੀ ਕਰ ਦਿੱਤੀ ਗਈ ਹੈ। ਪਹਿਲਾਂ ਇਹ ਫੈਸਲਾ 29 ਮਈ ਨੂੰ ਆਉਣਾ ਸੀ, ਪਰ ਬਚਾਅ ਪੱਖ ਦੀ ਬੇਨਤੀ 'ਤੇ ਅਦਾਲਤ ਨੇ ਨਵੀਂ ਤਾਰੀਖ਼ ਨਿਰਧਾਰਤ ਕੀਤੀ ਹੈ। ਨਿਖਿਲ ਗੁਪਤਾ ਇਸ ਸਾਲ ਫਰਵਰੀ ਵਿੱਚ ਦੋਸ਼ ਕਬੂਲ ਕਰ ਚੁੱਕਾ ਹੈ।ਅਮਰੀਕੀ ਸੰਘੀ ਏਜੰਸੀਆਂ ਦਾ ਦੋਸ਼ ਹੈ ਕਿ ਉਸ ਨੇ ਪੰਨੂ ਦੀ ਹੱਤਿਆ ਲਈ ਇੱਕ ਕਥਿਤ ਹਿੱਟਮੈਨ ਨਾਲ 1 ਲੱਖ ਡਾਲਰ ਦੇ ਸੌਦੇ ਦੀ ਕੋਸ਼ਿਸ਼ ਕੀਤੀ ਸੀ। ਹਾਲਾਂਕਿ ਜਿਸ ਵਿਅਕਤੀ ਨਾਲ ਸੰਪਰਕ ਕੀਤਾ ਗਿਆ, ਉਹ ਅਮਰੀਕੀ ਏਜੰਸੀ ਦਾ ਗੁਪਤ ਮੁਖ਼ਬਰ ਨਿਕਲਿਆ।ਅਮਰੀਕਾ ਨੇ ਇਸ ਮਾਮਲੇ ਵਿੱਚ ਭਾਰਤ ਦੇ ਸਾਬਕਾ ਅਧਿਕਾਰੀ ਵਿਕਾਸ ਯਾਦਵ ਨੂੰ ਮੁੱਖ ਸਾਜ਼ਿਸ਼ਕਰਤਾ ਦੱਸਦੇ ਹੋਏ ਐਫਬੀਆਈ ਦੀ 'ਮੋਸਟ ਵਾਂਟੇਡ' ਸੂਚੀ ਵਿੱਚ ਸ਼ਾਮਲ ਕੀਤਾ ਹੈ। ਦੂਜੇ ਪਾਸੇ, ਭਾਰਤ ਸਰਕਾਰ ਨੇ ਕਿਸੇ ਵੀ ਸਰਕਾਰੀ ਸ਼ਮੂਲੀਅਤ ਤੋਂ ਇਨਕਾਰ ਕਰਦਿਆਂ ਕਿਹਾ ਹੈ ਕਿ ਅਜਿਹੀ ਕਾਰਵਾਈ ਭਾਰਤ ਦੀ ਅਧਿਕਾਰਤ ਨੀਤੀ ਦਾ ਹਿੱਸਾ ਨਹੀਂ ਹੈ। ਭਾਰਤ ਸਰਕਾਰ ਵੱਲੋਂ ਬਣਾਈ ਗਈ ਉੱਚ-ਪੱਧਰੀ ਜਾਂਚ ਕਮੇਟੀ ਨੇ ਮਾਮਲੇ ਦੀ ਜਾਂਚ ਤੋਂ ਬਾਅਦ ਕੁਝ ਵਿਅਕਤੀਆਂ ਖ਼ਿਲਾਫ਼ ਕਾਰਵਾਈ ਦੀ ਸਿਫ਼ਾਰਸ਼ ਕੀਤੀ ਸੀ, ਪਰ ਸਰਕਾਰ ਨੇ ਦੁਹਰਾਇਆ ਹੈ ਕਿ ਇਸ ਸਾਜ਼ਿਸ਼ ਨਾਲ ਭਾਰਤੀ ਰਾਜ ਦੀ ਕੋਈ ਸਿੱਧੀ ਭੂਮਿਕਾ ਸਾਬਤ ਨਹੀਂ ਹੋਈ। ਇਸ ਦਰਮਿਆਨ, ਇਹ ਮਾਮਲਾ ਕੈਨੇਡਾ ਵਿੱਚ ਸਿੱਖ ਆਗੂ ਹਰਦੀਪ ਸਿੰਘ ਨਿੱਝਰ ਦੇ ਕਤਲ ਨਾਲ ਜੁੜੀਆਂ ਚਰਚਾਵਾਂ ਨੂੰ ਵੀ ਹੋਰ ਹਵਾ ਦੇ ਰਿਹਾ ਹੈ। ਇਹ ਮਾਮਲਾ ਸਿਰਫ਼ ਇੱਕ ਅਪਰਾਧਿਕ ਕੇਸ ਨਹੀਂ ਰਹਿ ਗਿਆ, ਸਗੋਂ ਭਾਰਤ-ਅਮਰੀਕਾ ਕੂਟਨੀਤਕ ਅਤੇ ਰਣਨੀਤਕ ਸਬੰਧਾਂ ਦੀ ਵੀ ਅਹਿਮ ਕਸੌਟੀ ਬਣ ਗਿਆ ਹੈ। ਮਾਹਿਰਾਂ ਦਾ ਮੰਨਣਾ ਹੈ ਕਿ ਅਮਰੀਕਾ ਇੱਕ ਪਾਸੇ ਆਪਣੇ ਕਾਨੂੰਨ ਅਤੇ ਸੁਰੱਖਿਆ ਨੀਤੀਆਂ ਨੂੰ ਸਖ਼ਤੀ ਨਾਲ ਲਾਗੂ ਕਰ ਰਿਹਾ ਹੈ, ਜਦਕਿ ਦੂਜੇ ਪਾਸੇ ਉਹ ਭਾਰਤ ਨਾਲ ਰੱਖਿਆ, ਵਪਾਰ ਅਤੇ ਇੰਡੋ-ਪੈਸਿਫਿਕ ਰਣਨੀਤੀ ਨਾਲ ਜੁੜੇ ਸਬੰਧਾਂ ਨੂੰ ਪ੍ਰਭਾਵਿਤ ਨਹੀਂ ਹੋਣ ਦੇਣਾ ਚਾਹੁੰਦਾ। ਹੁਣ ਸਭ ਦੀ ਨਜ਼ਰ 25 ਸਤੰਬਰ ਨੂੰ ਆਉਣ ਵਾਲੇ ਅਦਾਲਤੀ ਫੈਸਲੇ ਅਤੇ ਇਸ ਮਾਮਲੇ ਨਾਲ ਜੁੜੇ ਅਗਲੇ ਖੁਲਾਸਿਆਂ 'ਤੇ ਟਿਕੀ ਹੋਈ ਹੈ।

### ਸੇਵਾ ਕੇਂਦਰ ਮੁਲਾਜ਼ਮਾਂ ਦਾ ਸੰਘਰਸ਼ ਤੇਜ਼, ਸਰਕਾਰ ਦੀ ਬੇਰੁਖੀ ਖਿਲਾਫ

# ਬਠਿੰਡਾ ਡੀ.ਸੀ. ਦਫਤਰ ਬਾਹਰ ਕੀਤਾ ਰੋਸ ਪ੍ਰਦਰਸ਼ਨ






**ਬਠਿੰਡਾ**, 3 ਜੂਨ (**ਗੁਰਜੰਟ ਸਿੰਘ ਨਥੇਹਾ**)-ਪੰਜਾਬ ਭਰ ਦੇ ਸੇਵਾ ਕੇਂਦਰਾਂ ਵਿੱਚ ਕੰਮ ਕਰ ਰਹੇ ਮੁਲਾਜ਼ਮਾਂ ਵੱਲੋਂ ਆਪਣੀਆਂ ਹੱਕੀ ਮੰਗਾਂ ਦੀ ਪ੍ਰਾਪਤੀ ਲਈ ਸੂਬਾ ਪੱਧਰੀ ਰੋਸ ਪ੍ਰਦਰਸ਼ਨ ਕੀਤਾ ਗਿਆ।ਬਠਿੰਡਾ ਵਿਖੇ ਵੀ ਇਹ ਪ੍ਰਦਰਸ਼ਨ ਡੀ.ਸੀ. ਦਫ਼ਤਰਾਂ ਅਤੇ ਰੁਜ਼ਗਾਰ ਦਫ਼ਤਰਾਂ ਦੇ ਬਾਹਰ ਕੀਤਾ ਗਿਆ।ਯੂਨੀਅਨ ਦੇ ਆਗੂਆਂ ਪ੍ਰਧਾਨ ਜਿੰਨੀ ਸ਼ਰਮਾ, ਉਪ ਪ੍ਰਧਾਨ ਮਹਿਕਦੀਪ ਸਿੰਘ ਗਿੱਲ, ਉਪ ਪ੍ਰਧਾਨ ਵੀਰਪਾਲ ਕੌਰ, ਮੁੱਖ ਬੁਲਾਰਾ ਗੁਰਵਿੰਦਰ ਸਿੰਘ ਭੈਣੀ ਚੂਹੜ, ਗੁਰਜੀਤ ਸਿੰਘ ਜੋਧਪੁਰ ਪਖਰ, ਗੁਰਪ੍ਰੀਤ ਸਿੰਘ ਮਿਰਜੇਆਣਾ, ਰਾਕੇਸ਼ ਕੁਮਾਰ, ਪ੍ਰਭਜੀਤ ਸਿੰਘ, ਵਕੀਲ ਸਿੰਘ ਸਕੱਤਰ, ਖਜਾਨਚੀ ਸੁਖਪਾਲ ਸਿੰਘ ਨੇ ਦੱਸਿਆ ਕਿ ਪਿਛਲੇ 26 ਮਈ 2026 ਤੋਂ ਸਮੁੱਚੇ ਪੰਜਾਬ ਦੇ ਸੇਵਾ ਕੇਂਦਰ ਮੁਲਾਜ਼ਮ ਹੜਤਾਲ 'ਤੇ ਹਨ, ਪਰ ਸਰਕਾਰ ਵੱਲੋਂ ਉਨ੍ਹਾਂ ਦੀ ਕੋਈ ਸਾਰ ਨਹੀਂ ਲਈ ਜਾ ਰਹੀ। ਯੂਨੀਅਨ ਦੀਆਂ ਪ੍ਰਮੁੱਖ ਮੰਗਾਂ ਵਿੱਚ ਸੇਵਾ ਕੇਂਦਰਾਂ ਵਿੱਚ ਚੱਲ ਰਹੀ ਆਊਟਸੋਰਸਿੰਗ ਪ੍ਰਣਾਲੀ ਨੂੰ ਤੁਰੰਤ ਖਤਮ ਕਰਨਾ ਅਤੇ ਮੁਲਾਜ਼ਮਾਂ ਨੂੰ ਸਰਕਾਰ ਦੇ ਸਿੱਧੇ ਅਧੀਨ ਲਿਆਉਣਾ ਸ਼ਾਮਲ ਹੈ। ਇਸ ਤੋਂ ਇਲਾਵਾ, ਮੁਲਾਜ਼ਮਾਂ ਨੇ ਤਨਖਾਹਾਂ ਵਿੱਚ ਯੋਗ ਵਾਧਾ ਕਰਨ ਅਤੇ ਗੈਰ-ਕਾਨੂੰਨੀ ਤਰੀਕੇ ਨਾਲ ਨੌਕਰੀ ਤੋਂ ਬਰਖਾਸਤ ਕੀਤੇ ਗਏ ਮੁਲਾਜ਼ਮਾਂ ਨੂੰ ਤੁਰੰਤ ਬਹਾਲ ਕਰਨ ਦੀ ਮੰਗ ਕੀਤੀ ਹੈ। ਆਗੂਆਂ ਨੇ ਸਰਕਾਰ 'ਤੇ ਗੰਭੀਰ ਦੋਸ਼ ਲਾਉਂਦਿਆਂ ਕਿਹਾ ਕਿ ਹੜਤਾਲ ਦੌਰਾਨ ਨਵੀਂ ਭਰਤੀ ਕਰਨਾ 'ਇੰਡਸਟ੍ਰੀਅਲ ਡਿਸਪਿਊਟ ਐਕਟ 1947' ਦੀ ਧਾਰਾ 25-ਟੀ ਅਤੇ 25-ਯੂ ਦੀ ਸਪੱਸ਼ਟ ਉਲੰਘਣਾ ਹੈ। ਉਨ੍ਹਾਂ ਕਿਹਾ ਕਿ ਪੁਰਾਣੇ ਤਜ਼ਰਬੇਕਾਰ ਮੁਲਾਜ਼ਮਾਂ ਦਾ ਸ਼ੋਸ਼ਣ ਕਰਨ ਤੋਂ ਬਾਅਦ, ਸਰਕਾਰ ਹੁਣ ਨਵੀਂ ਭਰਤੀ ਕਰਕੇ ਨੌਜਵਾਨਾਂ ਦਾ ਵੀ ਸ਼ੋਸ਼ਣ ਕਰਨ ਦੀ ਤਿਆਰੀ ਵਿੱਚ ਹੈ, ਜੋ ਕਿ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਅੱਜ ਦੇ ਇਸ ਸੰਘਰਸ਼ ਨੂੰ 'ਸੰਯੁਕਤ ਕਿਸਾਨ ਮੋਰਚੇ' ਵੱਲੋਂ ਪੁਰਜ਼ੋਰ ਸਮਰਥਨ ਦਿੱਤਾ ਗਿਆ ਹੈ। ਮੋਰਚੇ ਦੇ ਆਗੂਆਂ ਨੇ ਐਲਾਨ ਕੀਤਾ ਹੈ ਕਿ ਜੇਕਰ ਸਰਕਾਰ ਨੇ ਜਲਦੀ ਸੇਵਾ ਕੇਂਦਰ ਮੁਲਾਜ਼ਮਾਂ ਦੀਆਂ ਮੰਗਾਂ ਪ੍ਰਵਾਨ ਨਾ ਕੀਤੀਆਂ, ਤਾਂ ਸੰਯੁਕਤ ਕਿਸਾਨ ਮੋਰਚਾ ਇਹਨਾਂ ਕਿਰਤੀਆਂ ਦੀ ਪਿੱਠ 'ਤੇ ਪੂਰੀ ਤਰ੍ਹਾਂ ਖੜ੍ਹਾ ਹੈ ਅਤੇ ਲਗਾਤਾਰ ਇਨ੍ਹਾਂ ਦੇ ਸੰਘਰਸ਼ ਵਿੱਚ ਡੱਟ ਕੇ ਸਾਥ ਦਿੱਤਾ ਜਾਵੇਗਾ। ਯੂਨੀਅਨ ਨੇ ਐਲਾਨ ਕੀਤਾ ਕਿ 16 ਜੂਨ 2026 ਨੂੰ ਸੁਨਾਮ ਵਿਖੇ ਮਾਲ ਮੰਤਰੀ ਅਮਨ ਅਰੋੜਾ ਦੇ ਸ਼ਹਿਰ ਵਿੱਚ ਇੱਕ ਵੱਡਾ ਪ੍ਰਦਰਸ਼ਨ ਕਰਕੇ ਮੰਗ ਪੱਤਰ ਸੌਂਪਿਆ ਜਾਵੇਗਾ। ਜੇਕਰ ਫਿਰ ਵੀ ਮਸਲੇ ਦਾ ਹੱਲ ਨਾ ਹੋਇਆ, ਤਾਂ ਸੰਘਰਸ਼ ਨੂੰ ਹੋਰ ਵੀ ਤਿੱਖਾ ਕੀਤਾ ਜਾਵੇਗਾ, ਜਿਸ ਦੀ ਸਾਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਠਿੰਡਾ ਜਿਲ੍ਹੇ ਸਾਰੇ ਸੇਵਾ ਕੇਂਦਰ ਮੁਲਾਜ਼ਮ ਹਾਜ਼ਰ ਸਨ।

# ਪੰਜਾਬ ਦੇ ਨੌਜਵਾਨਾਂ ਦੀ ਕੁੱਟਮਾਰ ਕਰਨ ਦੀ ਪੁਰਜ਼ੋਰ ਸ਼ਬਦਾਂ ਵਿੱਚ ਨਿੰਦਿਆ—ਜਥੇਦਾਰ ਗਿਆਨੀ ਸੁਖਦੇਵ ਸਿੰਘ



ਫ਼ਿਰੋਜ਼ਪੁਰ, 03 ਜੂਨ (ਮਨੋਹਰ ਲਾਲ) :— ਹਿਮਾਚਲ ਸਰਕਾਰ ਵਿੱਚ ਬੀਤੀ ਦਿਨੀ ਪੰਜਾਬ ਦੇ ਕੁਝ ਨੌਜਵਾਨਾਂ ਦੀ ਬੁਰੀ ਤਰ੍ਹਾਂ ਕੁੱਟਮਾਰ ਕਰਨ ਦੀ ਨਿਖੇਦੀ ਕਰਦਿਆਂ ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਮੁੱਖ ਬੁਲਾਰਾ ਦਮਦਮੀ ਟਕਸਾਲ ਨੇ ਕਿਹਾ ਕਿ ਪੰਜਾਬ ਅਤੇ ਹਿਮਾਚਲ ਦਾ ਨਹੁ—ਮਾਸ ਦਾ ਰਿਸ਼ਤਾ ਹੈ ਕਿਉਂਕਿ ਪੰਜਾਬ ਵਿੱਚ ਸੰਗਤਾਂ ਭਾਰੀ ਗਿਣਤੀ ਵਿੱਚ ਹੇਮਕੁੰਡ ਸਾਹਿਬ, ਲੇਹ ਲਦਾਖ ਅਤੇ ਲੱਖਾਂ ਕਰੋੜਾਂ ਵਿੱਚ ਸੰਗਤਾਂ ਚਿੰਤਪੁਰਨੀ, ਜਵਾਲਾ ਜੀ, ਨੈਨਾ ਦੇਵੀ, ਮਨੀਕਰਨ ਸਾਹਿਬ ਅਤੇ ਅਣਗਿਣਤ ਧਾਰਮਿਕ ਸਥਾਨਾਂ ਤੇ ਹਰ ਸਾਲ ਜਾਂਦੀਆਂ ਹਨ ਜਿਸ ਨਾਲ ਹਿਮਾਚਲ ਸਰਕਾਰ ਨੂੰ ਅਰਬਾਂ ਖਰਬਾਂ ਦਾ ਫਾਇਦਾ ਹੁੰਦਾ ਹੈ ਅਤੇ ਉਥੋਂ ਦੇ ਲੋਕਾਂ ਦਾ ਰੁਜ਼ਗਾਰ ਚੱਲਦਾ ਹੈ। ਉਨ੍ਹਾਂ ਕਿਹਾ ਕਿ ਇਹ ਸਭ ਕੁਝ ਧਿਆਨ ਵਿੱਚ ਰੱਖਦਿਆਂ ਹੀ ਹਿਮਾਚਲ ਸਰਕਾਰ ਨੂੰ ਕਹਿਣਾ ਚਾਹੁੰਦਾ ਹਾਂ ਕਿ ਉਹ ਕੋਈ ਵੀ ਫੈਸਲਾ ਲੈਣ ਤੋਂ ਪਹਿਲਾਂ ਸੋ ਵਾਰ ਸੋਚਣ ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਮੁੱਖ ਬੁਲਾਰਾ ਦਮਦਮੀ ਟਕਸਾਲ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਕਿਹਾ ਕਿ ਉਹ ਪੰਜਾਬ ਦੇ ਨੌਜਵਾਨਾਂ ਜਿਹੜੇ ਕਿ ਹਿਮਾਚਲ ਜਾਂਦੇ ਹਨ ਉਨ੍ਹਾਂ ਦੀ ਸੁਰੱਖਿਆ ਕਰਨ ਲਈ ਹਿਮਾਚਲ ਸਰਕਾਰ ਨਾਲ ਗੱਲਬਾਤ ਕੀਤੀ ਜਾਵੇ ਅਤੇ ਜਿਹੜੇ ਨੌਜਵਾਨਾਂ ਦੀ ਕੁੱਟਮਾਰ ਕੀਤੀ ਹੈ ਉਸ ਦੀ ਪੂਰੀ ਜਾਂਚ ਪੜਤਾਲ ਕਰਕੇ ਹਿਮਾਚਲ ਸਰਕਾਰ ਨਾਲ ਗੱਲਬਾਤ ਕੀਤੀ ਜਾਵੇ ਤਾਂ ਜੋ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨਾ ਹੋ ਸਕਣ। ਇਸ ਮੌਕੇ ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਮੁੱਖ ਬੁਲਾਰਾ ਦਮਦਮੀ ਟਕਸਾਲ ਨੇ ਪੰਜਾਬ ਦੇ ਨੌਜਵਾਨਾਂ ਨੂੰ ਅਤੇ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਜਦੋਂ ਵੀ ਹਿਮਾਚਲ ਵਿੱਚ ਜਾਣ ਤੇ ਉਥੇ ਹੁੱਲੜਬਾਜੀ ਨਾ ਕਰਨਾ ਸ਼ਾਂਤੀ ਬਣਾ ਕੇ ਰੱਖਣ।

# ਸ: ਜੱਸਾ ਸਿੰਘ ਰਾਮਗੜ੍ਹੀਆ ਵੈਲਫੇਅਰ ਸੁਸਾਇਟੀ ਦੇ ਜ਼ੀਰਾ ਵਿੰਗ ਦਾ ਹੋਇਆ ਗਠਨ



**ਫ਼ਿਰੋਜ਼ਪੁਰ, 03 ਜੂਨ (ਮਨੋਹਰ ਲਾਲ)** :— ਸ: ਜੱਸਾ ਸਿੰਘ ਰਾਮਗੜ੍ਹੀਆ ਵੈਲਫੇਅਰ ਸੋਸਾਇਟੀ ਰਜਿ 140 ਪੰਜਾਬ ਦੇ ਹਰਿਆਵਲ ਦਸਤੇ ਵਜੋਂ ਜਾਣੀ ਜਾਂਦੀ ਜਥੇਬੰਦੀ ਦੇ ਜੀਰਾ ਯੂਨਿਟ ਦਾ ਸੰਤੋਖ ਸਿੰਘ ਖੋਸਾ ਦੀ ਜੋਰਦਾਰ ਮੰਗ ਤੇ ਜੀਰੇ ਯੂਨਿਟ ਦਾ ਢਾਂਚਾ ਬਹਾਲ ਕੀਤਾ ਜਾਂਦਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਰਭਜਨ ਸਿੰਘ ਦੜਿਆਲਾ ਪੰਜਾਬ ਪ੍ਰਧਾਨ ਨੇ ਕਰਦਿਆਂ ਕਿਹਾ ਕਿ ਪਿਛਲੇ ਕੁਝ ਮਹੀਨਿਆਂ ਤੋਂ ਪੰਜਾਬ ਦਾ ਢਾਂਚਾ ਭੰਗ ਕੀਤਾ ਗਿਆ ਸੀ ਜੋ ਕਿ ਜੀਰਾ ਸ਼ਹਿਰ ਦਾ ਢਾਂਚਾ ਕੁਝ ਜਰੂਰੀ ਕਾਰਜਾਂ ਕਾਰਨ ਲੇਟ ਹੋ ਗਿਆ ਸੀ ਅੱਜ ਜੀਰੇ ਸ਼ਹਿਰ ਦਾ ਢਾਂਚਾ ਬਹਾਲ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਜਿਵੇਂ ਕਿ ਪਿਛੇ ਅਹੁਦੇਦਾਰੀਆਂ ਸਨ ਉਹ ਬਹਾਲ ਕੀਤੀਆਂ ਜਾਂਦੀਆਂ ਹਨ ਅਗਲੀ ਮੀਟਿੰਗ ਤੱਕ ਨਵੇਂ ਮੈਂਬਰਾਂ ਨੂੰ ਬਣਦਾ ਮਾਨ—ਸਨਮਾਨ ਅਤੇ ਅਹੁਦੇਦਾਰੀਆਂ ਦਿੱਤੀਆਂ ਜਾਣਗੀਆਂ। ਪੰਜਾਬ ਪ੍ਰਧਾਨ ਹਰਭਜਨ ਸਿੰਘ ਦੜਿਆਲਾ ਨੇ ਗੁਰਦੁਆਰਾ ਵਿਸ਼ਵਕਰਮਾ ਮੋਜਦੀਨ ਰੋਡ ਵਿੱਚ ਮੀਟਿੰਗ ਦੌਰਾਨ ਨਵੇਂ ਆਏ ਮੈਂਬਰਾਂ ਦਾ ਦਿਲ ਦੀਆਂ ਗਹਿਰਾਈਆਂ ਵਿਚਚੋਂ ਧੰਨਵਾਦ ਕੀਤਾ। ਇਸ ਸਮੇਂ ਸੁਖਵਿੰਦਰ ਸਿੰਘ ਚਾਣਨਾ, ਦਰਸ਼ਨ ਸਿੰਘ ਠੇਕੇਦਾਰ, ਗੁਰਸੇਵਕ ਸਿੰਘ ਫਰਨੀਚਰ ਵਾਲੇ, ਗੁਰੂਅਵਤਾਰ ਸਿੰਘ ਜੱਬਲ, ਲਖਮੀਰ ਸਿੰਘ ਜੋਧਪੁਰੀਆ, ਜਸਵੀਰ ਸਿੰਘ ਜੋਧਪੁਰੀਆ, ਸੁਖਮਿੰਦਰ ਸਿੰਘ ਧੰਜਲ, ਪ੍ਰਗਟ ਸਿੰਘ, ਵਿਸਾਖਾ ਸਿੰਘ, ਬਲਬੀਰ ਸਿੰਘ, ਰਣਜੀਤ ਸਿੰਘ, ਮੁਖਤਿਆਰ ਸਿੰਘ ਜੱਬਲ, ਭੁਪਿੰਦਰ ਸਿੰਘ, ਕਾਕਾ ਜਗਦੀਪ ਸਿੰਘ ਬਿੱਲਾ, ਸੁਖਵਿੰਦਰ ਸਿੰਘ ਵਕੀਲਾਂ ਵਾਲੇ, ਬਲਦੇਵ ਸਿੰਘ ਵਕੀਲਾਂ ਵਾਲੇ, ਪਰਮਜੀਤ ਸਿੰਘ ਠੇਕੇਦਾਰ, ਸੰਜੀਵ ਕੁਮਾਰ ਸ਼ਰਮਾ, ਰੇਸ਼ਮ ਸਿੰਘ ਜੀਰਾ, ਨਿਰਮਲ ਸਿੰਘ, ਦਰਸ਼ਨ ਸਿੰਘ ਸੀਟ ਮੇਕਰ, ਦਲਜੀਤ ਸਿੰਘ ਧੰਜਲ, ਸੰਦੀਪ ਸਿੰਘ, ਕੁਲਵੰਤ ਸਿੰਘ, ਕੁਲਦੀਪ ਸਿੰਘ ਮਾਣਕ, ਲਖਬੀਰ ਸਿੰਘ ਰਾਜੂ ਵਰਿਆਮ ਸਿੰਘ ਢਿੱਲੋਂ, ਸੁਖਦੀਪ ਸਿੰਘ ਸੈਭੀ, ਹਰਪ੍ਰੀਤ ਸਿੰਘ ਰੱਬੀ, ਨਿਰਮਲ ਸਿੰਘ ਨਿੰਮਾ, ਸਤਨਾਮ ਸਿੰਘ ਸਤੂ, ਪਰਮਿੰਦਰ ਸਿੰਘ ਸੋਨੂ, ਸੁਖਚੈਨ ਸਿੰਘ ਚੈਨਾ, ਪਰਮਿੰਦਰ ਸਿੰਘ ਕਾਕਾ, ਕੁਲਦੀਪ ਸਿੰਘ ਵਿਰਦੀ, ਭਗਵਾਨ ਸਿੰਘ ਦੜਿਆਲਾ, ਸੁਖਮਿੰਦਰ ਸਿੰਘ ਜੱਬਲ, ਅੰਗਰੇਜ਼ ਸਿੰਘ ਕਲਸੀ, ਜਸਵਿੰਦਰ ਸਿੰਘ ਸੰਧੂ ਆਦਿ ਹਾਜ਼ਰ ਸਨ।

# ਵਿਸ਼ਵ ਸਾਈਕਲਿੰਗ ਦਿਵਸ ਮੌਕੇ ਹਾ—ਹਾ ਬੀ ਹੈਪੀ ਗਰੁੱਪ ਵੱਲੋਂ ਸਾਈਕਲ ਰੈਲੀ ਦਾ ਆਯੋਜਨ

ਫ਼ਿਰੋਜ਼ਪੁਰ, 03 ਜੂਨ (ਮਨੋਹਰ ਲਾਲ) :— ਵਿਸ਼ਵ ਸਾਈਕਲਿੰਗ ਦਿਵਸ ਨੂੰ ਸਮਰਪਿਤ ਫਿਰੋਜ਼ਪੁਰ ਦੇ ਹਾ—ਹਾ ਬੀ ਹੈਪੀ ਗਰੁੱਪ ਦੇ ਯੋਗ ਅਤੇ ਸਾਈਕਲਿੰਗ ਵਿੰਗ ਵੱਲੋਂ ਇੱਕ ਸਾਈਕਲ ਰੈਲੀ ਦਾ ਆਯੋਜਨ ਕੀਤਾ ਗਿਆ। ਇਸ ਰੈਲੀ ਦਾ ਮੁੱਖ ਉਦੇਸ਼ ਲੋਕਾਂ ਨੂੰ ਸਿਹਤਮੰਦ ਰਹਿਣ ਅਤੇ ਸਮਾਜ ਨੂੰ ਪ੍ਰਦੂਸ਼ਣ ਰਹਿਤ ਬਣਾਉਣ ਲਈ ਪ੍ਰੇਰਿਤ ਕਰਨਾ ਸੀ। ਇਸ ਰੈਲੀ ਵਿੱਚ ਵੱਖ—ਵੱਖ ਸੰਸਥਾਵਾਂ ਦੇ 76 ਸਾਈਕਲ ਪ੍ਰੇਮੀਆਂ ਨੇ ਭਾਗ ਲਿਆ। ਰੈਲੀ ਨੂੰ ਫਿਰੋਜ਼ਪੁਰ ਦੇ ਮਲਟੀ ਸਪੈਸ਼ਿਲਟੀ ਅਨਿਲ ਬਾਗੀ ਹਸਪਤਾਲ ਦੇ ਚੇਅਰਮੈਨ ਡਾਕਟਰ ਕਮਲ ਬਾਗੀ ਨੇ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਗਰੁੱਪ ਦੇ ਸੰਸਥਾਪਕ ਅਮਰਜੀਤ ਭੋਗਲ ਨੇ ਸਾਈਕਲਿੰਗ ਦੀ ਮਹੱਤਤਾ ਬਾਰੇ ਚਾਨਣਾ ਪਾਇਆ, ਗਰੁੱਪ ਦੇ ਪ੍ਰਧਾਨ ਦੇਵ ਰਾਜ ਖੁੱਲਰ ਨੇ ਆਏ ਹੋਏ ਮਹਿਮਾਨ ਸਾਈਕਲਿਸਟਾਂ ਅਤੇ ਮੁੱਖ ਮਹਿਮਾਨ ਡਾਕਟਰ ਕਮਲ ਬਾਗੀ ਦਾ ਧੰਨਵਾਦ ਕੀਤਾ। ਇਸ ਰੈਲੀ ਦੀ ਸਫਲਤਾ ਦਾ ਸਿਹਰਾ ਪ੍ਰੋਜੈਕਟ ਚੇਅਰਮੈਨ ਸਤਪਾਲ ਵਿਜ ਨੂੰ ਜਾਂਦਾ ਹੈ। ਇਸ ਮੌਕੇ ਗੱਲਬਾਤ ਕਰਦਿਆਂ ਹਾ—ਹਾ ਬੀ ਹੈਪੀ ਗਰੁੱਪ ਦੇ ਪ੍ਰਧਾਨ ਦੇਵ ਰਾਜ ਖੁੱਲਰ ਨੇ ਕਿਹਾ ਕਿ ਉਨ੍ਹਾਂ ਦੇ ਗਰੁੱਪ ਦਾ ਸੁਪਨਾ ਸਾਰਿਆਂ ਨੂੰ ਸਿਹਤਮੰਦ ਬਣਾਉਣਾ ਅਤੇ ਵਾਤਾਵਰਣ ਨੂੰ ਸਾਫ਼—ਸੁਥਰਾ ਰੱਖਣਾ ਹੈ। ਉਨ੍ਹਾਂ ਕਿਹਾ ਕਿ ਫਿਰੋਜ਼ਪੁਰ ਵਾਸੀਆਂ ਨੂੰ ਸਾਫ਼ ਹਵਾ ਅਤੇ ਆਕਸੀਜਨ ਮਿਲੇ, ਇਸ ਲਈ ਉਹ ਅਜਿਹੇ ਉਪਰਾਲੇ ਭਵਿੱਖ ਵਿੱਚ ਵੀ ਜਾਰੀ ਰੱਖਣਗੇ।





# ਫ਼ਲਸਤੀਨ ਗਜ਼ਾ ਵਲੋਂ ਹੋਂਦ ਦੀ ਲੜਾਈ, ਮਰ ਰਹੇ ਕੌਮਾਂਤਰੀ ਕਾਨੂੰਨ



-ਗੁਰਪ੍ਰੀਤ ਸਿੰਘ
ਬਿਲਿੰਗ
ਮੋਬਾਇਲ:
75086-98066

**ਸਾਲ** 2024 ਦੇ ਜਨਵਰੀ ਮਹੀਨੇ ਦੀ ਇੱਕ ਸਰਦ ਸਵੇਰ ਨੂੰ ਨੀਦਰਲੈਂਡ ਦੇ ਸ਼ਹਿਰ 'ਦ ਹੇਗ' ਵਿਖੇ ਸਥਿਤ ਇੰਟਰਨੈਸ਼ਨਲ ਕੋਰਟ ਆਫ਼ ਜਸਟਿਸ (ਅੰਤਰਰਾਸ਼ਟਰੀ ਅਦਾਲਤ) ਦੇ ਬਾਹਰ ਹਜ਼ਾਰਾਂ ਲੋਕ ਇਸਰਾਇਲ ਵਲੋਂ ਫ਼ਲਸਤੀਨ ਗਜ਼ਾ ਵਿੱਚ ਹੋ ਰਹੀ ਨਸਲਕੁਸ਼ੀ ਦੇ ਵਿਰੋਧ ਵਿੱਚ ਇਕੱਠੇ ਹੋਏ ਸਨ। ਉਸ ਵੇਲੇ ਦੁਨੀਆ ਇੱਕ ਇਤਿਹਾਸਕ ਮੋੜ 'ਤੇ ਖੜ੍ਹੀ ਸੀ। ਦੂਜੇ ਪਾਸੇ, ਹਜ਼ਾਰਾਂ ਕਿਲੋਮੀਟਰ ਦੂਰ ਗਜ਼ਾ ਦੀ ਮਿੱਟੀ ਵਿੱਚ ਦੱਬੇ ਹੋਏ ਬੱਚੇ, ਮਾਵਾਂ, ਬਜ਼ੁਰਗ ਅਤੇ ਘਰ ਆਪਣੀ ਹੀ ਤਬਾਹੀ ਦਾ ਸਿੱਧਾ ਪ੍ਰਸਾਰਣ ਦੁਨੀਆ ਨੂੰ ਦਿਖਾ ਰਹੇ ਸਨ। ਇਹ ਮਨੁੱਖੀ ਇਤਿਹਾਸ ਦਾ ਸ਼ਾਇਦ ਪਹਿਲਾ ਐਸਾ ਮੰਜ਼ਰ ਸੀ, ਜਿੱਥੇ ਇੱਕ ਕੌਮ ਆਪਣੀ ਨਸਲਕੁਸ਼ੀ ਨੂੰ ਮੋਬਾਈਲ ਫ਼ੋਨਾਂ ਅਤੇ ਇੰਟਰਨੈੱਟ ਰਾਹੀਂ ਦੁਨੀਆ ਅੱਗੇ ਰੋਜ਼ ਲਾਈਵ ਕਰ ਰਹੀ ਸੀ, ਪਰ ਇਸ ਦੇ ਬਾਵਜੂਦ, ਦੁਨੀਆ ਦੇ ਵੱਡੇ ਦੇਸ਼, ਮਨੁੱਖੀ ਅਧਿਕਾਰਾਂ ਦੀਆਂ ਗੱਲਾਂ ਕਰਨ ਵਾਲੀਆਂ ਸਰਕਾਰਾਂ, ਲੋਕ ਸਮੂਹ, ਸੰਸਥਾਵਾਂ ਅਤੇ ਲੋਕਤੰਤਰ ਦੇ ਠੇਕੇਦਾਰ ਦੇਸ਼ ਜਾਂ ਤਾਂ ਚੁੱਪ ਸਨ ਜਾਂ ਉਹਨਾਂ ਨੇ ਇਸਰਾਇਲ ਲਈ ਹਥਿਆਰਾਂ ਦੀਆਂ ਸਪਲਾਈ ਲਾਈਨਾਂ ਖੁੱਲ੍ਹੀਆਂ ਰੱਖੀਆਂ ਹੋਈਆਂ ਸਨ।

ਇੰਗਲੈਂਡ ਅਤੇ ਆਇਰਲੈਂਡ ਵਿੱਚ ਬਤੌਰ ਵਕੀਲ ਸੇਵਾਵਾਂ ਨਿਭਾਉਂਦੀ ਅਤੇ ਵਿਸ਼ਵ ਵਿੱਚ ਮਨੁੱਖੀ ਅਧਿਕਾਰਾਂ ਦੀ ਚੋਟੀ ਦੀ ਹਮਾਇਤੀ, ਐਡਵੋਕੇਟ ਬਲਿੰਨੇ ਨੀ ਘਰਾਲੇਘ ਨੇ ਅਦਾਲਤ ਵਿੱਚ ਖੜ੍ਹ ਕੇ ਬਹੁਤ ਹੀ ਭਾਵੁਕ ਅਤੇ ਤਾਰਕਿਕ ਲਹਿਜੇ ਵਿੱਚ ਕਿਹਾ ਸੀ ਕਿ "ਇਹ ਇਤਿਹਾਸ ਦੀ ਪਹਿਲੀ ਨਸਲਕੁਸ਼ੀ ਹੈ, ਜਿੱਥੇ ਪੀੜਤ ਲੋਕ ਆਪਣੀ ਤਬਾਹੀ ਨੂੰ ਖੁਦ ਲਾਈਵ ਪ੍ਰਸਾਰਿਤ ਕਰ ਰਹੇ ਹਨ।" ਉਸ ਸਮੇਂ ਹਰ ਦਿਨ ਔਸਤਨ 247 ਫ਼ਲਸਤੀਨੀ ਮਾਰੇ ਜਾ ਰਹੇ ਸਨ। ਹਰ ਦਿਨ 48 ਮਾਵਾਂ ਦਮ ਤੋੜ ਰਹੀਆਂ ਸਨ ਅਤੇ ਹਰ ਘੰਟੇ ਪੰਜ ਤੋਂ ਵੱਧ ਮਾਸੂਮ ਬੱਚੇ ਮਾਰੇ ਜਾ ਰਹੇ ਸਨ। ਹਾਲਾਤ ਦੀ ਭਿਆਨਕਤਾ ਨੂੰ ਦੇਖਦਿਆਂ ਡਾਕਟਰਾਂ ਨੇ ਇੱਕ ਨਵਾਂ ਡਾਕਟਰੀ ਸ਼ਬਦ ਬਣਾਇਆ ਸੀ।

26 ਜਨਵਰੀ 2024 ਨੂੰ ਅੰਤਰਰਾਸ਼ਟਰੀ ਅਦਾਲਤ ਨੇ ਸੁਣਵਾਈ ਕਰਦਿਆਂ ਸਪਸ਼ਟ ਕਿਹਾ ਸੀ ਕਿ ਫ਼ਲਸਤੀਨ ਦੇ ਗਜ਼ਾ ਖੇਤਰ ਵਿੱਚ "ਨਸਲਕੁਸ਼ੀ ਦਾ ਸੰਭਾਵੀ ਖ਼ਤਰਾ" ਮੌਜੂਦ ਹੈ ਅਤੇ ਸਾਰੇ ਦੇਸ਼ਾਂ ਨੂੰ ਉਨ੍ਹਾਂ ਦੇ ਮਨੁੱਖੀ ਫ਼ਰਜ਼ ਯਾਦ ਕਰਵਾਏ ਸਨ। ਪਰ ਉਸ ਤੋਂ ਬਾਅਦ ਕੀ ਹੋਇਆ ? ਕੀ ਦੁਨੀਆ ਨੇ ਇਸਰਾਇਲ ਨੂੰ ਹਥਿਆਰ ਭੇਜਣੇ ਰੋਕ ਦਿੱਤੇ ? ਕੀ ਮਨੁੱਖੀ ਅਧਿਕਾਰਾਂ ਦੇ ਵੱਡੇ-ਵੱਡੇ ਦਾਅਵੇ ਕਰਨ ਵਾਲੀਆਂ ਸਰਕਾਰਾਂ ਨੇ ਇਸਰਾਇਲ ਨੂੰ ਇੱਕਲਾ ਛੱਡ ਦਿੱਤਾ ? ਜਵਾਬ ਹੈ—ਬਿਲਕੁਲ ਨਹੀਂ। ਅਸਲ ਵਿੱਚ, ਇਸ ਦੇ ਉਲਟ ਹੋਇਆ। ਅਦਾਲਤੀ ਆਦੇਸ਼ਾਂ ਨੂੰ ਛਿੱਕੇ ਟੰਗ ਕੇ ਹਥਿਆਰਾਂ ਦੀਆਂ ਖੇਪਾਂ ਹੋਰ ਵਧਾ ਦਿੱਤੀਆਂ ਗਈਆਂ।

ਅਲ-ਜਜ਼ੀਰਾ ਨਿਊਜ਼ ਗਰੁੱਪ ਦੀ ਮਈ 2026 ਵਿੱਚ ਪ੍ਰਕਾਸ਼ਿਤ ਹੋਈ ਇੱਕ ਲੰਬੀ ਖੋਜ ਰਿਪੋਰਟ ਨੇ ਹੈਰਾਨ ਅਤੇ ਆਮ ਮਨਾਂ ਨੂੰ ਪ੍ਰੇਸ਼ਾਨ ਕਰਨ ਵਾਲਾ ਇੱਕ ਵੱਡਾ ਖੁਲਾਸਾ ਕੀਤਾ। ਇਸਰਾਇਲੀ ਟੈਕਸ ਅਥਾਰਟੀ (9"1) ਅਤੇ ਕਸਟਮ ਵਿਭਾਗ ਦੇ ਅਧਿਕਾਰਤ ਅੰਕੜਿਆਂ ਮੁਤਾਬਕ, ਫ਼ਲਸਤੀਨ ਜੰਗ ਦੌਰਾਨ ਘੱਟੋ-ਘੱਟ 51 ਦੇਸ਼ਾਂ ਅਤੇ ਖ਼ੁਦਮੁਖ਼ਤਿਆਰ ਖੇਤਰਾਂ ਤੋਂ ਫ਼ੌਜੀ ਸਮਾਨ, ਹਥਿਆਰਾਂ ਦੇ ਪੁਰਜ਼ੇ, ਵਿਸਫੋਟਕ, ਗੋਲਾ-ਬਾਰੂਦ ਅਤੇ ਬਖਤਰਬੰਦ ਗੱਡੀਆਂ ਆਦਿ ਦੇ ਹਿੱਸੇ ਲਗਾਤਾਰ ਇਸਰਾਇਲ ਤੱਕ ਪਹੁੰਚਦੇ ਰਹੇ। ਇਹ ਸਿਰਫ਼ ਇਕੱਲੇ ਅਮਰੀਕਾ ਦੀ ਕਹਾਣੀ ਨਹੀਂ ਸੀ, ਬਲਕਿ ਇਸ ਖ਼ੂਨੀ ਖੇਡ ਰੋਮਾਨੀਆ, ਤਾਈਵਾਨ, ਚੈਕ ਗਣਰਾਜ, ਜਰਮਨੀ, ਬਰਤਾਨੀਆ, ਫ਼ਰਾਂਸ, ਇਟਲੀ, ਕੈਨੇਡਾ, ਸਿੰਗਾਪੁਰ, ਤੁਰਕੀ ਅਤੇ ਹੋਰ ਕਈ ਦੇਸ਼ ਬਰਾਬਰ ਸ਼ਾਮਲ ਸਨ।

ਇਹ ਸਿਰਫ਼ ਹਥਿਆਰਾਂ ਦੀ ਸਾਧਾਰਨ ਵਿਕਰੀ ਦਾ ਮਾਮਲਾ ਨਹੀਂ ਸੀ, ਬਲਕਿ ਇਹ ਇੱਕ ਗਲੋਬਲ ਪੱਧਰੀ ਜੰਗੀ ਸਪਲਾਈ ਚੇਨ ਸੀ, ਜਿਸ ਵਿੱਚ ਦੁਨੀਆ ਦੇ ਸਭ ਤੋਂ ਵੱਡੇ ਲੋਕਤੰਤਰ, ਸਭ ਤੋਂ ਵੱਡੀਆਂ ਅਰਥਵਿਵਸਥਾਵਾਂ ਅਤੇ ਮਨੁੱਖੀ ਅਧਿਕਾਰਾਂ ਦੀ ਦੁਹਾਈ ਦੇਣ ਵਾਲੀਆਂ ਨਾਮਵਰ ਸਰਕਾਰਾਂ ਵੀ ਸ਼ਾਮਲ ਸਨ।

ਇਸਰਾਇਲੀ ਟੈਕਸ ਅਥਾਰਟੀ ਦੇ ਡਾਟਾ ਮੁਤਾਬਕ, ਅਕਤੂਬਰ 2023 ਤੋਂ ਅਕਤੂਬਰ 2025 ਤੱਕ 2,603 ਜੰਗੀ ਖੇਪਾਂ ਇਸਰਾਇਲ ਵਿੱਚ ਦਾਖ਼ਲ ਹੋਈਆਂ। ਇਨ੍ਹਾਂ ਦੀ ਕੁੱਲ ਕੀਮਤ 3.22 ਬਿਲੀਅਨ ਸ਼ੇਕਲ ਯਾਨੀ ਲਗਭਗ 885 ਮਿਲੀਅਨ ਡਾਲਰ ਸੀ। ਸਭ ਤੋਂ ਹੈਰਾਨੀ ਅਤੇ ਅਫ਼ਸੋਸ ਦੀ ਗੱਲ ਇਹ ਸੀ ਕਿ ਇਸ ਦਾ 91 ਫ਼ੀਸਦੀ ਹਿੱਸਾ ਉਸ ਸਮੇਂ ਤੋਂ ਬਾਅਦ ਆਇਆ, ਜਦੋਂ ਅੰਤਰਰਾਸ਼ਟਰੀ ਅਦਾਲਤ ਨੇ ਫ਼ਲਸਤੀਨ ਦੇ ਗਜ਼ਾ ਖੇਤਰ ਵਿੱਚ "ਨਸਲਕੁਸ਼ੀ ਦੇ ਸੰਭਾਵੀ ਖ਼ਤਰੇ" ਦੀ ਗੱਲ ਨੂੰ ਸਵੀਕਾਰ ਕਰ ਲਿਆ ਸੀ। ਜੰਗ ਤੋਂ ਪਹਿਲਾਂ ਦੇ 20 ਮਹੀਨਿਆਂ ਵਿੱਚ ਇਹ ਆਯਾਤ 1.41 ਬਿਲੀਅਨ ਸ਼ੇਕਲ ਸੀ ਅਰਥਾਤ ਜੰਗ ਸ਼ੁਰੂ ਹੋਣ ਤੋਂ ਬਾਅਦ ਇਹ ਵਪਾਰ ਲਗਭਗ ਦੋਗੁਣੀ ਤੋਂ ਵੀ ਵੱਧ ਹੋ ਗਿਆ।

ਹੁਣ ਸਵਾਲ ਪੈਦਾ ਹੋਵੇਗਾ ਕਿ ਉਹ ਕਿਹੜੇ ਦੇਸ਼ ਹਨ, ਜੋ ਇਸਰਾਇਲ ਦੇ ਸਭ ਤੋਂ ਵੱਡੇ ਜੰਗੀ ਸਾਜ਼ੋ-ਸਾਮਾਨ ਦੇ ਸਪਲਾਇਰ ਸਨ ? ਖੋਜ ਪੜਤਾਲ ਅਨੁਸਾਰ ਅਮਰੀਕਾ 42 ਫ਼ੀਸਦੀ, ਰੋਮਾਨੀਆ 8 ਫ਼ੀਸਦੀ, ਤਾਈਵਾਨ 4 ਫ਼ੀਸਦੀ ਅਤੇ ਚੈਕ ਗਣਰਾਜ 3 ਫ਼ੀਸਦੀ ਦੀ ਹਿੱਸੇਦਾਰੀ ਨਾਲ ਸਭ ਤੋਂ ਵੱਡੇ ਸਪਲਾਇਰ ਦੇਸ਼ ਰਹੇ। ਇਹ ਚਾਰੇ ਦੇਸ਼ ਮਿਲ ਕੇ ਇਸਰਾਇਲ ਦੇ ਕੁੱਲ ਜੰਗੀ ਆਯਾਤ ਦਾ ਲਗਭਗ 60 ਫ਼ੀਸਦੀ ਹਿੱਸਾ ਬਣਦੇ ਹਨ।

ਬਾਕੀ ਕੁਝ ਵੱਡੇ ਦੇਸ਼ ਇਸ ਪ੍ਰਕਾਰ ਹਨ—ਜਰਮਨੀ, ਬਰਤਾਨੀਆ, ਫ਼ਰਾਂਸ, ਇਟਲੀ, ਸਪੇਨ, ਕੈਨੇਡਾ, ਬੈਲਜੀਅਮ, ਨੀਦਰਲੈਂਡ, ਆਸਟਰੀਆ, ਹੰਗਰੀ, ਸਲੋਵਕੀਆ, ਬੁਲਗਾਰੀਆ, ਪੋਲੈਂਡ, ਸਿੰਗਾਪੁਰ, ਤੁਰਕੀ (ਰਿਪੋਰਟ ਮੁਤਾਬਕ ਤੁਰਕੀ ਦੇ ਜਨਤਕ ਤੌਰ 'ਤੇ ਸਖ਼ਤ ਬਿਆਨਬਾਜ਼ੀ ਅਤੇ ਵਪਾਰਕ ਪਾਬੰਦੀਆਂ ਦੇ ਬਾਵਜੂਦ ਕਸਟਮ ਰਿਕਾਰਡ ਵਿੱਚ ਉਸ ਦੇ ਖ਼ੁਫੀਆ ਸਪਲਾਈ ਲਿੰਕ ਸਾਹਮਣੇ ਆਏ), ਜਾਪਾਨ, ਦੱਖਣੀ ਕੋਰੀਆ, ਆਸਟ੍ਰੇਲੀਆ, ਬ੍ਰਾਜ਼ੀਲ ਅਤੇ ਦੱਖਣੀ ਅਫ਼ਰੀਕਾ ਆਦਿ ਦੇਸ਼ ਹਨ।

ਅਲ-ਜਜ਼ੀਰਾ ਗਰੁੱਪ ਨੇ ਆਪਣੀ ਰਿਪੋਰਟ ਵਿੱਚ ਸਪਸ਼ਟ ਕੀਤਾ ਹੈ ਕਿ ਇਹਨਾਂ 51 ਦੇਸ਼ਾਂ ਵਿੱਚੋਂ ਕਈਆਂ ਤੋਂ ਇਹ ਸਮਾਨ ਸਿੱਧਾ ਇਸਰਾਇਲ ਨਹੀਂ ਭੇਜਿਆ ਗਿਆ, ਬਲਕਿ 'ਥਰਡ-ਪਾਰਟੀ ਲਾਇਸੈਂਸ' ਜਾਂ 'ਇਨਕਾਰਪੋਰੇਸ਼ਨ ਲਾਇਸੈਂਸ' ਦੇ ਤਹਿਤ ਭੇਜਿਆ ਗਿਆ ਸੀ। ਇਸ ਦਾ ਮਤਲਬ ਹੈ ਕਿ ਹਥਿਆਰਾਂ ਦੇ ਪੁਰਜ਼ੇ ਪਹਿਲਾਂ ਕਿਸੇ ਦੂਜੇ ਦੇਸ਼ (ਜਿਵੇਂ ਅਮਰੀਕਾ ਜਾਂ ਜਰਮਨੀ) ਵਿੱਚ ਹਥਿਆਰ ਤਿਆਰ ਕਰਨ ਲਈ ਭੇਜੇ ਗਏ ਅਤੇ ਉੱਥੋਂ ਪੂਰੀ ਤਰ੍ਹਾਂ ਤਿਆਰ ਹੋ ਕੇ ਉਹ ਇਸਰਾਇਲ ਦੀ ਫ਼ੌਜ ਤੱਕ ਪਹੁੰਚੇ। ਇਹ ਅੰਕੜੇ ਸਿਰਫ਼ ਵਪਾਰਕ ਕਾਰੋਬਾਰ ਨਹੀਂ ਦਿਖਾਉਂਦੇ, ਬਲਕਿ ਇਹ ਦੱਸਦੇ ਹਨ ਕਿ ਫ਼ਲਸਤੀਨ ਦੇ ਗਜ਼ਾ ਉੱਤੇ ਡਿੱਗਣ ਵਾਲੇ ਬੰਬਾਂ ਦੀ ਖ਼ੂਨੀ ਲੜੀ ਦੁਨੀਆ ਭਰ ਦੇ ਕਾਰਖ਼ਾਨਿਆਂ, ਬੰਦਰਗਾਹਾਂ, ਹਵਾਈ ਅੱਡਿਆਂ ਅਤੇ ਕਾਰਪੋਰੇਟ ਜੰਗੀ ਉਦਯੋਗਾਂ ਨਾਲ ਕਿੰਨੀ ਡੂੰਘੀ ਜੁੜੀ ਹੋਈ ਸੀ।




ਇਸਰਾਇਲ ਬਨਾਮ ਫ਼ਲਸਤੀਨ ਦੀ ਜੰਗ ਨੇ ਇਹ ਵੀ ਸਾਬਤ ਕੀਤਾ ਕਿ ਆਧੁਨਿਕ ਜੰਗਾਂ ਹੁਣ ਸਿਰਫ਼ ਸਰਹੱਦਾਂ ਜਾਂ ਕੌਮਾਂ ਵਿਚਾਲੇ ਨਹੀਂ ਲੜੀਆਂ ਜਾਂਦੀਆਂ, ਸਗੋਂ ਇਹ ਗਲੋਬਲ ਅਰਥਵਿਵਸਥਾ ਦਾ ਇੱਕ ਬਹੁਤ ਵੱਡਾ ਮੁਨਾਫ਼ੇ ਵਾਲਾ ਕਾਰੋਬਾਰ ਬਣ ਚੁੱਕੀਆਂ ਹਨ। ਯੂਰਪੀ ਸ਼ੇਅਰ ਬਾਜ਼ਾਰਾਂ ਵਿੱਚ ਜੰਗ ਦੌਰਾਨ ਵੱਡੀਆਂ ਰੱਖਿਆ ਕੰਪਨੀਆਂ ਦੇ ਸ਼ੇਅਰ ਲਗਾਤਾਰ ਚੜ੍ਹਦੇ ਰਹੇ। ਲਾਕਹੀਡ ਮਾਰਟਿਨ, ਰੇਥੀਓਨ, ਨੌਰਥਰੋਪ ਗਰੁਮੈਨ ਅਤੇ ਬੀ.ਏ.ਈ ਸਿਸਟਮਜ਼ ਵਰਗੀਆਂ ਨਾਮਵਰ ਕੰਪਨੀਆਂ ਨੇ ਅਰਬਾਂ ਡਾਲਰ ਦੇ ਨਵੇਂ ਜੰਗੀ ਠੇਕੇ ਹਾਸਲ ਕੀਤੇ। ਜੰਗ ਜਿੰਨੀ ਲੰਮੀ ਖਿੱਚਦੀ ਗਈ, ਮਨੁੱਖੀ ਲਾਸ਼ਾਂ ਦੇ ਢੇਰਾਂ 'ਤੇ ਹਥਿਆਰ ਉਦਯੋਗ ਦਾ ਮੁਨਾਫ਼ਾ ਉਨਾ ਹੀ ਵਧਦਾ ਗਿਆ।

ਵੱਖ-ਵੱਖ ਦੇਸ਼ਾਂ ਜਾਂ ਕੰਪਨੀਆਂ ਵੱਲੋਂ ਭੇਜੇ ਗਏ ਸਮਾਨ ਵਿੱਚ ਹੈਵੀ ਫਰਾਗ ਕੰਪੋਨੈਂਟ, 155 ਐਮਐਮ ਪ੍ਰੋਜੈਕਟਾਈਲ ਬਾਡੀਆਂ, ਬੂਸਟਰ ਪੈਲਟ ਅਤੇ ਗੋਲਾ-ਬਾਰੂਦ ਆਦਿ ਦੇ ਧਾਤੂ ਹਿੱਸੇ ਸ਼ਾਮਲ ਸਨ। ਹਥਿਆਰਾਂ ਦੇ ਮਾਹਿਰਾਂ ਮੁਤਾਬਕ, ਇਹ ਉਹ ਘਾਤਕ ਹਿੱਸੇ ਹਨ ਜੋ ਧਮਾਕਿਆਂ ਦੌਰਾਨ ਬੰਬ ਦੇ ਧਾਤੂ ਟੁਕੜਿਆਂ ਨੂੰ ਬਹੁਤ ਵੱਡੇ ਖੇਤਰ ਵਿੱਚ ਫੈਲਾ ਕੇ ਵਧੇਰੇ ਜਾਨੀ ਨੁਕਸਾਨ ਕਰਦੇ ਹਨ। ਰਾਫੇਲ ਐਡਵਾਂਸ ਡਿਫੈਂਸ ਸਿਸਟਮ ਅਤੇ ਆਈ.ਐਮ.ਆਈ. ਸਿਸਟਮ ਵਰਗੀਆਂ ਇਸਰਾਇਲੀ ਕੰਪਨੀਆਂ ਨੂੰ ਵੱਖ-ਵੱਖ ਦੇਸ਼ਾਂ ਦੀਆਂ ਕੰਪਨੀਆਂ ਵੱਲੋਂ ਸਿੱਧੇ ਤੌਰ 'ਤੇ ਹਥਿਆਰਾਂ ਦੇ ਭਾਗ ਭੇਜੇ ਗਏ।

ਇਸਰਾਇਲ ਬਨਾਮ ਫ਼ਲਸਤੀਨ ਦੇ ਗਜ਼ਾ ਦੀ ਜੰਗ ਨੇ ਇਹ ਵੀ ਬੇਨਕਾਬ ਕੀਤਾ ਕਿ ਇੱਕਵੀਹੀਂ ਸਦੀ ਦਾ ਸਰਮਾਏਦਾਰ ਜੰਗੀ ਨਿਜ਼ਾਮ ਹੁਣ ਸਿਰਫ਼ ਬੰਦੂਕਾਂ ਅਤੇ ਮਿਸਾਇਲਾਂ ਦਾ ਸਧਾਰਨ ਮਾਮਲਾ ਨਹੀਂ ਰਿਹਾ। ਸਗੋਂ ਇਹ ਬਹੁ-ਰਾਸ਼ਟਰੀ ਕਾਰਪੋਰੇਟ ਗਠਜੋੜਾਂ, ਨਿੱਜੀ ਰੱਖਿਆ ਉਦਯੋਗਾਂ, ਡਾਟਾ ਨਿਗਰਾਨੀ ਪ੍ਰਣਾਲੀਆਂ ਅਤੇ ਭੂ-ਰਾਜਨੀਤਿਕ ਸਾਂਝਾਂ ਦਾ ਇੱਕ ਬਹੁਤ ਵੱਡਾ ਅਤੇ ਗੁੰਝਲਦਾਰ ਜਾਲ ਬਣ ਚੁੱਕਿਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਪ੍ਰਸਿੱਧ ਅਮਰੀਕੀ ਵਿਦਵਾਨ ਨੋਆਮ ਚੌਮਸਕੀ ਕਈ ਸਾਲ ਪਹਿਲਾਂ ਲਿਖ ਚੁੱਕੇ ਹਨ ਕਿ ਆਧੁਨਿਕ ਜੰਗਾਂ ਹੁਣ "ਲੋਕਤੰਤਰ ਦੀ ਰੱਖਿਆ" ਦੇ ਸੁੰਦਰ ਨਾਮ 'ਤੇ ਲੜੀਆਂ ਜਾਂਦੀਆਂ ਹਨ, ਪਰ ਅਸਲ ਵਿੱਚ ਉਹ ਗਲੋਬਲ ਸਰਮਾਏ ਦੀ ਹਿਫ਼ਾਜ਼ਤ ਅਤੇ ਮੁਨਾਫ਼ੇ ਲਈ ਹੁੰਦੀਆਂ ਹਨ। ਗਜ਼ਾ ਖੇਤਰ ਦੀ ਜੰਗ ਇਸੇ ਸਿਧਾਂਤ ਦੀ ਸਭ ਤੋਂ ਭਿਆਨਕ ਅਤੇ ਤਾਜ਼ਾ ਮਿਸਾਲ ਵਜੋਂ ਸਾਹਮਣੇ ਆਈ ਹੈ। ਇੱਕ ਪਾਸੇ ਦੁਨੀਆ ਦੇ ਸਭ ਤੋਂ ਵੱਡੇ ਮੀਡੀਆ ਘਰਾਣੇ "ਆਤਮ-ਰੱਖਿਆ" ਦੀ ਭਾਸ਼ਾ ਵਰਤ ਰਹੇ ਸਨ, ਜਦਕਿ ਦੂਜੇ ਪਾਸੇ ਉਨ੍ਹਾਂ ਦੇ ਆਪਣੇ ਮੁਲਕ ਇਸਰਾਇਲ ਨੂੰ ਗੋਲਾ-ਬਾਰੂਦ, ਜੰਗੀ ਜਹਾਜ਼ਾਂ ਦੇ ਹਿੱਸੇ, ਉੱਨਤ ਨਿਗਰਾਨੀ ਤਕਨਾਲੋਜੀ ਅਤੇ ਖ਼ੁਫ਼ੀਆ ਸਹਾਇਤਾ ਮੁਹੱਈਆ ਕਰਵਾ ਰਹੇ ਸਨ।

ਇਹ ਪੂਰਾ ਢਾਂਚਾ ਉਸ "ਮਿਲਟਰੀ-ਇੰਡਸਟਰੀਅਲ ਕੰਪਲੈਕਸ" ਦੀ ਯਾਦ ਦਿਵਾਉਂਦਾ ਹੈ, ਜਿਸ ਬਾਰੇ ਅਮਰੀਕਾ ਦੇ ਸਾਬਕਾ ਰਾਸ਼ਟਰਪਤੀ ਡਵਾਈਟ ਡੀ. ਆਈਜ਼ਨਹਾਵਰ ਨੇ 1961 ਵਿੱਚ ਬੜੀ ਦੂਰਅੰਦੇਸ਼ੀ ਨਾਲ ਚੇਤਾਵਨੀ ਦਿੱਤੀ ਸੀ। ਉਨ੍ਹਾਂ ਕਿਹਾ ਸੀ ਕਿ ਜੇਕਰ ਜੰਗੀ ਉਦਯੋਗ ਅਤੇ ਸਿਆਸੀ ਤਾਕਤ ਆਪਸ ਵਿੱਚ ਇੱਕਮਿਕ ਹੋ ਗਏ ਤਾਂ ਲੋਕਤੰਤਰ ਸਿਰਫ਼ ਇੱਕ ਖ਼ਾਲੀ ਨਾਅਰਾ ਬਣ ਕੇ ਰਹਿ ਜਾਵੇਗਾ। ਗਜ਼ਾ ਵਿੱਚ ਬਿਲਕੁਲ ਉਹੀ ਹੁੰਦਾ ਦਿਖਿਆ, ਜਿੱਥੇ ਕਰੋੜਾਂ ਮਨੁੱਖੀ ਜਾਨਾਂ ਅਤੇ ਮਾਸੂਮਾਂ ਦੇ ਖ਼ੂਨ ਨਾਲੋਂ ਵਧੇਰੇ ਅਹਿਮੀਅਤ ਹਥਿਆਰਾਂ ਦੇ ਅਰਬਾਂ ਡਾਲਰ ਦੇ ਠੇਕਿਆਂ ਅਤੇ ਰਣਨੀਤਕ ਗਠਜੋੜਾਂ ਨੂੰ ਦਿੱਤੀ ਗਈ।

ਇਸੇ ਦੌਰਾਨ ਦੂਜੇ ਪਾਸੇ, ਯੂਰਪ ਦੀਆਂ ਸਰਕਾਰਾਂ ਸਭ ਤੋਂ ਵੱਧ ਦੋਹਰੇ ਚਿਹਰੇ ਨਾਲ ਸਾਹਮਣੇ ਆਈਆਂ। ਸਪੇਨ, ਫ਼ਰਾਂਸ, ਜਰਮਨੀ, ਬਰਤਾਨੀਆ, ਇਟਲੀ ਵਰਗੇ ਦੇਸ਼ ਜਨਤਕ ਮੰਚਾਂ 'ਤੇ ਜੰਗਬੰਦੀ ਦੀਆਂ ਵੱਡੀਆਂ-ਵੱਡੀਆਂ ਗੱਲਾਂ ਕਰਦੇ ਰਹੇ, ਪਰ ਪਰਦੇ ਦੇ ਪਿੱਛੇ ਉਨ੍ਹਾਂ ਦੀ ਜੰਗੀ ਸਪਲਾਈ ਬੇਰੋਕ ਜਾਰੀ ਰਹੀ। ਇਸੇ ਲੜੀ ਚ ਕੇਨੈਡਾ ਵੀ ਸ਼ਾਮਿਲ ਹੈ।

ਬਰਤਾਨੀਆ ਨੇ ਸਤੰਬਰ 2024 ਵਿੱਚ ਦਿਖਾਵੇ ਲਈ ਕੁਝ ਹਥਿਆਰ ਲਾਇਸੰਸ ਸਸਪੈਂਡ (ਮੁਅੱਤਲ) ਕੀਤੇ, ਪਰ ਲਗਭਗ 350 ਬਾਕੀ ਅਹਿਮ ਲਾਇਸੰਸ ਚਾਲੂ ਰੱਖੇ। ਸਭ ਤੋਂ ਘਾਤਕ 'ਐਫ-35 ਜੰਗੀ ਜਹਾਜ਼ ਪ੍ਰੋਗਰਾਮ' ਲਈ ਪੁਰਜ਼ਿਆਂ ਦੀ ਸਪਲਾਈ ਨੂੰ ਬਿਲਕੁਲ ਨਹੀਂ ਰੋਕਿਆ ਗਿਆ। ਬਰਤਾਨੀਆ ਤੋਂ ਇਸਰਾਇਲ ਨੂੰ ਲੱਖਾਂ ਪੌਂਡਾਂ ਦੇ ਜਹਾਜ਼ੀ ਹਿੱਸੇ, ਆਧੁਨਿਕ ਨੇਵੀਗੇਸ਼ਨ ਸਿਸਟਮ ਅਤੇ ਟਾਰਗੇਟਿੰਗ (ਨਿਸ਼ਾਨਾ ਲਗਾਉਣ ਵਾਲੇ) ਉਪਕਰਣ ਲਗਾਤਾਰ ਭੇਜੇ ਗਏ। ਇਸ ਨਾਲ ਇੱਕ ਵੱਡਾ ਸਵਾਲ ਉੱਠਦਾ ਹੈ ਕਿ ਕੀ ਇਹ "ਪਾਬੰਦੀਆਂ" ਸਿਰਫ਼ ਲੋਕਾਂ ਨੂੰ ਮੂਰਖ ਬਣਾਉਣ ਵਾਲੇ ਰਾਜਨੀਤਿਕ ਬਿਆਨ ਹੁੰਦੇ ਹਨ ? ਕੀ ਸਰਕਾਰਾਂ ਜਨਤਕ ਗੁੱਸੇ ਨੂੰ ਠੰਡਾ ਕਰਨ ਲਈ ਅਜਿਹੇ ਪ੍ਰਤੀਕਾਤਮਕ ਐਲਾਨ ਕਰਦੀਆਂ ਹਨ, ਜਦਕਿ ਜੰਗੀ ਕਾਰੋਬਾਰ ਪਿੱਛੇ ਚੁੱਪਚਾਪ ਚਲਦਾ ਰਹਿੰਦਾ ਹੈ ?

ਦੂਜੇ ਵਿਸ਼ਵ ਯੁੱਧ ਦੇ ਇਤਿਹਾਸਕ ਦੋਸ਼ਾਂ ਅਤੇ ਹੀਣਤਾ ਨੂੰ ਝੱਲਦਾ ਜਰਮਨੀ ਲੰਬੇ ਸਮੇਂ ਤੋਂ ਇਸਰਾਇਲ ਦਾ ਸਭ ਤੋਂ ਵੱਡਾ ਰਣਨੀਤਕ ਸਾਥੀ ਰਿਹਾ ਹੈ। ਗਜ਼ਾ ਖੇਤਰ ਦੀ ਪੂਰਨ ਤਬਾਹੀ ਤੋਂ ਬਾਅਦ ਵੀ ਜਰਮਨੀ ਨੇ ਹਥਿਆਰਾਂ ਦੀ ਸਪਲਾਈ ਨੂੰ ਬਿਲਕੁਲ ਬੰਦ ਨਹੀਂ ਕੀਤਾ, ਬਲਕਿ ਲਗਭਗ ਜੰਗ ਦੇ ਅੰਤ ਨੇੜੇ ਜਾ ਕੇ ਹੀ ਇਸ ਨੂੰ ਥੋੜ੍ਹਾ ਸੀਮਿਤ ਕੀਤਾ। ਫ਼ਰਾਂਸ ਦੇ ਰਾਸ਼ਟਰਪਤੀ ਇਮੈਨੁਅਲ ਮੈਕਰੋਨ ਨੇ ਜਨਤਕ ਤੌਰ 'ਤੇ ਹਥਿਆਰ ਰੋਕਣ ਦੀ ਗੱਲ ਕਹੀ, ਪਰ ਅਧਿਕਾਰਤ ਡਾਟਾ ਦਿਖਾਉਂਦਾ ਹੈ ਕਿ ਇਸ ਬਿਆਨ ਤੋਂ ਬਾਅਦ ਵੀ ਫ਼ਰਾਂਸੀਸੀ ਹਥਿਆਰਾਂ ਦੀਆਂ ਖੇਪਾਂ ਇਸਰਾਇਲ ਪਹੁੰਚਦੀਆਂ ਰਹੀਆਂ। ਇਟਲੀ ਨੇ ਵੀ "ਅਸਥਾਈ ਰੋਕ" ਦਾ ਡਰਾਮਾ ਕੀਤਾ, ਪਰ ਪੁਰਾਣੇ ਸਾਰੇ ਲਾਇਸੰਸ ਜਾਰੀ ਰੱਖੇ ਗਏ। ਇਹ ਸਾਰੇ ਮਾਮਲੇ ਇਹ ਸਾਬਤ ਕਰਦੇ ਹਨ ਕਿ ਗਲੋਬਲ ਪੂੰਜੀਵਾਦੀ ਜੰਗੀ ਉਦਯੋਗ ਵਿੱਚ "ਮਨੁੱਖੀ ਅਧਿਕਾਰ" ਅਤੇ "ਅੰਤਰਰਾਸ਼ਟਰੀ ਕਾਨੂੰਨ" ਵਰਗੇ ਸ਼ਬਦ ਅਕਸਰ ਰਾਜਨੀਤਿਕ ਭਾਸ਼ਣਾਂ ਅਤੇ ਫ਼ਾਈਲਾਂ ਤੱਕ ਹੀ ਸੀਮਿਤ ਰਹਿੰਦੇ ਹਨ।

ਯੂਰਪੀ ਮੁਲਕਾਂ ਦੀ ਇਸ ਨਕਾਰਾਤਮਕ ਭੂਮਿਕਾ ਦਾ ਅਧਿਐਨ ਕਰਦੇ ਸਮੇਂ ਇੱਕ ਹੋਰ ਡੂੰਘੀ ਇਤਿਹਾਸਕ ਵਿਡੰਬਨਾ ਸਾਹਮਣੇ ਆਉਂਦੀ ਹੈ। ਜਿਹੜਾ ਯੂਰਪ ਕਦੇ ਮਨੁੱਖੀ ਹੱਕਾਂ, ਉਦਾਰ ਲੋਕਤੰਤਰ ਅਤੇ ਅੰਤਰਰਾਸ਼ਟਰੀ ਕਾਨੂੰਨ ਦਾ ਸਭ ਤੋਂ ਵੱਡਾ ਪੈਰੋਕਾਰ ਅਤੇ ਗੁਰੂ ਬਣਦਾ ਰਿਹਾ, ਉਹੀ ਯੂਰਪ ਇਸਰਾਇਲ ਬਨਾਮ ਫ਼ਲਸਤੀਨ-ਗਜ਼ਾ ਦੇ ਮਾਮਲੇ ਵਿੱਚ ਨੈਤਿਕ ਤੌਰ 'ਤੇ ਬੁਰੀ ਤਰ੍ਹਾਂ ਵੰਡਿਆ ਹੋਇਆ ਨਜ਼ਰ ਆਇਆ। ਜਰਮਨੀ ਵਰਗੇ ਮੁਲਕ, ਜੋ ਦੂਜੇ ਵਿਸ਼ਵ ਯੁੱਧ ਅਤੇ 'ਦਾ ਹੋਲੋਕਾਸਟ' (ਯਹੂਦੀ ਘੱਲੂਘਾਰਾ) ਦੀ ਇਤਿਹਾਸਕ ਯਾਦ ਅਤੇ ਪਛਤਾਵੇ ਨੂੰ ਆਪਣੀ ਰਾਜਨੀਤਿਕ ਨੈਤਿਕਤਾ ਦਾ ਕੇਂਦਰ ਮੰਨਦੇ ਹਨ, ਉਹ ਵੀ ਫ਼ਲਸਤੀਨੀ ਨਾਗਰਿਕਾਂ ਦੀ ਸਮੂਹਕ ਤਬਾਹੀ ਦੇ ਮਾਮਲੇ ਵਿੱਚ ਇੱਕ ਸਾਫ਼, ਸਪਸ਼ਟ ਅਤੇ ਮਜ਼ਬੂਤ ਮਨੁੱਖੀ ਰੁਖ਼ ਲੈਣ ਤੋਂ ਬੁਰੀ ਤਰ੍ਹਾਂ ਕਤਰਾਉਂਦੇ ਰਹੇ।

ਮਸ਼ਹੂਰ ਫ਼ਰਾਂਸੀਸੀ ਦਰਸ਼ਨ ਸ਼ਾਸਤਰੀ ਮਿਸ਼ੇਲ ਫੂਕੋ ਨੇ ਕਿਹਾ ਸੀ ਕਿ ਆਧੁਨਿਕ ਰਾਜ ਸਿਰਫ਼ ਕਾਨੂੰਨ ਨਾਲ ਨਹੀਂ, ਸਗੋਂ "ਨਿਗਰਾਨੀ ਅਤੇ ਨਿਯੰਤਰਣ" ਦੇ ਵੱਖ-ਵੱਖ ਤੰਤਰਾਂ ਨਾਲ ਚੱਲਦੇ ਹਨ। ਗਜ਼ਾ ਖੇਤਰ ਇਸ ਸਿਧਾਂਤ ਦੀ ਇੱਕ ਜ਼ਿੰਦਾ ਅਤੇ ਬੇਹੱਦ ਭਿਆਨਕ ਪ੍ਰਯੋਗਸ਼ਾਲਾ ਬਣ ਗਿਆ, ਜਿੱਥੇ ਹਾਈ-ਟੈਕ ਡਰੋਨ ਨਿਗਰਾਨੀ, ਚਿਹਰਾ ਪਛਾਣ ਪ੍ਰਣਾਲੀ, ਡਿਜ਼ਿਟਲ ਟਰੈਕਿੰਗ ਅਤੇ ਸਖ਼ਤ ਸਰਹੱਦੀ ਕੰਟਰੋਲ ਰਾਹੀਂ ਇੱਕ ਪੂਰੀ ਹੱਸਦੀ-ਖੇਡਦੀ ਆਬਾਦੀ ਨੂੰ ਦੁਨੀਆ ਦੀ ਸਭ ਤੋਂ ਵੱਡੀ 'ਖੁੱਲ੍ਹੀ ਜੇਲ੍ਹ' ਵਿੱਚ ਤਬਦੀਲ ਕਰ ਦਿੱਤਾ ਗਿਆ। ਯੂਰਪ ਦੀਆਂ ਹਕੂਮਤਾਂ ਨੇ ਭਾਵੇਂ ਜਨਤਕ ਤੌਰ 'ਤੇ ਉੱਪਰੋਂ-ਉੱਪਰੋਂ "ਚਿੰਤਾ" ਜ਼ਾਹਰ ਕੀਤੀ, ਪਰ ਉਹਨਾਂ ਦੇ ਰੱਖਿਆ ਉਦਯੋਗਾਂ, ਵੱਡੇ ਬੈਂਕਿੰਗ ਨੈੱਟਵਰਕਾਂ ਅਤੇ ਫੌਜੀ ਗਠਜੋੜਾਂ ਨੇ ਇਸਰਾਇਲ ਦੀ ਜੰਗੀ ਮਸ਼ੀਨ ਨੂੰ ਇੱਕ ਪਲ ਲਈ ਵੀ ਰੁਕਣ ਨਹੀਂ ਦਿੱਤਾ। ਇਹ ਉਹੀ ਦੋਹਰਾ ਚਿਹਰਾ ਹੈ ਜਿਸ ਵਿੱਚ ਮਨੁੱਖੀ ਅਧਿਕਾਰਾਂ ਦੀ ਭਾਸ਼ਾ ਵੀ ਬੋਲੀ ਜਾਂਦੀ ਹੈ ਅਤੇ ਨਾਲ ਦੀ ਨਾਲ ਅਰਬਾਂ ਡਾਲਰਾਂ ਦਾ ਜੰਗੀ ਕਾਰੋਬਾਰ ਵੀ ਚਲਾਇਆ ਜਾਂਦਾ ਹੈ।

ਇਸੇ ਤਰ੍ਹਾਂ, ਗਜ਼ਾ ਦੀ ਜੰਗ ਨੇ ਸਿਰਫ਼ ਪੱਛਮੀ ਦੁਨੀਆ ਦੀ ਨੈਤਿਕ ਕੰਗਾਲੀ ਨੂੰ ਹੀ ਨਹੀਂ, ਸਗੋਂ ਅਰਬ ਅਤੇ ਮੁਸਲਿਮ ਦੁਨੀਆ ਦੀ ਘੋਰ ਸਿਆਸੀ ਬੇਬਸੀ ਅਤੇ ਅੰਦਰੂਨੀ ਟੁੱਟ-ਫੁੱਟ ਨੂੰ ਵੀ ਬੁਰੀ ਤਰ੍ਹਾਂ ਨੰਗਾ ਕਰ ਦਿੱਤਾ। ਜਿਹੜੇ ਇਸਲਾਮਿਕ ਮੁਲਕ ਦਹਾਕਿਆਂ ਤੋਂ ਫ਼ਲਸਤੀਨ ਦੇ ਨਾਮ 'ਤੇ ਆਪਣੀ ਜਨਤਾ ਅੱਗੇ ਜਜ਼ਬਾਤੀ ਖ਼ਿਤਾਬ ਅਤੇ ਭਾਸ਼ਣ ਕਰਦੇ ਰਹੇ, ਉਹਨਾਂ ਵਿਚੋਂ ਬਹੁਤੇ ਜੰਗ ਦੇ ਸਭ ਤੋਂ ਭਿਆਨਕ ਦੌਰ ਵਿੱਚ ਸਿਰਫ਼ ਕਾਗਜ਼ੀ ਬਿਆਨਾਂ ਤੱਕ ਸੀਮਿਤ ਰਹਿ ਗਏ। ਅਰਬ ਲੀਗ ਦੀਆਂ ਕਈ ਮੀਟਿੰਗਾਂ ਹੋਈਆਂ, ਆਰਗੇਨਾਈਜ਼ੇਸ਼ਨ ਆਫ਼ ਇਸਲਾਮਿਕ ਕੋਪਰੇਸ਼ਨ (®93) ਨੇ ਵੱਡੇ-ਵੱਡੇ ਮਤੇ ਪਾਸ ਕੀਤੇ, ਪਰ ਗਜ਼ਾ ਖੇਤਰ ਦੀ ਬੇਰਹਿਮ ਤਬਾਹੀ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਰੋਕਣ ਲਈ ਕੋਈ ਵੀ ਸਾਂਝਾ, ਮਜ਼ਬੂਤ ਰਾਜਨੀਤਿਕ ਜਾਂ ਆਰਥਿਕ ਦਬਾਅ ਪੈਦਾ ਨਾ ਹੋ ਸਕਿਆ।

ਤੇਲ ਦੀ ਅਥਾਹ ਤਾਕਤ ਰੱਖਣ ਵਾਲੇ ਖਾੜੀ ਮੁਲਕ, ਜੋ ਜੇ ਚਾਹੁੰਦੇ ਤਾਂ ਆਪਣੀਆਂ ਨੀਤੀਆਂ ਨਾਲ ਪੂਰੀ ਦੁਨੀਆ ਦੀ ਅਰਥਵਿਵਸਥਾ ਨੂੰ ਹਿਲਾ ਸਕਦੇ ਸਨ, ਉਹ ਵੀ ਅਮਰੀਕੀ ਅਤੇ ਪੱਛਮੀ ਰਣਨੀਤਕ ਗਠਜੋੜਾਂ ਅਤੇ ਆਪਣੇ ਨਿੱਜੀ ਹਿੱਤਾਂ ਤੋਂ ਬਾਹਰ ਨਿਕਲਣ ਦੀ ਹਿੰਮਤ ਨਾ ਕਰ ਸਕੇ। ਪ੍ਰਸਿੱਧ ਫ਼ਲਸਤੀਨੀ-ਅਮਰੀਕੀ ਸਿਆਸੀ ਵਿਸ਼ਲੇਸ਼ਕ ਅਤੇ ਵਿਦਵਾਨ ਐਡਵਰਡ ਸਈਦ ਨੇ ਕਦੇ ਬਹੁਤ ਸਹੀ ਲਿਖਿਆ ਸੀ ਕਿ ਫ਼ਲਸਤੀਨ ਦਾ ਮਸਲਾ ਸਿਰਫ਼ ਜ਼ਮੀਨ ਦਾ ਇੱਕ ਟੁਕੜਾ ਹਾਸਲ ਕਰਨ ਦਾ ਮਸਲਾ ਨਹੀਂ, ਸਗੋਂ ਇਹ ਸਮੁੱਚੀ ਅਰਬ ਦੁਨੀਆ ਦੀ ਸਿਆਸੀ ਇਰਾਦਾ-ਸ਼ਕਤੀ ਦੀ ਸਭ ਤੋਂ ਵੱਡੀ ਕਸੌਟੀ ਵੀ ਹੈ। ਗਜ਼ਾ ਦੀ ਇਸ ਜੰਗ ਦੌਰਾਨ ਇਹ ਗੱਲ ਮੁੜ ਅੱਖਰ-ਅੱਖਰ ਸੱਚ ਸਾਬਤ ਹੋਈ, ਜਿੱਥੇ ਅਰਬ ਦੇਸ਼ਾਂ ਦੇ ਆਮ ਲੋਕ ਤਾਂ ਸੜਕਾਂ 'ਤੇ ਰੋਸ ਪ੍ਰਦਰਸ਼ਨ ਕਰ ਰਹੇ ਸਨ, ਪਰ ਉਨ੍ਹਾਂ ਦੀਆਂ ਹਕੂਮਤਾਂ ਆਪਣੇ ਸਵਾਰਥਾਂ ਲਈ ਇੱਕ ਗੂੜ੍ਹੀ ਰਣਨੀਤਕ ਖ਼ਾਮੋਸ਼ੀ ਵਿੱਚ ਡੁੱਬੀਆਂ ਹੋਈਆਂ ਸਨ। ਇਹ ਖ਼ਾਮੋਸ਼ੀ ਵੀ ਇਸ ਜੰਗ ਦੀ ਇੱਕ ਬੇਹੱਦ ਅਹਿਮ ਅਤੇ ਸ਼ਰਮਨਾਕ ਸਿਆਸੀ ਪਰਤ ਬਣ ਕੇ ਸਾਹਮਣੇ ਆਈ।

ਇਹ ਜੰਗ ਸਿਰਫ਼ ਆਧੁਨਿਕ ਗੋਲੀਆਂ, ਬੰਬਾਂ ਜਾਂ ਮਿਸਾਇਲਾਂ ਨਾਲ ਹੀ ਨਹੀਂ, ਬਲਕਿ ਭੁੱਖਮਰੀ ਵਰਗੇ ਅਣਮਨੁੱਖੀ ਹਥਿਆਰ ਨਾਲ ਵੀ ਲੜੀ ਗਈ। ਸਾਲ 2025 ਤੱਕ ਆਉਂਦੇ-ਆਉਂਦੇ ਗਜ਼ਾ ਖੇਤਰ ਵਿੱਚ ਭੁੱਖ ਨੂੰ ਇੱਕ ਯੁੱਧਨੀਤੀ ਵਜੋਂ ਵਰਤਿਆ ਗਿਆ। ਸੰਯੁਕਤ ਰਾਸ਼ਟਰ ਨੇ ਅਧਿਕਾਰਤ ਤੌਰ 'ਤੇ ਚੇਤਾਵਨੀ ਦਿੱਤੀ ਕਿ ਗਜ਼ਾ ਪੂਰੀ ਤਰ੍ਹਾਂ ਅਕਾਲ ਦੇ ਕਿਨਾਰੇ 'ਤੇ ਖੜ੍ਹਾ ਹੈ। ਮਾਸੂਮ ਲੋਕ ਖਾਣੇ ਦੇ ਪੈਕੇਟ ਅਤੇ ਰੋਟੀ ਵਾਸਤੇ ਲੰਮੀਆਂ ਲਾਈਨਾਂ ਵਿੱਚ ਖੜ੍ਹੇ-ਖੜ੍ਹੇ ਹੀ ਗੋਲੀਆਂ ਦੇ ਸ਼ਿਕਾਰ ਹੋ ਕੇ ਮਰ ਰਹੇ ਸਨ। ਸਹਾਇਤਾ ਕੇਂਦਰਾਂ ਕੋਲ ਬੇਸਹਾਰਾ ਲੋਕਾਂ 'ਤੇ ਸਿੱਧੀਆਂ ਗੋਲੀਆਂ ਚਲਾਈਆਂ ਜਾਂਦੀਆਂ ਸਨ।

ਉੱਥੋਂ ਦੇ ਇੱਕ 16 ਸਾਲਾ ਫ਼ਲਸਤੀਨੀ ਨੌਜਵਾਨ ਖਾਲਿਦ ਅਬੂ ਜਮਿਆ ਨੇ ਹੰਝੂਆਂ ਭਰੀਆਂ ਅੱਖਾਂ ਨਾਲ ਦੱਸਿਆ ਸੀ ਕਿ ਉਹ ਅਤੇ ਉਸ ਦੇ ਸਾਥੀ ਜਦੋਂ ਸਿਰਫ਼ ਖਾਣੇ ਦੀ ਖੋਜ ਵਿੱਚ ਬਾਹਰ ਗਏ ਸਨ, ਉਦੋਂ ਅਚਾਨਕ ਹੀ ਇਸਰਾਇਲੀ ਫ਼ੌਜ ਵੱਲੋਂ ਗੋਲੀਆਂ ਚੱਲਣ ਲੱਗੀਆਂ, ਜਿਨ੍ਹਾਂ ਦੀ ਲਪੇਟ ਵਿੱਚ ਆਉਣ ਨਾਲ ਉਸ ਦਾ ਪਿਆਰਾ ਦੋਸਤ ਨਾਦਰ ਮੌਕੇ 'ਤੇ ਹੀ ਮਾਰਿਆ ਗਿਆ। ਮਈ 2025 ਤੋਂ ਅਕਤੂਬਰ 2025 ਦੇ ਸਿਰਫ਼ ਛੇ ਮਹੀਨਿਆਂ ਦੇ ਅੰਦਰ, ਆਪਣੇ ਪਰਿਵਾਰ ਲਈ ਖਾਣਾ ਲੈਣ ਦੀ ਨਿਮਾਣੀ ਜਿਹੀ ਕੋਸ਼ਿਸ਼ ਕਰਦੇ ਹੋਏ 2,600 ਤੋਂ ਵੱਧ ਫ਼ਲਸਤੀਨੀ ਨਾਗਰਿਕ ਬੇਰਹਿਮੀ ਨਾਲ ਮਾਰੇ ਗਏ। ਇਹ ਸਿਰਫ਼ ਦੋ ਫ਼ੌਜਾਂ ਵਿਚਕਾਰ ਜੰਗ ਨਹੀਂ ਸੀ, ਬਲਕਿ ਇੱਕ ਨਿਹੱਥੀ ਆਬਾਦੀ ਨੂੰ ਦਿੱਤੀ ਜਾ ਰਹੀ ਇੱਕ ਯੋਜਨਾਬੱਧ ਸਮੂਹਿਕ ਸਜ਼ਾ ਸੀ।

ਜੇਕਰ ਸਮਾਜ ਸ਼ਾਸਤਰ ਅਤੇ ਰਾਜਨੀਤਿਕ ਅਰਥਸ਼ਾਸਤਰ ਦੀ ਨਜ਼ਰ ਨਾਲ ਡੂੰਘਾਈ ਵਿੱਚ ਵੇਖਿਆ ਜਾਵੇ, ਤਾਂ ਗਜ਼ਾ ਖੇਤਰ ਦੀ ਜੰਗ ਸਿਰਫ਼ ਇੱਕ ਰਵਾਇਤੀ ਫ਼ੌਜੀ ਹਮਲਾ ਨਹੀਂ ਸੀ, ਸਗੋਂ ਇਹ ਮਨੁੱਖੀ "ਜੀਵਨ ਦੀਆਂ ਸਭ ਤੋਂ ਬੁਨਿਆਦੀ ਸ਼ਰਤਾਂ" ਉੱਤੇ ਮੁਕੰਮਲ ਕਬਜ਼ਾ ਕਰਨ ਦੀ ਇੱਕ ਕਰੂਰ ਜੰਗ ਸੀ। ਪਾਣੀ, ਰੋਟੀ, ਦਵਾਈ, ਬਿਜਲੀ ਅਤੇ ਇੰਟਰਨੈੱਟ-ਸੰਚਾਰ ਪ੍ਰਣਾਲੀ ਉੱਤੇ ਪੂਰਨ ਕਾਬੂ ਹਾਸਲ ਕਰਕੇ, ਇੱਕ ਪੂਰੀ ਸਵੈ-ਅਭਿਮਾਨੀ ਆਬਾਦੀ ਨੂੰ ਮਨੋਵਿਗਿਆਨਕ, ਸਰੀਰਕ ਅਤੇ ਸਮਾਜਿਕ ਤੌਰ 'ਤੇ ਪੂਰੀ ਤਰ੍ਹਾਂ ਢਾਹੁਣ ਅਤੇ ਤੋੜਨ ਦੀ ਕੋਸ਼ਿਸ਼ ਕੀਤੀ ਗਈ। ਮਹਾਨ ਚਿੰਤਕ ਕਾਰਲ ਮਾਰਕਸ ਨੇ ਲਿਖਿਆ ਸੀ ਕਿ ਸਰਮਾਏਦਾਰੀ ਸਿਰਫ਼ ਮਜ਼ਦੂਰ ਦੀ ਮਿਹਨਤ ਉੱਤੇ ਹੀ ਨਹੀਂ, ਸਗੋਂ ਉਸ ਦੀ ਜ਼ਿੰਦਗੀ ਦੇ ਜਿਊਣ ਦੀਆਂ ਬੁਨਿਆਦੀ ਲੋੜਾਂ ਉੱਤੇ ਵੀ ਹੌਲੀ-ਹੌਲੀ ਕਬਜ਼ਾ ਕਰਦੀ ਹੈ। ਗਜ਼ਾ ਵਿੱਚ ਮਾਰਕਸ ਦਾ ਇਹ ਸਿਧਾਂਤ ਇੱਕ ਬਿਲਕੁਲ ਨਵੇਂ, ਨਿਰਦਈ ਅਤੇ ਭਿਆਨਕ ਰੂਪ ਵਿੱਚ ਸਾਹਮਣੇ ਆਇਆ। ਸੰਯੁਕਤ ਰਾਸ਼ਟਰ ਦੇ ਅੰਕੜਿਆਂ ਅਨੁਸਾਰ ਸਾਲ 2025 ਤੱਕ ਗਜ਼ਾ ਖੇਤਰ ਦੀ 90 ਫ਼ੀਸਦੀ ਤੋਂ ਵੱਧ ਆਬਾਦੀ ਪੂਰੀ ਤਰ੍ਹਾਂ ਬੇਘਰ ਹੋ ਚੁੱਕੀ ਸੀ। ਮਾਸੂਮ ਬੱਚਿਆਂ ਵਿੱਚ ਭੁੱਖ ਅਤੇ ਕੁਪੋਸ਼ਣ ਦੀ ਦਰ ਇਤਿਹਾਸ ਦੇ ਸਭ ਤੋਂ ਉੱਚੇ ਅਤੇ ਖ਼ਤਰਨਾਕ ਪੱਧਰ 'ਤੇ ਪਹੁੰਚ ਗਈ ਸੀ। ਹਸਪਤਾਲਾਂ ਦੀ ਹਾਲਤ ਇਹ ਸੀ ਕਿ ਉੱਥੇ ਬੇਹੋਸ਼ੀ ਦੀਆਂ ਬੁਨਿਆਦੀ ਦਵਾਈਆਂ ਤੱਕ ਖ਼ਤਮ ਹੋ ਚੁੱਕੀਆਂ ਸਨ ਅਤੇ ਮਜਬੂਰਨ ਡਾਕਟਰਾਂ ਨੂੰ ਬਿਨਾਂ ਸੁੰਨ ਕੀਤੇ ਹੀ ਮਾਸੂਮ ਬੱਚਿਆਂ ਦੇ ਅੰਗ ਕੱਟਣੇ ਪੈ ਰਹੇ ਸਨ। ਇਹ ਦ੍ਰਿਸ਼ ਸਿਰਫ਼ ਜੰਗ ਦੀ ਆਮ ਤਬਾਹੀ ਨਹੀਂ, ਸਗੋਂ ਇੱਕ ਯੋਜਨਾਬੱਧ ਸਮਾਜਿਕ ਟੁੱਟ-ਫੁੱਟ ਦੀ ਉਹ ਭਿਆਨਕ ਤਸਵੀਰ ਪੇਸ਼ ਕਰਦੇ ਹਨ, ਜਿੱਥੇ ਲੋਕਾਂ ਤੋਂ ਨਾ ਸਿਰਫ਼ ਉਨ੍ਹਾਂ ਦੀ ਪੁਰਖਿਆਂ ਦੀ ਜ਼ਮੀਨ, ਬਲਕਿ ਉਨ੍ਹਾਂ ਦੇ ਅੰਦਰੋਂ ਜਿਊਣ ਦੀ ਆਖਰੀ ਇੱਛਾ ਵੀ ਖੋਹ ਲੈਣ ਦੀ ਸਾਜ਼ਿਸ਼ ਰਚੀ ਗਈ। ਸੰਯੁਕਤ ਰਾਸ਼ਟਰ ਸੈਟਲਾਈਟ ਸੈਂਟਰ ਦੀ ਅਧਿਕਾਰਤ ਰਿਪੋਰਟ ਮੁਤਾਬਕ, ਅਕਤੂਬਰ 2025 ਤੱਕ ਗਜ਼ਾ ਖੇਤਰ ਦੀਆਂ ਲਗਭਗ 81 ਫ਼ੀਸਦੀ ਇਮਾਰਤਾਂ, ਘਰ ਅਤੇ ਬੁਨਿਆਦੀ ਢਾਂਚਾ ਪੂਰੀ ਤਰ੍ਹਾਂ ਤਬਾਹ ਜਾਂ ਬੁਰੀ ਤਰ੍ਹਾਂ ਨੁਕਸਾਨਗ੍ਰਸਤ ਹੋ ਚੁੱਕੇ ਸਨ। ਇਸ ਛੋਟੇ ਜਿਹੇ ਖੇਤਰ ਉੱਤੇ ਤਕਰੀਬਨ 200,000 ਟਨ ਤੋਂ ਵੱਧ ਆਧੁਨਿਕ ਧਮਾਕਾਖੇਜ਼ ਸਮੱਗਰੀ ਗਜ਼ਾ ਦੇ ਲੋਕਾਂ ਉੱਤੇ ਸੁੱਟੀ ਗਈ। ਇਹ ਦੂਜੇ ਵਿਸ਼ਵ ਯੁੱਧ ਤੋਂ ਬਾਅਦ ਮਨੁੱਖੀ ਇਤਿਹਾਸ ਵਿੱਚ ਸਭ ਤੋਂ ਭਿਆਨਕ ਸ਼ਹਿਰੀ ਤਬਾਹੀਆਂ ਵਿਚੋਂ ਇੱਕ ਸੀ। ਫ਼ਲਸਤੀਨ-ਗਜ਼ਾ ਵਿੱਚ ਸਕੂਲ, ਯੂਨੀਵਰਸਿਟੀਆਂ, ਹਸਪਤਾਲ, ਸਦੀਆਂ ਪੁਰਾਣੀਆਂ ਮਸਜਿਦਾਂ, ਸੰਯੁਕਤ ਰਾਸ਼ਟਰ ਦੇ ਸ਼ਰਨਾਰਥੀ ਕੈਂਪ ਅਤੇ ਪਾਣੀ ਦੇ ਸਾਫ਼ ਕਰਨ ਵਾਲੇ ਪਲਾਂਟ ਕੁਝ ਵੀ ਇਸਰਾਇਲੀ ਬੰਬਾਰੀ ਤੋਂ ਸੁਰੱਖਿਅਤ ਨਹੀਂ ਰਿਹਾ। ਇੱਥੋਂ ਤੱਕ ਕਿ ਇਸਰਾਇਲੀ ਰੱਖਿਆ ਮੰਤਰੀ ਇਜ਼ਰਾਈਲ ਕਾਟਜ਼ ਨੇ ਖੁਦ ਹੰਕਾਰ ਵਿੱਚ ਸੋਸ਼ਲ ਮੀਡੀਆ 'ਤੇ ਲਿਖਿਆ ਸੀ ਕਿ "ਗਜ਼ਾ ਸੜ ਰਿਹਾ ਹੈ।" ਇਹ ਸਿਰਫ਼ ਇੱਕ ਆਮ ਸਿਆਸੀ ਬਿਆਨ ਨਹੀਂ ਸੀ, ਬਲਕਿ ਇਹ ਉਸ ਕਰੂਰ ਨਸਲਕੁਸ਼ੀ ਮਨੋਵਿਗਿਆਨ ਦੀ ਸਿੱਧੀ ਝਲਕ ਸੀ, ਜਿਸ ਵਿੱਚ ਇੱਕ ਪੂਰੀ ਜਿਊਂਦੀ-ਜਾਗਦੀ ਆਬਾਦੀ ਨੂੰ ਸਿਰਫ਼ "ਦੁਸ਼ਮਣ ਖੇਤਰ" ਵਿੱਚ ਬਦਲ ਕੇ ਮਿਟਾ ਦੇਣਾ ਜਾਇਜ਼ ਮੰਨ ਲਿਆ ਜਾਂਦਾ ਹੈ।

(ਬਾਕੀ ਕੱਲ੍ਹ ਵਾਲੇ ਅੰਕ 'ਚ)

### ਯਾਦਗਾਰੀ ਬਣਿਆ ਲੈਸਟਰਸ਼ਾਇਰ ਦਾ ਵਿਸਾਖੀ ਸਮਾਗਮ

# ਕਲੱਬ ਵੱਲੋਂ ਵੱਖ-ਵੱਖ ਮੁੱਦਿਆਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਲਗਾਤਾਰ ਕੰਮ ਜਾਰੀ

## ਖਾਲਸਾ ਸਾਜਨਾ ਦਿਵਸ ਅਤੇ ਵਿਸਾਖੀ ਸਬੰਧੀ ਕਵਿਤਾਵਾਂ ਪੇਸ਼ ਕਰਨ ਵਾਲਿਆਂ ਵਿੱਚ ਪ੍ਰਸਿੱਧ ਲੇਖਕ ਰਣਧੀਰ ਸਿੰਘ ਸੰਭਾਲ (ਗੁਰਦੁਆਰਾ ਸ੍ਰੀ ਦਸਮੇਸ਼ ਸਾਹਿਬ, ਗਿਪਸੀ ਲੇਨ, ਲੈਸਟਰ), ਕੌਂਸਲਰ ਸੰਤੋਖ ਸਿੰਘ ਅਠਵਾਲ, ਕੇਹਰ ਸਿੰਘ, ਮਾਤਾ ਗੁਜਰ ਕੌਰ ਲਾਇਬ੍ਰੇਰੀ (ਗੁਰੂ ਤੇਗ ਬਹਾਦਰ ਗੁਰਦੁਆਰਾ) ਤੋਂ ਕੁਲਵਿੰਦਰ ਕੌਰ ਅਤੇ ਬਲਬੀਰ ਕੌਰ ਵੀ ਸ਼ਾਮਲ ਹੋਏ















**ਯਾਦਗਾਰੀ, 3 ਜੂਨ (ਆਵਾਜ਼ਿ ਕੌਮ ਬਿਊਰੋ)**-ਓਡਬੀ ਅਤੇ ਵਿਗਸਟਨ ਬਰੋ ਕੌਂਸਲ ਦੀ ਆਗੂ ਕੌਂਸਲਰ ਸਮੀਆ ਹਕ ਨੇ ਕਿਹਾ, "ਮੈਂ ਪਿਛਲੇ ਕਈ ਸਾਲਾਂ ਦੌਰਾਨ ਪੰਜਾਬੀ ਲਿਸਨਰਜ਼ ਕਲੱਬ ਵੱਲੋਂ ਗੁਰਦੁਆਰਿਆਂ, ਓਡਬੀ ਅਤੇ ਵਿਗਸਟਨ ਲਾਇਬ੍ਰੇਰੀਆਂ ਅਤੇ ਕਮਿਊਨਿਟੀ ਸੈਂਟਰਾਂ ਵਿੱਚ ਆਯੋਜਿਤ ਅਨੇਕਾਂ ਮਹੱਤਵਪੂਰਨ ਸਮਾਗਮਾਂ ਵਿੱਚ ਸ਼ਮੂਲੀਅਤ ਕੀਤੀ ਹੈ। ਕਲੱਬ ਸਾਡੀ ਕਮਿਊਨਿਟੀ ਨੂੰ ਪ੍ਰਭਾਵਿਤ ਕਰਨ ਵਾਲੇ ਵੱਖ-ਵੱਖ ਮੁੱਦਿਆਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਲਗਾਤਾਰ ਕੰਮ ਕਰ ਰਿਹਾ ਹੈ। ਇਸ ਵਿੱਚ 'ਆਪਣੀ ਸਿਹਤ ਦਾ ਧਿਆਨ ਰੱਖੋ' ਪ੍ਰੋਗਰਾਮ, ਭਾਰਤ ਦੀ ਵੰਡ ਬਾਰੇ ਸਮਾਗਮ ਅਤੇ ਨੌਜਵਾਨ ਪੀੜ੍ਹੀ ਲਈ ਦਸਤਾਰ ਸਜਾਉਣ ਅਤੇ ਪੰਜਾਬੀ ਲਿਖਣ ਦੇ ਮੁਕਾਬਲੇ ਸ਼ਾਮਲ ਹਨ।"

ਭਾਰਤ ਦੇ ਪੰਜਾਬ ਅਤੇ ਕੈਨੇਡਾ ਤੋਂ ਪੰਜਾਬੀ ਅਤੇ ਅੰਗਰੇਜ਼ੀ ਵਿੱਚ ਪ੍ਰਕਾਸ਼ਿਤ ਡੇਲੀ ਪੰਜਾਬ ਟਾਈਮਜ਼ ਅਖਬਾਰ ਸਮੂਹ ਦੇ ਸੀਨੀਅਰ ਪੱਤਰਕਾਰ ਅਤੇ ਸੰਪਾਦਕ ਬਲਜੀਤ ਸਿੰਘ ਬਰਾੜ, ਜੋ ਖਾਸ ਤੌਰ 'ਤੇ ਇਸ ਵਿਸਾਖੀ ਸਮਾਗਮ ਵਿੱਚ ਸ਼ਿਰਕਤ ਕਰਨ ਲਈ ਭਾਰਤ ਤੋਂ ਪਹੁੰਚੇ ਸਨ, ਨੇ ਕਿਹਾ, "ਇੰਨੇ ਉੱਚ ਕੋਟੀ ਦੇ ਮਾਣਯੋਗ ਮਹਿਮਾਨਾਂ ਦੀ ਹਾਜ਼ਰੀ ਵਿੱਚ ਸ਼ਾਮਲ ਹੋਣਾ ਮੇਰੇ ਲਈ ਮਾਣ ਵਾਲੀ ਗੱਲ ਹੈ। ਇਸ ਲਈ ਤਰਲੋਚਨ ਸਿੰਘ ਵਿਰਕ ਅਤੇ ਪੰਜਾਬੀ ਲਿਸਨਰਜ਼ ਕਲੱਬ ਦੀ ਪੂਰੀ ਟੀਮ ਵਧਾਈ ਦੀ ਹੱਕਦਾਰ ਹੈ।"

ਸਮਾਗਮ ਨੂੰ ਸੰਬੋਧਨ ਕਰਦਿਆਂ ਡਵਿੰਦਰ ਸਿੰਘ ਢੇਸੀ LLR ਨੇ ਕਿਹਾ: "ਵਿਸਾਖੀ ਸਮਾਗਮ ਵਿੱਚ ਸ਼ਾਮਲ ਹੋਣਾ ਬਹੁਤ ਹੀ ਖੁਸ਼ੀ ਦੀ ਗੱਲ ਸੀ। ਆਯੋਜਕਾਂ ਵੱਲੋਂ ਸਿੱਖ ਰਾਜ ਦੇ ਸ਼ਾਨਦਾਰ ਯੁੱਗ ਨੂੰ ਦਰਸਾਉਂਦੀ ਇੱਕ ਪ੍ਰਭਾਵਸ਼ਾਲੀ ਪ੍ਰਦਰਸ਼ਨੀ ਲਗਾਈ ਗਈ ਸੀ। ਮਹਾਰਾਜਾ ਰਣਜੀਤ ਸਿੰਘ ਦੇ ਰਾਜ ਦੌਰਾਨ ਬਹੁਤ ਸਾਰੀਆਂ ਮਹੱਤਵਪੂਰਨ ਪ੍ਰਾਪਤੀਆਂ ਹੋਈਆਂ। ਉਸ ਸਮੇਂ ਹਰ ਧਰਮ ਦੇ ਲੋਕਾਂ ਨੂੰ ਆਪਣੇ ਧਰਮ ਦੀ ਖੁੱਲ੍ਹੇ ਦਿਲ ਨਾਲ ਪਾਲਣਾ ਕਰਨ ਦੀ ਆਜ਼ਾਦੀ ਸੀ ਅਤੇ ਕਿਸੇ ਨੂੰ ਵੀ ਮੌਤ ਦੀ ਸਜ਼ਾ ਨਹੀਂ ਦਿੱਤੀ ਗਈ। ਮਹਾਰਾਜਾ ਰਣਜੀਤ ਸਿੰਘ ਨੇ ਹਿੰਦੂਆਂ, ਸਿੱਖਾਂ ਅਤੇ ਮੁਸਲਮਾਨਾਂ ਲਈ ਧਾਰਮਿਕ ਸਥਾਨਾਂ ਦੀ ਉਸਾਰੀ ਕਰਵਾਈ। ਉਹ ਪੂਰੀ ਤਰ੍ਹਾਂ ਸਮਾਵੇਸ਼ੀ ਸੋਚ ਰੱਖਦੇ ਸਨ ਅਤੇ ਹਰ ਧਰਮ ਅਤੇ ਨਸਲੀ ਪਿਛੋਕੜ ਦੇ ਲੋਕਾਂ ਨੂੰ ਆਪਣੀ ਪ੍ਰਸ਼ਾਸਨਿਕ ਟੀਮ ਅਤੇ ਫੌਜ ਵਿੱਚ ਉੱਚ ਅਹੁਦਿਆਂ ਤੱਕ ਸੇਵਾ ਕਰਨ ਦੇ ਮੌਕੇ ਦਿੱਤੇ ਜਾਂਦੇ ਸਨ। ਉਨ੍ਹਾਂ ਦੇ ਸਲਾਹਕਾਰਾਂ ਵਿੱਚ ਵੀ ਵੱਖ-ਵੱਖ ਧਰਮਾਂ ਦੇ ਲੋਕ ਸ਼ਾਮਲ ਸਨ। ਮਹਾਰਾਜਾ ਰਣਜੀਤ ਸਿੰਘ ਦੀ ਧੀ ਰਾਜਕੁਮਾਰੀ ਸੋਫੀਆ ਦੂਲੀਪ ਸਿੰਘ ਨੇ ਬ੍ਰਿਟੇਨ ਦੇ ਔਰਤਾਂ ਦੇ ਵੋਟ ਦੇ ਅਧਿਕਾਰ ਅੰਦੋਲਨ (ਸਫਰਜੇਟ ਮੂਵਮੈਂਟ) ਵਿੱਚ ਮਹੱਤਵਪੂਰਨ ਯੋਗਦਾਨ ਪਾਇਆ, ਜਿਸ ਦੇ ਨਤੀਜੇ ਵਜੋਂ ਇੰਗਲੈਂਡ ਅਤੇ ਯੂਨਾਈਟਿਡ ਕਿੰਗਡਮ ਵਿੱਚ ਔਰਤਾਂ ਨੂੰ ਵੋਟ ਦਾ ਅਧਿਕਾਰ ਮਿਲਿਆ।" ਸਿੱਖ ਫੈਡਰੇਸ਼ਨ ਯੂਕੇ ਦੇ ਜਸਪਾਲ ਸਿੰਘ ਕੰਗ ਅਤੇ ਗੁਰੂ ਤੇਗ ਬਹਾਦਰ ਗੁਰਦੁਆਰਾ ਸਾਹਿਬ ਦੇ ਸਾਬਕਾ ਸਟੇਜ ਸਕੱਤਰ ਨੇ ਪੰਜਾਬੀ ਸੈਸ਼ਨ ਦੀ ਸਟੇਜ ਸੰਭਾਲੀ। ਉਨ੍ਹਾਂ ਨੇ ਜਥੇਦਾਰ ਮੋਹਿੰਦਰ ਸਿੰਘ ਖੇੜਾ (ਯੂਕੇ) ਦੀ ਕਵਿਤਾ ਵੀ ਪੜ੍ਹੀ। ਖਾਲਸਾ ਸਾਜਨਾ ਦਿਵਸ ਅਤੇ ਵਿਸਾਖੀ ਸਬੰਧੀ ਕਵਿਤਾਵਾਂ ਪੇਸ਼ ਕਰਨ ਵਾਲਿਆਂ ਵਿੱਚ ਪ੍ਰਸਿੱਧ ਲੇਖਕ ਰਣਧੀਰ ਸਿੰਘ ਸੰਭਾਲ (ਗੁਰਦੁਆਰਾ ਸ੍ਰੀ ਦਸਮੇਸ਼ ਸਾਹਿਬ, ਗਿਪਸੀ ਲੇਨ, ਲੈਸਟਰ), ਕੌਂਸਲਰ ਸੰਤੋਖ ਸਿੰਘ ਅਠਵਾਲ, ਕੇਹਰ ਸਿੰਘ, ਮਾਤਾ ਗੁਜਰ ਕੌਰ ਲਾਇਬ੍ਰੇਰੀ (ਗੁਰੂ ਤੇਗ ਬਹਾਦਰ ਗੁਰਦੁਆਰਾ) ਤੋਂ ਕੁਲਵਿੰਦਰ ਕੌਰ ਅਤੇ ਬਲਬੀਰ ਕੌਰ ਵੀ ਸ਼ਾਮਲ ਸਨ।

ਆਵਾਜ਼ਿ ਕੌਮ
AWAZE QAUM
International Newspaper & WEB TV

ਪੰਜਾਬੀ ਲਿਸਨਰਜ਼ ਕਲੱਬ ਦੀ ਸਥਾਪਨਾ 9 ਸਤੰਬਰ 1995 ਨੂੰ ਬੀਬੀਸੀ ਰੇਡੀਓ ਲੈਸਟਰ ਦੇ ਪੰਜਾਬੀ ਪ੍ਰੋਗਰਾਮ ਦੀ ਤੀਜੀ ਵਰ੍ਹੇਗੰਢ ਮੌਕੇ ਕੀਤੀ ਗਈ ਸੀ। ਕਲੱਬ ਪੰਜਾਬੀ ਭਾਸ਼ਾ, ਸੱਭਿਆਚਾਰ ਅਤੇ ਸਿੱਖ ਧਰਮ ਦੇ ਪ੍ਰਚਾਰ ਲਈ ਕੰਮ ਕਰਦਾ ਹੈ।

ਸਤੰਬਰ 2025 ਵਿੱਚ ਕਲੱਬ ਨੇ ਆਪਣੀ 30ਵੀਂ ਵਰ੍ਹੇਗੰਢ ਮਨਾਈ। ਇਸ ਦੌਰਾਨ ਕਲੱਬ ਨੇ ਯੂਕੇ ਦੀਆਂ ਰਜਿਸਟਰਡ ਚੈਰਿਟੀਆਂ ਜਿਵੇਂ ਕਿ Children in Need, WishesDKids, British Heart Foundation, Cancer Charities, Khalsa Aid ਅਤੇ ਵੱਖ-ਵੱਖ ਲਾਰਡ ਮੇਅਰ ਚੈਰਿਟੀਆਂ ਲਈ ਹਜ਼ਾਰਾਂ ਪੌਂਡ ਇਕੱਠੇ ਕੀਤੇ ਹਨ।

ਬਾਬਾ ਬੰਦਾ ਸਿੰਘ ਬਹਾਦਰ ਨੇ 1710 ਵਿੱਚ ਪਹਿਲੇ ਸਿੱਖ ਰਾਜ ਦੀ ਸਥਾਪਨਾ ਕੀਤੀ ਸੀ। ਉਨ੍ਹਾਂ ਨੇ ਮਹਾਰਾਸ਼ਟਰ ਦੇ ਨਾਂਦੇੜ ਵਿਖੇ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਤੋਂ ਅੰਮ੍ਰਿਤ ਛਕਿਆ ਸੀ। ਬੰਦਾ ਸਿੰਘ ਬਹਾਦਰ ਨੇ ਜ਼ਮੀਨਦਾਰੀ ਪ੍ਰਥਾ ਨੂੰ ਖਤਮ ਕਰਕੇ ਖੇਤੀ ਕਰਨ ਵਾਲਿਆਂ ਨੂੰ ਜ਼ਮੀਨ ਦੇ ਅਧਿਕਾਰ ਦਿੱਤੇ।

ਮਹਾਰਾਜਾ ਰਣਜੀਤ ਸਿੰਘ ਦੇ ਸਮੇਂ ਸਿੱਖ ਸਾਮਰਾਜ ਅਫ਼ਗਾਨਿਸਤਾਨ ਤੋਂ ਲੈ ਕੇ ਦਿੱਲੀ ਤੱਕ ਫੈਲਿਆ ਹੋਇਆ ਸੀ, ਪਰ 1947 ਵਿੱਚ ਇਸ ਦੀ ਵਿਰਾਸਤ ਭਾਰਤ ਅਤੇ ਪਾਕਿਸਤਾਨ ਵਿਚਕਾਰ ਵੰਡ ਦਿੱਤੀ ਗਈ।

ਪੰਜਾਬੀ ਲਿਸਨਰਜ਼ ਕਲੱਬ ਦੀ ਨਵੀਂ ਪਹਿਲ 'ਵਿਸਾਖੀ ਸਮਾਗਮ ਅਤੇ ਸਿੱਖ ਸਾਮਰਾਜ ਪ੍ਰਦਰਸ਼ਨੀ', ਜੋ ਬਾਬਾ ਬੰਦਾ ਸਿੰਘ ਬਹਾਦਰ ਤੋਂ ਮਹਾਰਾਜਾ ਰਣਜੀਤ ਸਿੰਘ ਜੀ ਤੱਕ ਦੇ ਇਤਿਹਾਸ ਨੂੰ ਦਰਸਾਉਂਦੀ ਹੈ, ਖ਼ਾਸ ਤੌਰ 'ਤੇ ਸ਼ਲਾਘਾਯੋਗ ਹੈ। ਇਹ ਇੱਕ ਮਜ਼ਬੂਤ ਪ੍ਰਸ਼ਾਸਨ ਅਤੇ ਸਦੀਵੀ ਵਿਰਾਸਤ ਦੀ ਸਥਾਪਨਾ ਨੂੰ ਉਜਾਗਰ ਕਰਦੀ ਹੈ। ਮੈਂ ਇਸ ਸਮਾਗਮ ਦੀ ਸਫਲਤਾ ਲਈ ਆਪਣੀਆਂ ਸ਼ੁਭਕਾਮਨਾਵਾਂ ਭੇਟ ਕਰਦਾ ਹਾਂ।"

— ਪ੍ਰੋ. (ਡਾ.) ਜਗਤਾਰ ਸਿੰਘ ਧੀਮਾਨ

ਵਾਈਸ ਚਾਂਸਲਰ, ਗੁਰੂ ਕਾਸ਼ੀ ਯੂਨੀਵਰਸਿਟੀ, ਤਲਵੰਡੀ ਸਾਬੋ, ਬਠਿੰਡਾ, ਪੰਜਾਬ

ਰੰਗ ਭਰਨ ਮੁਕਾਬਲੇ ਦਾ ਜੇਤੂ ਓਡਬੀ ਪੰਜਾਬੀ ਸਕੂਲ ਦਾ ਵਿਦਿਆਰਥੀ ਜੁਗਰਾਜ ਸਿੰਘ ਕੰਗ ਬਣਿਆ। ਉਸ ਨੂੰ ਲਾਰਡ ਲੈ

ਨੈਂਟ ਮਾਈਕ ਕਪੂਰ ਅਤੇ ਲੈਸਟਰਸ਼ਾਇਰ ਕਾਊਂਟੀ ਕੌਂਸਲ ਦੀ ਚੇਅਰਮੈਨ ਲਿੰਡਾ ਡੈਂਕਸ ਵੱਲੋਂ ਚਾਰ ਕਿਤਾਬਾਂ ਭੇਟ ਕੀਤੀਆਂ ਗਈਆਂ।

ਮੁੱਖ ਮਹਿਮਾਨ ਲਾਰਡ ਲੈਫਟਿਨੈਂਟ ਮਾਈਕ ਕਪੂਰ OBE CStJ ਨੂੰ ਸ੍ਰੀ ਹਰਿਮੰਦਰ ਸਾਹਿਬ (ਸ੍ਰੀ ਦਰਬਾਰ ਸਾਹਿਬ) ਦਾ ਇੱਕ ਮਾਡਲ ਭੇਟ ਕੀਤਾ ਗਿਆ।

ਲਿੰਡਾ ਡੈਂਕਸ ਨੂੰ 1832 ਦੇ ਹਰਿਮੰਦਰ ਸਾਹਿਬ ਦੀ ਫਰੇਮ ਕੀਤੀ ਤਸਵੀਰ, ਲਾਰਡ ਮੇਅਰ ਕੁਲਵਿੰਦਰ ਸਿੰਘ ਜੋਹਲ ਨੂੰ ਮਹਾਰਾਜਾ ਰਣਜੀਤ ਸਿੰਘ ਦੇ ਦਰਬਾਰ ਦੀ ਫਰੇਮ ਕੀਤੀ ਤਸਵੀਰ, ਸਮੀਆ ਹਕ ਨੂੰ ਇੱਕ ਟਰਾਫੀ ਅਤੇ ਬਲਜੀਤ ਸਿੰਘ ਬਰਾੜ ਨੂੰ ਕਲਮ ਦੀ ਟਰਾਫੀ ਅਤੇ ਬਾਬਾ ਬੰਦਾ ਸਿੰਘ ਬਹਾਦਰ ਦੀ ਫਰੇਮ ਕੀਤੀ ਤਸਵੀਰ ਭੇਟ ਕੀਤੀ ਗਈ।

ਸਮਾਗਮ ਦੌਰਾਨ £171 ਦੀ ਰਕਮ ਲਾਰਡ ਮੇਅਰ ਦੀਆਂ ਚੈਰਿਟੀਆਂ — ਮਿਡਲੈਂਡ ਲੰਗਰ ਸੇਵਾ ਸੋਸਾਇਟੀ ਅਤੇ ਲੈਸਟਰ ਹਸਪਤਾਲ ਚੈਰਿਟੀਆਂ — ਲਈ ਇਕੱਠੀ ਕੀਤੀ ਗਈ।

ਗੁਰੂ ਨਾਨਕ ਗੁਰਦੁਆਰਾ ਸਾਹਿਬ ਅਤੇ ਗੁਰੂ ਤੇਗ ਬਹਾਦਰ ਗੁਰਦੁਆਰਾ ਸਾਹਿਬ ਵਿੱਚ ਪਹਿਲਾਂ ਤੋਂ ਤਹਿ ਕੀਤੇ ਵਿਸ਼ਾਲ ਪ੍ਰੋਗਰਾਮਾਂ ਕਾਰਨ ਦੋਵੇਂ ਸੰਸਥਾਵਾਂ ਦੇ ਪ੍ਰਧਾਨ ਅਜਮੇਰ ਸਿੰਘ ਬਸਰਾ ਅਤੇ ਗੁਰਨਾਮ ਸਿੰਘ ਰਾਏ ਸਮਾਗਮ ਵਿੱਚ ਸ਼ਾਮਲ ਨਹੀਂ ਹੋ ਸਕੇ। ਉਨ੍ਹਾਂ ਨੇ ਖਾਲਸਾ ਸਾਜਨਾ ਦਿਵਸ ਦੀਆਂ ਵਧਾਈਆਂ ਅਤੇ ਆਪਣੀਆਂ ਸ਼ੁਭਕਾਮਨਾਵਾਂ ਭੇਜੀਆਂ।

ਪੰਥਕ ਸੇਵਾਦਾਰ ਅਤੇ ਲੇਖਕ ਜਸਪਾਲ ਸਿੰਘ ਬੈਂਸ, ਜੋ ਆਪਣੀ ਨਵੀਂ ਕਿਤਾਬ "ਖਾਲਸਾ ਫਰੀਡਮ ਚਾਰਟਰ" ਜਾਰੀ ਕਰਨ ਵਾਲੇ ਸਨ, ਤਰਲੋਚਨ ਸਿੰਘ ਚੰਨ ਜੰਡਾਲਵੀ (ਜਿਨ੍ਹਾਂ ਨੇ ਪੰਜਾਬੀ ਵਿੱਚ 22 ਕਿਤਾਬਾਂ ਲਿਖੀਆਂ ਹਨ) ਅਤੇ ਗੁਰਪ੍ਰੀਤ ਕੌਰ (ਬੀਬੀਸੀ ਰੇਡੀਓ ਲੈਸਟਰ ਪੰਜਾਬੀ ਪ੍ਰੋਗਰਾਮ ਪੇਸ਼ਕਾਰਾ 1992-2012) ਵੀ ਅਟੱਲ ਕਾਰਨਾਂ ਕਰਕੇ ਹਾਜ਼ਰ ਨਹੀਂ ਹੋ ਸਕੇ। ਉਨ੍ਹਾਂ ਨੇ ਆਪਣੀਆਂ ਸ਼ੁਭਕਾਮਨਾਵਾਂ ਭੇਜੀਆਂ।

ਆਯੋਜਕਾਂ ਦੀ ਓਰੋਂ ਪੰਜਾਬੀ ਲਿਸਨਰਜ਼ ਕਲੱਬ ਦੇ ਕੋਆਰਡੀਨੇਟਰ ਤਰਲੋਚਨ ਸਿੰਘ ਵਿਰਕ ਨੇ ਗੁਰਦੁਆਰਾ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ, ਓਡਬੀ, ਲੈਸਟਰਸ਼ਾਇਰ ਕੌਂਸਲ ਦੇ ਲੈਫਟਿਨੈਂਸੀ ਦਫ਼ਤਰ, ਲਾਰਡ ਮੇਅਰ ਦੇ ਦਫ਼ਤਰ, ਸਾਰੇ ਮਹਿਮਾਨਾਂ, ਲਾਰਡ ਮੇਅਰ ਦੀਆਂ ਚੈਰਿਟੀਆਂ ਲਈ ਦਾਨ ਦੇਣ ਵਾਲਿਆਂ, ਸਾਬਕਾ ਚੇਅਰਮੈਨ ਡਾ. ਕੇਵਿਨ ਫੈਲਥਮ ਅਤੇ ਕਿਬਵਰਥ ਵਿਲੇਜ ਹਾਲ ਦੀ ਜੋਸੀ ਦਾ ਦਿਲੋਂ ਧੰਨਵਾਦ ਕੀਤਾ, ਜਿਨ੍ਹਾਂ ਦੇ ਸਹਿਯੋਗ ਨਾਲ ਇਹ ਵਿਸਾਖੀ ਸਮਾਗਮ ਸਫਲ ਅਤੇ ਯਾਦਗਾਰ ਬਣਿਆ। ••

### ਯਾਦਗਾਰੀ ਬਣਿਆ ਲੈਸਟਰਸ਼ਾਇਰ ਦਾ ਵਿਸਾਖੀ ਸਮਾਗਮ

# ਕਲੱਬ ਵੱਲੋਂ ਵੱਖ-ਵੱਖ ਮੁੱਦਿਆਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਲਗਾਤਾਰ ਕੰਮ ਜਾਰੀ

**ਖਾਲਸਾ ਸਾਜਨਾ ਦਿਵਸ ਅਤੇ ਵਿਸਾਖੀ ਸਬੰਧੀ ਕਵਿਤਾਵਾਂ ਪੇਸ਼ ਕਰਨ ਵਾਲਿਆਂ ਵਿੱਚ ਪ੍ਰਸਿੱਧ ਲੇਖਕ ਰਣਧੀਰ ਸਿੰਘ ਸੰਭਾਲ (ਗੁਰਦੁਆਰਾ ਸ੍ਰੀ ਦਸਮੇਸ਼ ਸਾਹਿਬ, ਗਿਪਸੀ ਲੇਨ, ਲੈਸਟਰ), ਕੌਂਸਲਰ ਸੰਤੋਖ ਸਿੰਘ ਅਠਵਾਲ, ਕੇਹਰ ਸਿੰਘ, ਮਾਤਾ ਗੁਜਰ ਕੌਰ ਲਾਇਬ੍ਰੇਰੀ (ਗੁਰੂ ਤੇਗ ਬਹਾਦਰ ਗੁਰਦੁਆਰਾ) ਤੋਂ ਕੁਲਵਿੰਦਰ ਕੌਰ ਅਤੇ ਬਲਬੀਰ ਕੌਰ ਵੀ ਸ਼ਾਮਲ ਹੋਏ**

















ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਯਾਦਗਾਰੀ ਬਣਿਆ ਲੈਸਟਰਸ਼ਾਇਰ ਦਾ ਵਿਸਾਖੀ ਸਮਾਗਮ

# ਕਲੱਬ ਵੱਲੋਂ ਵੱਖ-ਵੱਖ ਮੁੱਦਿਆਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਲਗਾਤਾਰ ਕੰਮ ਜਾਰੀ

**ਖਾਲਸਾ ਸਾਜਨਾ ਦਿਵਸ ਅਤੇ ਵਿਸਾਖੀ ਸਬੰਧੀ ਕਵਿਤਾਵਾਂ ਪੇਸ਼ ਕਰਨ ਵਾਲਿਆਂ ਵਿੱਚ ਪ੍ਰਸਿੱਧ ਲੇਖਕ ਰਣਧੀਰ ਸਿੰਘ ਸੰਭਾਲ (ਗੁਰਦੁਆਰਾ ਸ੍ਰੀ ਦਸਮੇਸ਼ ਸਾਹਿਬ, ਗਿਪਸੀ ਲੇਨ, ਲੈਸਟਰ), ਕੌਂਸਲਰ ਸੰਤੋਖ ਸਿੰਘ ਅਠਵਾਲ, ਕੇਹਰ ਸਿੰਘ, ਮਾਤਾ ਗੁਜਰ ਕੌਰ ਲਾਇਬ੍ਰੇਰੀ (ਗੁਰੂ ਤੇਗ ਬਹਾਦਰ ਗੁਰਦੁਆਰਾ) ਤੋਂ ਕੁਲਵਿੰਦਰ ਕੌਰ ਅਤੇ ਬਲਬੀਰ ਕੌਰ ਵੀ ਸ਼ਾਮਲ ਹੋਏ**

















ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243